PAIGAM-E-JAGAT

# ਪੈਗਾਮ-ਏ-ਜਗਤ

Title code : CHAMUL00914 | E-mail : Info@paigamejagat.com | ਐਤਵਾਰ, 18 ਅਕਤੂਬਰ 2026, ਸਾਲ-4, ਅੰਕ-11, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਕੱਲ੍ਹ ਕਦੇ ਨਹੀਂ ਆਉਂਦਾ। ਜਦੋਂ ਵੀ ਆਉਂਦਾ ਹੈ, ਇਹ ਅੱਜ ਆਉਂਦਾ ਹੈ। ਕੱਲ੍ਹ ਵੀ ਅੱਜ ਹੀ ਆਵੇਗਾ।

- ਓਸ਼ੋ ਰਜਨੀਸ਼

ਪੰਜ ਕਰੋੜ ਰਿਸ਼ਵਤ ਮਾਮਲਾ

## ਈ.ਡੀ. ਨੇ ਅਮਰਦੀਪ ਸਿੰਘ ਗਰੇਵਾਲ ਨੂੰ ਹਿਰਾਸਤ 'ਚ ਲਿਆ

- ਜਬਰ-ਜਨਾਹ ਦਾ ਕੇਸ ਖ਼ਤਮ ਕਰਵਾਉਣ ਬਦਲੇ 5 ਕਰੋੜ ਮੰਗਣ ਦਾ ਹੈ ਦੋਸ਼



ਚੰਡੀਗੜ੍ਹ, 17 ਅਕਤੂਬਰ (ਪੈਗਾਮ-ਏ-ਜਗਤ)

ਪੰਜਾਬ ਵਿੱਚ ਤਬਾਦਲਿਆਂ ਨਾਲ ਸਬੰਧਤ 5 ਕਰੋੜ ਰੁਪਏ ਦੀ ਕਥਿਤ ਰਿਸ਼ਵਤ ਦੇ ਮਾਮਲੇ ਵਿੱਚ ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਵੱਲੋਂ ਅਮਰਦੀਪ ਸਿੰਘ ਗਰੇਵਾਲ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਅਮਰਦੀਪ ਗਰੇਵਾਲ ਨੂੰ ਕੈਨੇਡਾ ਤੋਂ ਭਾਰਤ ਪਰਤਣ ਮਗਰੋਂ ਦਿੱਲੀ ਦੇ ਇੰਦਰਾ ਗਾਂਧੀ ਕੌਮਾਂਤਰੀ ਹਵਾਈ ਅੱਡੇ ਤੋਂ ਹਿਰਾਸਤ ਵਿੱਚ ਲਿਆ ਗਿਆ। ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਕਰੀਬੀ ਦੱਸਿਆ ਜਾ ਰਿਹਾ ਹੈ।

ਦੱਸਣਯੋਗ ਹੈ ਕਿ ਅਮਰਦੀਪ ਸਿੰਘ ਗਰੇਵਾਲ ਪੰਜਾਬੀ ਫ਼ਿਲਮ ਜਗਤ ਦੀ ਇੱਕ ਜਾਣੀ-ਪਛਾਣੀ ਹਸਤੀ ਹੈ ਅਤੇ ਉਹ 'ਮੈਸਰਜ਼ ਈਸਟ ਸਨਸ਼ਾਈਨ ਪ੍ਰੋਡਕਸ਼ਨ ਪ੍ਰਾਈਵੇਟ ਲਿਮਟਿਡ' ਨਾਲ ਜੁੜੇ ਹੋਏ ਹਨ। ਗਰੇਵਾਲ ਦੇ ਵਿਦੇਸ਼ਾਂ ਵਿੱਚ ਫ਼ਿਲਮ ਨਿਰਮਾਣ ਅਤੇ ਰਿਲੀਜ਼ ਨਾਲ ਸਬੰਧਿਤ ਕਾਰੋਬਾਰੀ ਸੰਪਰਕ ਹਨ ਅਤੇ ਉਹ ਕਈ ਪੰਜਾਬੀ ਫ਼ਿਲਮਾਂ ਨਾਲ ਜੁੜੇ ਰਹੇ ਹਨ ਜਿਸ ਮਾਮਲੇ 'ਚ ਗਰੇਵਾਲ ਨੂੰ ਤਲਬ ਕੀਤਾ ਗਿਆ ਹੈ, ਉਸ 'ਚ ਮੁੱਖ ਮੰਤਰੀ ਦੀ ਪਤਨੀ ਦਾ ਨਾਂ ਵੀ ਸਾਹਮਣੇ ਆਇਆ ਸੀ।

ਜਾਣਕਾਰੀ ਅਨੁਸਾਰ ਈਡੀ ਨੇ ਗਰੇਵਾਲ ਨੂੰ ਮਾਮਲੇ ਵਿੱਚ ਪੁੱਛਗਿੱਛ ਲਈ ਹਿਰਾਸਤ ਵਿੱਚ ਲਿਆ ਅਤੇ ਉਨ੍ਹਾਂ ਨੂੰ ਜਾਂਚ ਏਜੰਸੀ ਦੇ ਦਫ਼ਤਰ ਲਿਜਾਇਆ ਗਿਆ। ਦਾਅਵਾ ਕੀਤਾ ਗਿਆ ਹੈ ਕਿ ਉਨ੍ਹਾਂ (ਬਾਕੀ ਸਫ਼ਾ 2 'ਤੇ)

ਇੰਟਰਨੈੱਟ ਦੀ ਵਰਤੋਂ ਹਰ ਇੱਕ ਦਾ ਮੌਲਿਕ ਅਧਿਕਾਰ

## ਬੱਚਿਆਂ ਨੂੰ ਇਸ ਤੋਂ ਪੂਰੀ ਤਰ੍ਹਾਂ ਦੂਰ ਨਹੀਂ ਰੱਖ ਸਕਦੇ : ਸੁਪਰੀਮ ਕੋਰਟ

- ਬੱਚਿਆਂ ਦੀ ਸੁਰੱਖਿਆ ਦੇ ਨਾਂ 'ਤੇ ਇੰਟਰਨੈੱਟ 'ਤੇ ਪੂਰੀ ਪਾਬੰਦੀ ਲਾਉਣ ਦੇ ਹੱਕ ਵਿੱਚ ਨਹੀਂ ਸਰਵਉਚ ਅਦਾਲਤ

ਚੰਡੀਗੜ੍ਹ, 17 ਅਕਤੂਬਰ (ਪੈਗਾਮ-ਏ-ਜਗਤ)

ਸੁਪਰੀਮ ਕੋਰਟ ਨੇ ਕਿਹਾ ਹੈ ਕਿ ਇੰਟਰਨੈੱਟ ਦੀ ਵਰਤੋਂ ਕਰਨਾ ਹਰ ਵਿਅਕਤੀ ਦਾ ਮੌਲਿਕ ਅਧਿਕਾਰ ਹੈ। ਅਦਾਲਤ ਨੇ ਸਪਸ਼ਟ ਕੀਤਾ ਕਿ ਬੱਚਿਆਂ ਨੂੰ ਆਨਲਾਈਨ ਖ਼ਤਰਿਆਂ ਤੋਂ ਬਚਾਉਣ ਦੇ ਨਾਂ 'ਤੇ ਉਨ੍ਹਾਂ ਨੂੰ ਇੰਟਰਨੈੱਟ ਤੋਂ ਪੂਰੀ ਤਰ੍ਹਾਂ ਦੂਰ ਨਹੀਂ ਰੱਖਿਆ ਜਾ ਸਕਦਾ। ਅਦਾਲਤ ਨੇ ਕਿਹਾ ਕਿ ਬੱਚਿਆਂ ਦੀ ਸੁਰੱਖਿਆ ਅਤੇ ਉਨ੍ਹਾਂ ਦੀ ਆਜ਼ਾਦੀ ਇੱਕ-ਦੂਜੇ ਦੇ ਵਿਰੋਧੀ ਨਹੀਂ ਹਨ, ਸਗੋਂ ਬੱਚਿਆਂ ਨੂੰ ਦੋਵਾਂ ਦੀ ਲੋੜ ਹੈ।

ਜਸਟਿਸ ਜੇ ਬੀ ਪਾਰਦੀਵਾਲਾ ਅਤੇ ਜਸਟਿਸ ਕੇ ਵਿਨੋਦ ਚੰਦਰਨ ਦੇ ਬੈਂਚ ਨੇ ਇਹ ਗੱਲਾਂ 15 ਅਕਤੂਬਰ ਨੂੰ ਸੁਣਾਏ ਹੁਕਮ ਵਿੱਚ ਕਹੀਆਂ, ਜਿਸ ਦੀ ਜਾਣਕਾਰੀ ਸ਼ਨਿੱਚਰਵਾਰ ਨੂੰ ਸਾਹਮਣੇ ਆਈ।




ਅਦਾਲਤ ਨੇ ਸੰਵਿਧਾਨ ਦੀ ਧਾਰਾ 21 ਅਤੇ ਧਾਰਾ 19(1)(ਏ) ਦਾ ਹਵਾਲਾ ਦਿੰਦਿਆਂ ਕਿਹਾ ਕਿ ਇੰਟਰਨੈੱਟ ਤੱਕ ਪਹੁੰਚ ਅਤੇ ਇਸ ਦੀ ਵਰਤੋਂ ਦਾ ਅਧਿਕਾਰ ਜੀਵਨ, ਨਿੱਜੀ ਆਜ਼ਾਦੀ ਅਤੇ ਬੋਲਣ ਤੇ ਵਿਚਾਰ ਪ੍ਰਗਟਾਉਣ ਦੀ ਆਜ਼ਾਦੀ ਨਾਲ ਜੁੜਿਆ ਹੋਇਆ ਹੈ।

ਅਦਾਲਤ ਨੇ ਕਿਹਾ ਕਿ ਇੰਟਰਨੈੱਟ ਬੱਚਿਆਂ ਲਈ ਸਿੱਖਿਆ, ਜਾਣਕਾਰੀ ਅਤੇ ਆਪਣੇ ਵਿਚਾਰ ਪ੍ਰਗਟਾਉਣ ਦਾ ਅਹਿਮ ਸਾਧਨ ਹੈ। ਦੂਰ-ਦੁਰਾਡੇ ਦੇ ਇਲਾਕਿਆਂ ਵਿੱਚ ਰਹਿਣ ਵਾਲੇ ਕਈ ਬੱਚਿਆਂ ਲਈ ਇਹ ਸਿੱਖਣ ਅਤੇ ਜਾਣਕਾਰੀ ਹਾਸਲ ਕਰਨ ਦਾ ਮੁੱਖ ਸਰੋਤ ਹੈ। ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਲਈ ਵੀ ਇੰਟਰਨੈੱਟ ਦੂਜਿਆਂ ਨਾਲ ਜੁੜਨ ਅਤੇ ਆਪਣੇ ਵਰਗੇ ਲੋਕਾਂ ਨਾਲ ਸੰਪਰਕ ਬਣਾਉਣ ਦਾ ਸਾਧਨ ਹੋ ਸਕਦਾ ਹੈ। ਬੈਂਚ ਨੇ (ਬਾਕੀ ਸਫ਼ਾ 2 'ਤੇ)

### ਸੋਸ਼ਲ ਮੀਡੀਆ ਖਾਤਿਆਂ ਲਈ 'ਚਾਈਲਡ ਮੋਡ' ਦਾ ਸੁਝਾਅ

*ਅਦਾਲਤ ਨੇ ਬੱਚਿਆਂ ਦੀ ਸੁਰੱਖਿਆ ਲਈ ਉਨ੍ਹਾਂ ਦੇ ਸੋਸ਼ਲ ਮੀਡੀਆ ਖਾਤਿਆਂ ਵਿੱਚ 'ਚਾਈਲਡ ਮੋਡ' ਵਰਗੇ ਪ੍ਰਬੰਧ ਕਰਨ ਦਾ ਸੁਝਾਅ ਦਿੱਤਾ। ਇਸ ਤਹਿਤ ਬੱਚਿਆਂ ਦੇ ਖਾਤੇ ਮੂਲ ਰੂਪ ਵਿੱਚ ਨਿੱਜੀ ਰੱਖਣ, ਅਣਜਾਣ ਬਾਲਗਾਂ ਵੱਲੋਂ ਸੁਨੇਹੇ ਭੇਜਣ ਅਤੇ ਸੰਪਰਕ ਕਰਨ 'ਤੇ ਪਾਬੰਦੀਆਂ ਲਾਉਣ ਅਤੇ ਉਨ੍ਹਾਂ ਨੂੰ ਦਿਖਾਈ ਜਾਣ ਵਾਲੀ ਸਮੱਗਰੀ ਤੇ ਇਸ਼ਤਿਹਾਰਾਂ 'ਤੇ ਨਿਯੰਤਰਣ ਕਰਨ ਵਰਗੇ ਕਦਮ ਚੁੱਕੇ ਜਾ ਸਕਦੇ ਹਨ। ਬੱਚਿਆਂ ਦੀ ਇੰਟਰਨੈੱਟ ਵਰਤੋਂ ਵਿੱਚ ਮਾਪਿਆਂ ਦੀ ਸਹਿਮਤੀ, ਸੇਧ ਅਤੇ ਨਿਗਰਾਨੀ ਨੂੰ ਵੀ ਅਹਿਮ ਮੰਨਿਆ ਗਿਆ ਹੈ।*

## ਚੋਣ ਕਮਿਸ਼ਨ ਦੀ ਟੀਮ 27 ਤੇ 28 ਅਕਤੂਬਰ ਨੂੰ ਪੰਜਾਬ ਦਾ ਕਰੇਗੀ ਦੌਰਾ

- ਸਿਆਸੀ ਪਾਰਟੀਆਂ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਕਰੇਗੀ ਵਿਚਾਰ-ਵਟਾਂਦਰਾ; ਵੋਟਰ ਸੂਚੀਆਂ, ਸੁਰੱਖਿਆ ਤੇ ਪੋਲਿੰਗ ਬੂਥਾਂ ਦੇ ਪ੍ਰਬੰਧਾਂ ਦਾ ਲਵੇਗੀ ਜਾਇਜ਼ਾ

ਚੰਡੀਗੜ੍ਹ, 17 ਅਕਤੂਬਰ (ਪੈਗਾਮ-ਏ-ਜਗਤ)

ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਭਾਰਤੀ ਚੋਣ ਕਮਿਸ਼ਨ ਨੇ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ। ਕਮਿਸ਼ਨ ਦੇ ਸੀਨੀਅਰ ਅਧਿਕਾਰੀਆਂ ਦੀ ਟੀਮ 27 ਅਤੇ 28 ਅਕਤੂਬਰ ਨੂੰ ਪੰਜਾਬ ਦੇ ਦੋ ਰੋਜ਼ਾ ਦੌਰੇ 'ਤੇ ਆਵੇਗੀ। ਇਸ ਦੌਰਾਨ ਟੀਮ ਚੋਣਾਂ ਲਈ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲਵੇਗੀ ਅਤੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਤੇ ਸਿਵਲ ਅਤੇ ਪੁਲੀਸ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਗੱਲਬਾਤ ਕਰੇਗੀ। ਇਸ ਦੌਰੇ ਦਾ ਮੁੱਖ ਮਕਸਦ ਚੋਣਾਂ ਨੂੰ ਨਿਰਪੱਖ ਅਤੇ ਸੁਚਾਰੂ ਢੰਗ ਨਾਲ ਕਰਵਾਉਣ ਲਈ ਸੂਬੇ ਵਿੱਚ ਪ੍ਰਬੰਧਾਂ ਦੀ ਸਮੀਖਿਆ ਕਰਨਾ ਹੈ। ਟੀਮ ਵੱਲੋਂ ਸਿਆਸੀ ਪਾਰਟੀਆਂ ਤੋਂ ਚੋਣ ਪ੍ਰਬੰਧਾਂ ਬਾਰੇ ਸੁਝਾਅ ਲਏ ਜਾਣਗੇ। ਇਸ ਦੇ ਨਾਲ ਹੀ




ਤਿਉਹਾਰਾਂ, ਮੌਸਮ ਅਤੇ ਹੋਰ ਸਥਾਨਕ ਹਾਲਾਤ ਨੂੰ ਧਿਆਨ ਵਿੱਚ ਰੱਖਦਿਆਂ ਚੋਣਾਂ ਦੀਆਂ ਤਿਆਰੀਆਂ ਦਾ ਮੁਲਾਂਕਣ ਕੀਤਾ ਜਾਵੇਗਾ।

ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਨੂੰ ਅਪਡੇਟ ਕਰਨ, ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ ਦੀ ਜਾਂਚ, ਪੋਲਿੰਗ ਬੂਥਾਂ 'ਤੇ ਬੁਨਿਆਦੀ ਸਹੂਲਤਾਂ ਅਤੇ ਸੁਰੱਖਿਆ ਪ੍ਰਬੰਧਾਂ ਨੂੰ ਵੀ ਤਰਜੀਹ ਦਿੱਤੀ ਜਾ ਰਹੀ ਹੈ। ਚੋਣਾਂ ਦੌਰਾਨ ਕਾਨੂੰਨ-ਵਿਵਸਥਾ ਬਣਾਈ ਰੱਖਣ ਅਤੇ ਸੰਵੇਦਨਸ਼ੀਲ ਇਲਾਕਿਆਂ ਵਿੱਚ ਲੋੜੀਂਦੇ ਪ੍ਰਬੰਧ ਕਰਨ ਬਾਰੇ ਵੀ (ਬਾਕੀ ਸਫ਼ਾ 2 'ਤੇ)

## ਰਾਜਸਥਾਨ 'ਚ ਟੈਂਪੂ ਟਰੈਵਲਰ ਪੁਲ ਤੋਂ ਡਿੱਗਿਆ; ਅੱਠ ਹਲਾਕ

ਖਾਟੂਸ਼ਿਆਮ ਮੰਦਰ ਜਾ ਰਹੇ ਸਾਰੇ ਯਾਤਰੀ ਮੱਧ ਪ੍ਰਦੇਸ਼ ਦੇ ਵਸਨੀਕ

- ਪੁਲ ਤੋਂ 15 ਫੁੱਟ ਹੇਠਾਂ ਨਾਲੇ 'ਚ ਡਿੱਗਿਆ ਵਾਹਨ; ਹਨੇਰੇ ਕਾਰਨ ਬਚਾਅ ਕਾਰਜਾਂ 'ਚ ਦੇਰੀ, ਜ਼ਖ਼ਮੀਆਂ ਨੂੰ ਖਿੜਕੀਆਂ ਤੋੜ ਕੇ ਬਾਹਰ ਕੱਢਿਆ

ਕੋਟਾ, 17 ਅਕਤੂਬਰ (ਪੈਗਾਮ-ਏ-ਜਗਤ)

ਰਾਜਸਥਾਨ ਦੇ ਕੋਟਾ ਵਿੱਚ ਦਿੱਲੀ-ਮੁੰਬਈ ਐਕਸਪ੍ਰੈੱਸਵੇਅ 'ਤੇ ਸ਼ਨਿਚਰਵਾਰ ਸਵੇਰੇ ਇੱਕ ਟੈਂਪੋ ਟਰੈਵਲਰ ਪੁਲ ਤੋਂ ਹੇਠਾਂ ਨਾਲੇ ਵਿੱਚ ਡਿੱਗ ਗਿਆ। ਇਸ ਹਾਦਸੇ ਵਿੱਚ ਅੱਠ ਲੋਕਾਂ ਦੀ ਮੌਤ ਹੋ ਗਈ, ਜਦਕਿ 17 ਯਾਤਰੀ ਜ਼ਖ਼ਮੀ ਹੋ ਗਏ। ਹਾਦਸੇ ਦਾ ਸ਼ਿਕਾਰ ਹੋਏ ਸਾਰੇ ਲੋਕ ਮੱਧ ਪ੍ਰਦੇਸ਼ ਦੇ ਬੈਤੂਲ ਜ਼ਿਲ੍ਹੇ ਦੇ ਰਹਿਣ ਵਾਲੇ ਸਨ ਅਤੇ ਖਾਟੂਸ਼ਿਆਮ ਮੰਦਰ ਦੇ ਦਰਸ਼ਨਾਂ ਲਈ ਜਾ ਰਹੇ ਸਨ।

ਇਹ ਹਾਦਸਾ ਸ਼ਨਿਚਰਵਾਰ ਸਵੇਰੇ ਕਰੀਬ 6 ਵਜੇ ਸਿਮਲੀਆ ਥਾਣਾ ਖੇਤਰ ਵਿੱਚ ਵਾਪਰਿਆ। ਥਾਣਾ ਮੁਖੀ ਨੰਦ ਸਿੰਘ ਨੇ ਦੱਸਿਆ ਕਿ ਟੈਂਪੋ ਟਰੈਵਲਰ ਭੋਪਾਲ ਤੋਂ ਖਾਟੂਸ਼ਿਆਮ ਵੱਲ ਜਾ ਰਿਹਾ ਸੀ। ਕਰਾੜੀਆ ਟੌਲ ਪਲਾਜ਼ਾ ਤੋਂ ਕੁਝ ਕਿਲੋਮੀਟਰ ਦੂਰ ਇਹ ਵਾਹਨ ਪੁਲ ਦੀ ਪੁਲੀ ਤੋਂ ਹੇਠਾਂ ਡਿੱਗ ਗਿਆ। ਵਾਹਨ ਕਰੀਬ 15 ਫੁੱਟ ਹੇਠਾਂ ਜਾ ਡਿੱਗਿਆ, ਜਿਸ ਕਾਰਨ ਕਈ ਯਾਤਰੀ ਗੰਭੀਰ ਜ਼ਖ਼ਮੀ ਹੋ ਗਏ। ਹਾਦਸੇ ਦੀ ਸੂਚਨਾ ਮਿਲਦਿਆਂ ਹੀ ਸਥਾਨਕ ਪੁਲੀਸ



ਅਤੇ ਬਚਾਅ ਟੀਮਾਂ ਮੌਕੇ 'ਤੇ ਪਹੁੰਚ ਗਈਆਂ।

ਉਨ੍ਹਾਂ ਨੇ ਸਥਾਨਕ ਲੋਕਾਂ ਦੀ ਮਦਦ ਨਾਲ ਬਚਾਅ ਕਾਰਜ ਸ਼ੁਰੂ ਕੀਤੇ। ਹਾਲਾਂਕਿ, ਸਵੇਰ ਵੇਲੇ ਹਨੇਰਾ ਹੋਣ ਕਾਰਨ ਬਚਾਅ ਕਾਰਜਾਂ ਵਿੱਚ ਕੁਝ ਦੇਰੀ ਹੋਈ। ਪਿੰਡ ਵਾਸੀਆਂ ਨੇ ਦੱਸਿਆ ਕਿ ਕਈ ਮ੍ਰਿਤਕਾਂ ਦੀਆਂ ਲਾਸ਼ਾਂ ਵਾਹਨ ਦੀਆਂ ਸੀਟਾਂ ਵਿਚਾਲੇ ਫਸ ਗਈਆਂ ਸਨ। ਉਨ੍ਹਾਂ ਨੂੰ ਬਾਹਰ ਕੱਢਣ ਲਈ ਕਾਫ਼ੀ (ਬਾਕੀ ਸਫ਼ਾ 2 'ਤੇ)

## ਗੁਜਰਾਤ ਦੀ ਫੈਕਟਰੀ 'ਚ ਧਮਾਕਾ, ਪੰਜ ਮਜ਼ਦੂਰਾਂ ਦੀ ਮੌਤ; ਪੰਜ ਜ਼ਖ਼ਮੀ

- ਰਿਐਕਟਰ ਟੈਂਕ ਫਟਣ ਤੋਂ ਬਾਅਦ ਜ਼ਹਿਰੀਲੀ ਗੈਸ ਲੀਕ; ਭਰੂਚ ਜ਼ਿਲ੍ਹੇ ਦੀ ਫੈਕਟਰੀ ਵਿੱਚ ਵਾਪਰਿਆ ਹਾਦਸਾ

ਭਰੂਚ, 17 ਅਕਤੂਬਰ (ਪੈਗਾਮ-ਏ-ਜਗਤ)

ਇਹ ਧਮਾਕਾ ਵਾਗਰਾ ਤਾਲੁਕਾ ਦੇ ਸਾਇਖਾ ਉਦਯੋਗਿਕ ਖੇਤਰ ਵਿੱਚ ਸਥਿਤ ਸਿੰਜ਼ੀਲ ਫਾਰਮਾਕੈਮ ਕੰਪਨੀ ਵਿੱਚ ਹੋਇਆ।

ਅਧਿਕਾਰੀਆਂ ਅਨੁਸਾਰ ਫੈਕਟਰੀ ਵਿੱਚ ਹਾਈਡ੍ਰੋਜਨੇਸ਼ਨ ਪ੍ਰਕਿਰਿਆ ਦੌਰਾਨ ਧਮਾਕਾ ਹੋਇਆ, ਜਿਸ ਕਾਰਨ ਮੈਥੀਲੀਨ ਡਾਈਕਲੋਰਾਈਡ ਗੈਸ ਲੀਕ ਹੋਣ ਲੱਗੀ ਜੋ ਜ਼ਹਿਰੀਲੀ ਗੈਸ ਹੈ। ਭਰੂਚ ਦੀ ਉਪ-ਮੰਡਲ ਮੈਜਿਸਟਰੇਟ ਮਨੀਸ਼ਾ ਮਨਾਨੀ ਨੇ ਦੱਸਿਆ ਕਿ ਸਿੰਜ਼ੀਲ ਫਾਰਮਾਕੈਮ ਨੇ ਸਿਰਫ਼ ਇੱਕ ਸਾਲ ਪਹਿਲਾਂ ਹੀ ਸਾਇਖਾ ਵਿੱਚ ਆਪਣਾ ਕੰਮ ਸ਼ੁਰੂ ਕੀਤਾ ਸੀ। ਇਹ ਕੰਪਨੀ ਦਵਾਈਆਂ ਬਣਾਉਣ ਲਈ ਵਰਤੇ ਜਾਣ ਵਾਲੇ ਰਸਾਇਣ ਤਿਆਰ ਕਰਦੀ ਹੈ।

ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਅਨੁਸਾਰ ਧਮਾਕਾ ਹਾਈਡ੍ਰੋਜਨੇਸ਼ਨ ਪ੍ਰਕਿਰਿਆ ਦੌਰਾਨ ਹੋਇਆ। ਧਮਾਕਾ ਇੰਨਾ ਜ਼ੋਰਦਾਰ ਸੀ ਕਿ ਰਿਐਕਟਰ



ਟੈਂਕ ਫਟ ਗਿਆ ਅਤੇ ਮਸ਼ੀਨਾਂ ਦੇ ਟੁਕੜੇ ਫੈਕਟਰੀ ਦੇ ਅੰਦਰ ਦੂਰ-ਦੂਰ ਤੱਕ ਖਿੱਲਰ ਗਏ। ਪੁਲੀਸ ਸੁਪਰਡੈਂਟ ਅਕਸ਼ੈਰਾਜ ਮਕਵਾਨਾ ਨੇ ਦੱਸਿਆ ਕਿ ਧਮਾਕੇ ਵਿੱਚ ਪੰਜ ਮਜ਼ਦੂਰਾਂ ਦੀ ਮੌਤ ਹੋ ਗਈ, ਜਦਕਿ ਪੰਜ ਹੋਰ ਜ਼ਖ਼ਮੀ ਹੋ ਗਏ। ਮ੍ਰਿਤਕਾਂ ਦੀ ਪਛਾਣ ਅਮੋਦ ਦੇ ਰਹਿਣ ਵਾਲੇ ਜੈਦੀਪ ਮਹੇਸ਼ਭਾਈ ਪਟੇਲ ਅਤੇ ਭਾਵਿਕ ਦਿਲੀਪਕੁਮਾਰ ਵਸਾਵਾ ਵਜੋਂ ਹੋਈ ਹੈ। ਇਸ ਤੋਂ ਇਲਾਵਾ ਗਿਰ ਸੋਮਨਾਥ ਜ਼ਿਲ੍ਹੇ ਦੇ ਤਲਾਲਾ ਵਾਸੀ ਵਿੰਦ ਤਲਾਵੀਆ ਅਤੇ ਉੱਤਰ ਪ੍ਰਦੇਸ਼ ਦੇ (ਬਾਕੀ ਸਫ਼ਾ 2 'ਤੇ)

## ਬੰਗਲਾਦੇਸ਼ ਦੇ ਇੱਕ ਰਿਜ਼ੋਰਟ ਵਿੱਚ ਅੱਗ ਲੱਗੀ; 10 ਲੋਕਾਂ ਦੀ ਮੌਤ

- ਮਰਨ ਵਾਲਿਆਂ ਵਿੱਚੋਂ ਛੇ ਇੱਕੋ ਪਰਿਵਾਰ ਦੇ ਸਨ; ਰਿਜ਼ੋਰਟ ਕੋਲ ਅੱਗ ਤੋਂ ਸੁਰੱਖਿਆ ਸਬੰਧੀ ਕੋਈ ਲਾਇਸੰਸ ਨਹੀਂ ਸੀ

ਢਾਕਾ, 17 ਅਕਤੂਬਰ (ਪੈਗਾਮ-ਏ-ਜਗਤ)

ਬੰਗਲਾਦੇਸ਼ ਦੇ ਕਾਕਸ ਬਾਜ਼ਾਰ ਜ਼ਿਲ੍ਹੇ ਵਿੱਚ ਸਮੁੰਦਰੀ ਕੰਢੇ ਸਥਿਤ ਇੱਕ ਰਿਜ਼ੋਰਟ ਵਿੱਚ ਸ਼ਨੀਵਾਰ ਸਵੇਰੇ ਅੱਗ ਲੱਗਣ ਕਾਰਨ ਘੱਟੋ-ਘੱਟ 10 ਲੋਕਾਂ ਦੀ ਮੌਤ ਹੋ ਗਈ। ਮਰਨ ਵਾਲਿਆਂ ਵਿੱਚ ਇੱਕੋ ਪਰਿਵਾਰ ਦੇ ਛੇ ਮੈਂਬਰ ਸ਼ਾਮਲ ਹਨ। ਅੱਗ ਸਵੇਰੇ ਲਗਭਗ 7:25 ਵਜੇ 'ਟੁਪਟੁਪ ਰੈਸਟੋ ਐਂਡ ਰਿਜ਼ੋਰਟ' ਵਿੱਚ ਲੱਗੀ। ਲੱਕੜ ਦੀ ਬਣੀ ਇਹ ਤਿੰਨ ਮੰਜ਼ਿਲਾ ਇਮਾਰਤ ਅੱਗ ਦੀ ਲਪੇਟ ਵਿੱਚ ਆ ਕੇ ਪੂਰੀ ਤਰ੍ਹਾਂ ਸੜ ਗਈ। ਇਸ ਘਟਨਾ ਵਿੱਚ ਕਈ ਹੋਰ ਲੋਕ ਜ਼ਖ਼ਮੀ ਵੀ ਹੋਏ ਹਨ।

ਰਿਜ਼ੋਰਟ ਕੋਲ ਅੱਗ ਤੋਂ ਸੁਰੱਖਿਆ ਪ੍ਰਬੰਧਾਂ ਲਈ ਕੋਈ ਮਨਜ਼ੂਰੀ ਨਹੀਂ ਸੀ। ਜੂਨ ਵਿੱਚ ਕੀਤੀ ਗਈ ਇੱਕ ਜਾਂਚ ਦੌਰਾਨ, ਅਧਿਕਾਰੀਆਂ ਨੇ ਇਸ ਸਬੰਧੀ ਚੇਤਾਵਨੀ ਵੀ ਦਿੱਤੀ ਸੀ।

ਬੰਗਲਾਦੇਸ਼ੀ ਅਖ਼ਬਾਰ 'ਪ੍ਰੋਥੋਮ ਆਲੋ' ਨੇ ਅਧਿਕਾਰੀਆਂ ਦੇ ਹਵਾਲੇ



ਨਾਲ ਦੱਸਿਆ ਹੈ ਕਿ ਅੱਗ ਬਿਜਲੀ ਦੀਆਂ ਤਾਰਾਂ ਵਿੱਚ ਸ਼ਾਰਟ ਸਰਕਟ ਕਾਰਨ ਲੱਗੀ। ਇਸ ਤੋਂ ਬਾਅਦ ਅੱਗ ਏਅਰ ਕੰਡੀਸ਼ਨਿੰਗ ਯੂਨਿਟ ਤੱਕ ਫੈਲ ਗਈ। ਗੈਸ ਸਿਲੰਡਰ ਫਟਣ ਕਾਰਨ ਅੱਗ ਤੇਜ਼ੀ ਨਾਲ ਪੂਰੀ ਇਮਾਰਤ ਵਿੱਚ ਫੈਲ ਗਈ। ਹਾਲਾਂਕਿ, ਅੱਗ ਲੱਗਣ ਦੇ ਅਸਲ ਕਾਰਨਾਂ ਦਾ ਪਤਾ ਜਾਂਚ ਪੂਰੀ (ਬਾਕੀ ਸਫ਼ਾ 2 'ਤੇ)

### ਦੂਜੀ ਮੰਜ਼ਿਲ ਤੋਂ ਛਾਲ ਮਾਰ ਕੇ ਇੱਕ ਵਿਅਕਤੀ ਬਚਿਆ

*ਇਹ ਤਿੰਨ ਮੰਜ਼ਿਲਾ ਰਿਜ਼ੋਰਟ ਬਾਂਸ ਅਤੇ ਲੱਕੜ ਦਾ ਬਣਿਆ ਹੋਇਆ ਸੀ। ਇਹ ਕਾਕਸ ਬਾਜ਼ਾਰ ਦੇ ਕੋਲਾਤੋਲੀ ਇਲਾਕੇ ਦੇ ਬਾਹਰੀ ਹਿੱਸੇ ਵਿੱਚ ਸਥਿਤ ਸੀ, ਜੋ ਕਿ ਸਮੁੰਦਰੀ ਕੰਢੇ ਵਾਲਾ ਇੱਕ ਮਸ਼ਹੂਰ ਸਥਾਨ ਹੈ। ਇਹ ਇਲਾਕਾ ਰਾਜਧਾਨੀ ਢਾਕਾ ਤੋਂ ਲਗਭਗ 410 ਕਿਲੋਮੀਟਰ ਦੂਰ ਹੈ। ਰਿਪੋਰਟਾਂ ਅਨੁਸਾਰ, ਆਸ਼ਿਕੁਲ ਇਸਲਾਮ ਆਪਣੇ ਪਰਿਵਾਰ ਨਾਲ ਇਸ ਰਿਜ਼ੋਰਟ ਵਿੱਚ ਛੁੱਟੀਆਂ ਮਨਾਉਣ ਆਇਆ ਸੀ। ਜਦੋਂ ਅੱਗ ਲੱਗੀ, ਤਾਂ ਉਹ ਦੂਜੀ ਮੰਜ਼ਿਲ ਤੋਂ ਛਾਲ ਮਾਰ ਕੇ ਆਪਣੀ ਜਾਨ ਬਚਾਉਣ ਵਿੱਚ ਕਾਮਯਾਬ ਹੋ ਗਿਆ। ਹਾਲਾਂਕਿ, ਉਸ ਦੀ ਪਤਨੀ, ਇਸਰਤ ਜਹਾਨ ਮਲੀਹਾ, ਅਤੇ ਪਰਿਵਾਰ ਦੇ ਪੰਜ ਹੋਰ ਮੈਂਬਰਾਂ ਦੀ ਮੌਤ ਹੋ ਗਈ।*

## ਟਰੰਪ ਵੱਲੋਂ ਰੂਸੀ ਤੇਲ ਅਤੇ ਗੈਸ ਦੀ ਖਰੀਦ 'ਤੇ ਲਗਾਈਆਂ ਪਾਬੰਦੀਆਂ ਤੇ ਟੈਰਿਫ ਰੱਦ

- ਭਾਰਤ ਅਤੇ ਚੀਨ ਸਮੇਤ ਵਿਸ਼ਵ ਭਰ ਦੇ ਵੱਡੇ ਤੇਲ ਦਰਾਮਦਕਾਰਾਂ ਨੂੰ ਮਿਲੀ ਵੱਡੀ ਰਾਹਤ



ਨਵੀਂ ਦਿੱਲੀ/ਵਾਸ਼ਿੰਗਟਨ 17 ਅਕਤੂਬਰ (ਪੈਗਾਮ-ਏ-ਜਗਤ)

ਭਾਰਤ ਲਈ ਇੱਕ ਵੱਡੀ ਰਾਹਤ ਵਜੋਂ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਰੂਸ ਨਾਲ ਜੁੜੇ ਵਪਾਰ 'ਤੇ ਲੱਗਣ ਵਾਲੀਆਂ ਕਈ ਪਾਬੰਦੀਆਂ ਅਤੇ ਟੈਰਿਫਾਂ (ਸ਼ੁਲਕਾਂ) ਨੂੰ ਹਟਾ ਦਿੱਤਾ ਹੈ।

ਇਹ ਉਪਾਅ ਇੱਕ ਅਜਿਹੇ ਕਾਨੂੰਨ ਤਹਿਤ ਲਾਗੂ ਕੀਤੇ ਜਾਣੇ ਸਨ, ਜਿਸ 'ਤੇ ਟਰੰਪ ਨੇ ਖੁਦ ਪਿਛਲੇ ਮਹੀਨੇ ਹੀ ਦਸਤਖ਼ਤ ਕੀਤੇ ਸਨ। ਸ਼ੁੱਕਰਵਾਰ ਦੇਰ ਰਾਤ ਜਾਰੀ ਕੀਤੇ ਗਏ ਇੱਕ ਕਾਰਜਕਾਰੀ ਆਦੇਸ਼ ਵਿੱਚ, ਟਰੰਪ ਨੇ ਕਿਹਾ, ਮੈਂ 'ਗ੍ਰਾਹਮ ਐਕਟ' ਤਹਿਤ ਲਾਜ਼ਮੀ ਕੀਤੀਆਂ ਗਈਆਂ ਇਨ੍ਹਾਂ ਪਾਬੰਦੀਆਂ ਅਤੇ ਟੈਰਿਫਾਂ ਨੂੰ ਲਾਗੂ ਕਰਨ ਤੋਂ ਛੋਟ ਦੇ ਰਿਹਾ ਹਾਂ। ਮੈਂ ਕਾਂਗਰਸ ਨੂੰ ਇੱਕ ਪ੍ਰਮਾਣ-ਪੱਤਰ ਸੌਂਪਿਆ ਹੈ ਜਿਸ ਵਿੱਚ ਕਿਹਾ ਗਿਆ ਹੈ ਕਿ ਇਸ ਸਮੇਂ ਅਜਿਹੀ ਛੋਟ ਦੇਣਾ ਸੰਯੁਕਤ ਰਾਜ ਦੇ ਰਾਸ਼ਟਰੀ ਹਿੱਤ ਵਿੱਚ ਹੈ। ਹਾਲਾਂਕਿ, ਇਹ ਆਦੇਸ਼ ਫਿਲਹਾਲ ਰੂਸ ਨਾਲ ਸਬੰਧਤ ਟੈਰਿਫਾਂ ਨੂੰ ਸਿਰਫ਼ ਰੋਕਦਾ ਹੈ; ਇਸਦਾ ਮਤਲਬ ਇਹ ਹੈ ਕਿ ਟਰੰਪ ਭਵਿੱਖ ਵਿੱਚ ਇਨ੍ਹਾਂ ਨੂੰ ਦੁਬਾਰਾ ਲਾਗੂ ਕਰਨ ਦਾ ਫੈਸਲਾ ਕਰ ਸਕਦੇ ਹਨ।

ਜ਼ਿਕਰਯੋਗ ਹੈ ਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਪਹਿਲਾਂ ਲਿੰਡਸੇ ਓ. ਗ੍ਰਾਹਮ ਸੈਂਕਸ਼ਨਿੰਗ ਰਸ਼ੀਆ ਐਂਡ ਈਰਾਨ ਐਕਟ ਆਫ਼ 2026 'ਤੇ ਦਸਤਖ਼ਤ ਕੀਤੇ ਸਨ। ਇਸ ਕਾਨੂੰਨ ਨੇ ਟਰੰਪ ਨੂੰ 30 ਦਿਨਾਂ ਦਾ ਸਮਾਂ ਦਿੱਤਾ ਸੀ, ਜਿਸ ਦੌਰਾਨ ਉਹ ਰੂਸੀ ਕੱਚੇ ਤੇਲ ਦੇ ਚੋਟੀ ਦੇ ਪੰਜ ਖਰੀਦਦਾਰਾਂ ਚੀਨ, ਭਾਰਤ, ਸਲੋਵਾਕੀਆ, ਹੰਗਰੀ ਅਤੇ ਅਜ਼ਰਬਾਈਜਾਨ ਤੋਂ ਆਉਣ ਵਾਲੀਆਂ ਸਾਰੀਆਂ ਵਸਤਾਂ 'ਤੇ 100 ਫੀਸਦੀ ਟੈਰਿਫ ਲਗਾ ਸਕਦੇ ਸਨ। ਇਸ ਤੋਂ ਇਲਾਵਾ, ਕਾਨੂੰਨ ਵਿੱਚ ਵੱਖ-ਵੱਖ ਰੂਸੀ ਸੰਸਥਾਵਾਂ 'ਤੇ ਪਾਬੰਦੀਆਂ ਲਗਾਉਣ ਅਤੇ ਰੂਸ ਤੋਂ ਅਮਰੀਕਾ ਆਉਣ (ਬਾਕੀ ਸਫ਼ਾ 2 'ਤੇ)

## ਗ੍ਰੇਟਰ ਨੋਇਡਾ: ਇੱਕ ਘਰ ਵਿੱਚ ਪਤੀ-ਪਤਨੀ ਅਤੇ ਉਨ੍ਹਾਂ ਦੇ 3 ਬੱਚਿਆਂ ਦੀਆਂ ਲਾਸ਼ਾਂ ਮਿਲੀਆਂ

ਗੁਆਂਢੀਆਂ ਨੂੰ ਜ਼ਹਿਰ ਦੇਣ ਦਾ ਸ਼ੱਕ; ਸੱਸ ਨੇ ਬਣਾਏ ਸਨ ਨੂਡਲਜ਼

ਨੋਇਡਾ, 17 ਅਕਤੂਬਰ (ਪੈਗਾਮ-ਏ-ਜਗਤ)

ਉੱਤਰ ਪ੍ਰਦੇਸ਼ ਦੇ ਗ੍ਰੇਟਰ ਨੋਇਡਾ ਵਿੱਚ ਨਗਲਾ ਸ੍ਰੀਪਦਮ ਪਿੰਡ ਦੇ ਇੱਕ ਘਰ ਵਿੱਚ ਸ਼ਨੀਵਾਰ ਨੂੰ ਇੱਕ ਪਤੀ, ਉਸਦੀ ਪਤਨੀ ਅਤੇ ਉਨ੍ਹਾਂ ਦੇ ਤਿੰਨ ਬੱਚਿਆਂ ਦੀਆਂ ਲਾਸ਼ਾਂ ਮਿਲੀਆਂ। ਜਦੋਂ ਪਰਿਵਾਰ ਸਵੇਰੇ ਦੇਰ ਤੱਕ ਨਹੀਂ ਉੱਠਿਆ ਤਾਂ ਗੁਆਂਢੀਆਂ ਨੂੰ ਸ਼ੱਕ ਹੋਇਆ। ਦਰਵਾਜ਼ਾ ਅੰਦਰੋਂ ਬੰਦ ਸੀ; ਖਿੜਕੀ ਰਾਹੀਂ ਝਾਕਣ 'ਤੇ ਉਨ੍ਹਾਂ ਨੇ ਦੇਖਿਆ ਕਿ ਪੰਜੇ ਜਣੇ ਆਪਣੇ ਬਿਸਤਰਿਆਂ 'ਤੇ ਪਏ ਸਨ ਅਤੇ ਉਨ੍ਹਾਂ ਵਿੱਚੋਂ ਇੱਕ ਦੇ ਮੂੰਹ 'ਤੇ ਝੱਗ ਨਿਕਲੀ ਹੋਈ ਸੀ। ਜਦੋਂ ਪੁਲਿਸ ਪਹੁੰਚੀ, ਤਾਂ ਉਨ੍ਹਾਂ ਨੇ ਪਿਤਾ ਨੂੰ ਇੱਕ ਮੰਜੇ 'ਤੇ ਮ੍ਰਿਤਕ ਪਾਇਆ, ਜੋ ਆਪਣੇ ਪੁੱਤਰ ਨੂੰ ਜੱਫੀ ਪਾਈ ਬੈਠਾ ਸੀ। ਇੱਕ ਹੋਰ ਬਿਸਤਰੇ 'ਤੇ ਮਾਂ ਦੀ ਲਾਸ਼ ਮਿਲੀ, ਜਿਸਨੇ ਆਪਣੇ ਛੋਟੇ ਪੁੱਤਰ ਅਤੇ ਧੀ ਨੂੰ ਫੜਿਆ ਹੋਇਆ ਸੀ। ਮ੍ਰਿਤਕਾਂ ਦੀ



ਪਛਾਣ ਮਹੇਸ਼ (37), ਉਸਦੀ ਪਤਨੀ ਲਲਿਤਾ (35) ਅਤੇ ਉਨ੍ਹਾਂ ਦੇ ਬੱਚਿਆਂ—ਪੁੱਤਰਾਂ ਲੱਡੂ (11) ਤੇ ਸਾਖਸ਼ਾਤ (3), ਅਤੇ ਧੀ ਮਿਸ਼ਟੀ (7) ਵਜੋਂ ਹੋਈ ਹੈ।

ਡੀਸੀਪੀ ਸ਼ਰਵਣ ਕੁਮਾਰ ਸਿੰਘ ਨੇ ਦੱਸਿਆ ਕਿ ਮੌਤ ਦੇ ਅਸਲ ਕਾਰਨ ਦਾ ਪਤਾ ਪੋਸਟਮਾਰਟਮ ਰਿਪੋਰਟ ਤੋਂ ਲੱਗੇਗਾ। ਇਸ ਦੌਰਾਨ, ਗੁਆਂਢੀਆਂ ਦਾ ਦੋਸ਼ ਹੈ ਕਿ ਮਹੇਸ਼ ਦਾ ਜਾਇਦਾਦ ਨੂੰ ਲੈ ਕੇ ਆਪਣੀ ਮਾਂ ਨਾਲ ਅਕਸਰ ਝਗੜਾ ਹੁੰਦਾ ਰਹਿੰਦਾ ਸੀ।

ਉਨ੍ਹਾਂ ਦਾ ਦਾਅਵਾ ਹੈ ਕਿ ਮਾਂ ਨੇ ਸਭ ਕੁਝ ਆਪਣੀ ਧੀ ਅਤੇ ਜਵਾਈ ਦੇ ਨਾਂ ਕਰਨ ਦੀ ਧਮਕੀ ਦਿੱਤੀ ਸੀ। ਗੁਆਂਢੀਆਂ ਨੇ ਇਹ ਵੀ ਦੋਸ਼ ਲਗਾਇਆ ਹੈ ਕਿ ਮਾਂ ਨੇ ਆਪਣੇ ਬਣਾਏ ਨੂਡਲਜ਼ ਵਿੱਚ ਜ਼ਹਿਰ ਮਿਲਾ ਦਿੱਤਾ ਸੀ। ਘਟਨਾ ਵਾਲੀ ਥਾਂ ਜੇਵਰ ਹਵਾਈ ਅੱਡੇ ਤੋਂ 6 ਕਿਲੋਮੀਟਰ ਅਤੇ ਜ਼ਿਲ੍ਹਾ ਹੈੱਡਕੁਆਰਟਰ ਤੋਂ 30 ਕਿਲੋਮੀਟਰ ਦੂਰ ਹੈ।

ਚਾਂਦੋ (ਸੱਸ) ਨੇ ਦੱਸਿਆ ਕਿ ਸ਼ੁੱਕਰਵਾਰ ਰਾਤ ਕਰੀਬ 10:00 ਵਜੇ ਸੌਣ ਤੋਂ ਪਹਿਲਾਂ ਮਹੇਸ਼ ਅਤੇ ਬਾਕੀਆਂ ਨੇ ਨੂਡਲਜ਼ ਖਾਧੇ ਸਨ। ਉਸਨੇ ਦੱਸਿਆ ਕਿ ਉਸਨੇ ਖੁਦ ਨੂਡਲਜ਼ ਨਹੀਂ ਖਾਧੇ ਕਿਉਂਕਿ ਉਸਦੀ ਸਿਹਤ ਠੀਕ ਨਹੀਂ ਸੀ। ਕਿਉਂਕਿ ਮਹੇਸ਼ ਆਮ ਤੌਰ 'ਤੇ ਜਲਦੀ ਉੱਠ ਜਾਂਦਾ ਸੀ, ਇਸ ਲਈ ਜਦੋਂ ਉਹ ਸ਼ਨੀਵਾਰ ਸਵੇਰੇ ਦੇਰ ਤੱਕ ਬਾਹਰ ਨਹੀਂ ਆਇਆ ਤਾਂ ਗੁਆਂਢੀਆਂ ਨੂੰ ਸ਼ੱਕ ਹੋਇਆ।

ਮਹੇਸ਼ ਦੀ ਸਾਲੀ, ਨੀਰਜ ਨੇ ਦੱਸਿਆ ਕਿ ਆਪਣੇ ਪਤੀ ਦੀ ਮੌਤ ਤੋਂ ਬਾਅਦ ਉਸਨੂੰ ਘਰੋਂ ਕੱਢ ਦਿੱਤਾ ਗਿਆ ਸੀ। ਉਸ ਨੇ ਅੱਗੇ ਦੱਸਿਆ ਕਿ ਉਸ ਨੂੰ ਆਪਣੀ 14 ਸਾਲਾ ਧੀ ਨੂੰ ਵੀ ਆਪਣੇ ਨਾਲ ਰੱਖਣ ਦੀ ਇਜਾਜ਼ਤ ਨਹੀਂ ਦਿੱਤੀ ਗਈ ਸੀ, ਅਤੇ ਹੁਣ ਉਹ ਉਸ ਬੱਚੀ ਨਾਲ ਇੱਕ ਕਿਰਾਏ ਦੇ ਘਰ ਵਿੱਚ ਰਹਿੰਦੀ ਹੈ।

## ਅਮਰੀਕਾ 'ਚ ਪੰਜਾਬੀ ਮੂਲ ਬੰਦੇ ਨੇ ਗੁੰਮਸ਼ੁਦਾ' ਹੋਣ ਦੀ ਅਫ਼ਵਾਹ ਫੈਲਾ ਕੇ ਕੀਤਾ ਪਤਨੀ ਦਾ ਕਤਲ

- ਪਤਨੀ ਦੀ ਹੱਤਿਆ ਕਰ ਕੇ ਸਾੜੀ ਲਾਸ਼, ਲਾਸ਼ ਦੇ ਸੜੇ ਹੋਏ ਟੁਕੜਿਆਂ ਤੋਂ ਖੁੱਲ੍ਹਿਆ ਰਾਜ਼



ਕੈਲੀਫੋਰਨੀਆ, 17 ਅਕਤੂਬਰ (ਪੈਗਾਮ-ਏ-ਜਗਤ)

ਅਮਰੀਕਾ ਤੋਂ ਇਕ ਬੇਹੱਦ ਸਨਸਨੀਖੇਜ਼ ਖ਼ਬਰ ਸਾਹਮਣੇ ਆਈ ਹੈ, ਜਿੱਥੋਂ ਦੇ ਕੈਲੀਫ਼ੋਰਨੀਆ ਸੂਬੇ ਦੀ ਸੈਕਰਾਮੈਂਟੋ ਪੁਲਸ ਨੇ ਪੰਜਾਬੀ ਮੂਲ ਦੇ ਗੁਰਿੰਦਰ ਗਿੱਲ ਨੂੰ ਆਪਣੀ ਪਤਨੀ ਜੈਸਮੀਨ ਗਿੱਲ ਦੇ ਕਤਲ ਦੇ ਇਲਜ਼ਾਮ 'ਚ ਗ੍ਰਿਫ਼ਤਾਰ ਕੀਤਾ ਹੈ। ਜੈਸਮੀਨ ਦੀ ਸੜੀ ਹੋਈ ਲਾਸ਼ ਐਲ ਡੋਰਾਡੋ ਕਾਉਂਟੀ ਤੋਂ ਬਰਾਮਦ ਹੋਈ ਹੈ।

ਸੈਕਰਾਮੈਂਟੋ ਕਾਉਂਟੀ ਸ਼ੈਰਿਫ਼ ਆਫ਼?ਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ, ਜੈਸਮੀਨ ਨੂੰ ਆਖਰੀ ਵਾਰ 30 ਸਤੰਬਰ 2026 ਨੂੰ ਉਸ ਦੇ ਘਰ ਦੇਖਿਆ ਗਿਆ ਸੀ। ਉਸ ਦੇ ਰਿਸ਼ਤੇਦਾਰਾਂ ਨੇ 4 ਅਕਤੂਬਰ ਨੂੰ ਉਸ ਦੀ ਗੁੰਮਸ਼ੁਦਗੀ ਦੀ ਸ਼ਿਕਾਇਤ ਦਰਜ ਕਰਵਾਈ ਸੀ। ਸ਼ੁਰੂਆਤੀ ਜਾਂਚ ਦੌਰਾਨ ਗੁਰਿੰਦਰ ਨੇ ਪੁਲਸ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ। ਉਸ ਨੇ ਦਾਅਵਾ ਕੀਤਾ ਕਿ ਜਦੋਂ ਜੈਸਮੀਨ ਘਰ ਦੇ ਬਾਹਰ ਮੇਲਬਾਕਸ ਚੈੱਕ ਕਰ ਰਹੀ ਸੀ ਤਾਂ ਅਮਰੀਕੀ ਇਮੀਗ੍ਰੇਸ਼ਨ ਅਧਿਕਾਰੀ ਉਸ ਨੂੰ ਹਿਰਾਸਤ 'ਚ ਲੈ ਕੇ ਨਾਲ ਲੈ ਗਏ ਸੀ। ਪਰ ਜਦੋਂ ਅਧਿਕਾਰੀਆਂ ਨੇ 935 ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਨੇ ਅਜਿਹੀ ਕਿਸੇ ਵੀ ਕਾਰਵਾਈ ਤੋਂ ਸਾਫ਼ ਇਨਕਾਰ ਕਰ ਦਿੱਤਾ।

ਮਾਮਲੇ ਦੀ ਜਦੋਂ ਡੂੰਘਾਈ ਨਾਲ ਜਾਂਚ ਕੀਤੀ ਗਈ ਤਾਂ ਪੁਲਸ ਨੇ ਦੇਖਿਆ ਕਿ ਗੁਰਿੰਦਰ ਵਾਰ-ਵਾਰ ਆਪਣੇ ਬਿਆਨ ਬਦਲ ਰਿਹਾ ਹੈ। ਇਸੇ ਦੌਰਾਨ ਪੁਲਸ ਨੂੰ ਪਤਾ ਲੱਗਾ ਕਿ ਗੁਰਿੰਦਰ ਤੇ (ਬਾਕੀ ਸਫ਼ਾ 2 'ਤੇ)




## ਕੋਲਕਾਤਾ ਦੇ ਦੁਰਗਾ ਪੂਜਾ ਪੰਡਾਲ 'ਚ ਮਚੀ ਭਗਦੜ; 17 ਦੀ ਮੌਤ, 25 ਜ਼ਖ਼ਮੀ

- ਪੱਛਮੀ ਬੰਗਾਲ ਦੇ ਸਿਹਤ ਮੰਤਰੀ ਸਰਦਵਤ ਮੁਖਰਜੀ ਅਤੇ ਹੋਰ ਸੀਨੀਅਰ ਅਧਿਕਾਰੀ ਤੁਰੰਤ ਹਸਪਤਾਲ ਪੁੱਜੇ

ਕੋਲਕਾਤਾ, 17 ਅਕਤੂਬਰ (ਪੈਗਾਮ-ਏ-ਜਗਤ)

ਪੱਛਮੀ ਬੰਗਾਲ ਦੇ ਮੁੱਖ ਮੰਤਰੀ ਸ਼ੁਭੇਂਦੂ ਅਧਿਕਾਰੀ ਨੇ ਦੱਸਿਆ ਕਿ ਸ਼ਨਿੱਚਰਵਾਰ ਸ਼ਾਮ ਨੂੰ ਉੱਤਰੀ ਕੋਲਕਾਤਾ ਵਿੱਚ ਇੱਕ ਦੁਰਗਾ ਪੂਜਾ ਪੰਡਾਲ ਵਿੱਚ ਭਗਦੜ ਮਚਣ ਕਾਰਨ ਘੱਟੋ-ਘੱਟ 17 ਲੋਕਾਂ ਦੀ ਮੌਤ ਹੋ ਗਈ ਅਤੇ 25 ਹੋਰ ਜ਼ਖ਼ਮੀ ਹੋ ਗਏ। ਉਨ੍ਹਾਂ ਦੱਸਿਆ ਕਿ ਜ਼ਖ਼ਮੀਆਂ ਵਿੱਚੋਂ ਇੱਕ ਦੀ ਹਾਲਤ ਗੰਭੀਰ ਬਣੀ ਹੋਈ ਹੈ। ਇਸ ਘਟਨਾ ਤੋਂ ਬਾਅਦ ਤੁਰੰਤ ਕਲਕੱਤਾ ਮੈਡੀਕਲ ਕਾਲਜ ਅਤੇ ਹਸਪਤਾਲ ਪੁੱਜੇ ਮੁੱਖ ਮੰਤਰੀ ਅਧਿਕਾਰੀ ਨੇ ਕਿਹਾ, 17 ਲੋਕਾਂ ਨੂੰ ਮ੍ਰਿਤਕ ਹਾਲਤ ਵਿੱਚ ਹਸਪਤਾਲ ਲਿਆਂਦਾ ਗਿਆ ਸੀ, ਜਦਕਿ 25 ਹੋਰ ਜ਼ਖ਼ਮੀ ਹਨ।

ਉਨ੍ਹਾਂ ਦੱਸਿਆ ਕਿ ਉੱਤਰੀ ਕੋਲਕਾਤਾ ਵਿੱਚ ਚਿਤਰੰਜਨ ਐਵੇਨਿਊ ਨੇੜੇ ਚੋਰਬਗਾਨ ਵਿਖੇ ਦੁਰਗਾ ਪੂਜਾ ਦੇ ਪ੍ਰਬੰਧਕਾਂ ਵੱਲੋਂ ਕੀਤੇ ਗਏ ਇੱਕ ਐਲਾਨ ਕਾਰਨ ਲੋਕਾਂ ਵਿੱਚ ਹਫੜਾ-ਦਫੜੀ ਮਚ ਗਈ, ਜਿਸ ਕਾਰਨ ਇਹ



'ਦਰਦਨਾਕ ਘਟਨਾ' ਵਾਪਰੀ। ਉੱਥੇ ਹੀ ਇੱਕ ਪੁਲੀਸ ਅਧਿਕਾਰੀ ਨੇ ਦੱਸਿਆ ਕਿ ਜਿਵੇਂ ਹੀ ਮੀਂਹ ਪੈਣਾ ਸ਼ੁਰੂ ਹੋਇਆ, ਚੋਰਬਗਾਨ ਦੁਰਗਾ ਪੂਜਾ ਪੰਡਾਲ ਦੇ ਬਾਹਰ ਉਡੀਕ ਕਰ ਰਹੀ ਭੀੜ ਅੱਗੇ ਵੱਲ ਭੱਜੀ।

ਇਸ ਦੌਰਾਨ ਕੁਝ ਲੋਕ ਸੜਕ 'ਤੇ ਡਿੱਗ ਪਏ, ਜਿਸ ਕਾਰਨ ਭਗਦੜ ਮਚ ਗਈ। ਮੁੱਖ ਮੰਤਰੀ ਸ਼ੁਭੇਂਦੂ ਅਧਿਕਾਰੀ ਅਤੇ ਮੁੱਖ ਸਕੱਤਰ ਮਨੋਜ ਅਗਰਵਾਲ ਨੇ ਸਰਕਾਰੀ ਹਸਪਤਾਲ ਦਾ ਦੌਰਾ ਕੀਤਾ ਜਿੱਥੇ ਜ਼ਖ਼ਮੀਆਂ ਨੂੰ ਦਾਖ਼ਲ ਕਰਵਾਇਆ ਗਿਆ ਹੈ। ਸਿਹਤ ਮੰਤਰੀ ਸਰਦਵਤ ਮੁਖਰਜੀ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਹਸਪਤਾਲ ਪੁੱਜੇ। ਅਧਿਕਾਰੀ ਨੇ ਦੱਸਿਆ ਕਿ ਘਟਨਾ ਵਾਲੀ ਥਾਂ 'ਤੇ ਆਫ਼ਤ ਪ੍ਰਬੰਧਨ (ਡਿਜ਼ਾਸਟਰ ਮੈਨੇਜਮੈਂਟ) ਟੀਮਾਂ ਨੂੰ ਤਾਇਨਾਤ ਕਰ ਦਿੱਤਾ ਗਿਆ ਹੈ।

## ਬਿਸਕੁਟਾਂ 'ਚ ਡੰਗਰਾਂ ਵਾਲਾ 'ਚਾਰਾ', ਦੁੱਧ 'ਚ ਸਰਫ਼ !

ਐਫ.ਐਸ.ਐਸ.ਏ.ਆਈ. ਨੇ 3 ਕੰਪਨੀਆਂ ਖ਼ਿਲਾਫ਼ ਕੱਸਿਆ ਸ਼ਿਕੰਜਾ

ਨਵੀਂ ਦਿੱਲੀ, 17 ਅਕਤੂਬਰ (ਪੈਗਾਮ-ਏ-ਜਗਤ)

ਭਾਰਤੀ ਖਾਧ ਸੁਰੱਖਿਆ ਅਤੇ ਮਿਆਰ ਅਥਾਰਟੀ ਨੇ ਖਾਣ-ਪੀਣ ਵਾਲੀਆਂ ਵਸਤੂਆਂ ਵਿੱਚ ਗੰਭੀਰ ਗੜਬੜੀ ਤੇ ਅਸੁਰੱਖਿਅਤ ਮਿਲਾਵਟ ਪਾਏ ਜਾਣ ਤੋਂ ਬਾਅਦ ਤਿੰਨ ਪ੍ਰਮੁੱਖ ਕੰਪਨੀਆਂ 'ਸੂਰਿਆ ਫੂਡ ਐਂਡ ਐਗਰੋ' (ਪ੍ਰਿਆਗੋਲਡ ਬਿਸਕੁਟ), 'ਡੋਡਲਾ ਡੇਅਰੀ' ਤੇ 'ਯੂ. ਈ. ਆਈ. ਆਰ. ਆਰਗੈਨਿਕ ਫੂਡਜ਼' ਵਿਰੁੱਧ ਅਪਰਾਧਿਕ ਕੇਸ ਦਰਜ ਕਰਕੇ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਐਫ.ਐਸ.ਐਸ.ਏ.ਆਈ. ਨੇ ਇੱਕ ਸੋਸ਼ਲ ਮੀਡੀਆ ਪੋਸਟ ਰਾਹੀਂ ਜਾਣਕਾਰੀ ਦਿੱਤੀ ਕਿ ਜਾਂਚ ਦੌਰਾਨ ਬਿਸਕੁਟਾਂ ਵਿੱਚ ਪਸ਼ੂਆਂ ਵਾਲਾ ਚੋਕਰ, ਦੁੱਧ ਵਿੱਚ ਡਿਟਰਜੈਂਟ ਤੇ ਕਾਸਟਿਕ ਸੋਡਾ ਤੇ ਕਿਸ਼ਮਿਸ਼ ਵਿੱਚ ਖ਼ਤਰਨਾਕ ਕੀਟਨਾਸ਼ਕਾਂ ਦੇ ਅੰਸ਼ ਮਿਲੇ ਹਨ।

ਪ੍ਰਿਯਾਗੋਲਡ ਬਿਸਕੁਟਾਂ ਦੇ ਮਾਮਲੇ ਵਿੱਚ ਇੱਕ ਗਾਹਕ ਦੀ ਸ਼ਿਕਾਇਤ ਤੋਂ ਬਾਅਦ ਜਦੋਂ ਫੂਡ ਸੇਫ਼ਟੀ ਟੀਮ ਨੇ ਸੂਰਿਆ ਫੂਡ ਐਂਡ ਐਗਰੋ ਦੇ ਪਲਾਂਟ ਦਾ ਨਿਰੀਖਣ ਕੀਤਾ, ਤਾਂ ਉੱਥੇ ਸਫ਼ਾਈ, ਪੈਸਟ ਕੰਟਰੋਲ, ਕਰਮਚਾਰੀਆਂ ਦੀ ਹਾਈਜੀਨ ਅਤੇ ਸਮਾਨ ਦੇ ਰੱਖ-ਰਖਾਅ ਵਿੱਚ ਗੰਭੀਰ ਖਾਮੀਆਂ ਸਾਹਮਣੇ ਆਈਆਂ। ਕੰਪਨੀ ਬਿਸਕੁਟਾਂ ਵਿੱਚ ਫਾਈਬਰ ਦੀ ਮਾਤਰਾ ਵਧਾਉਣ ਲਈ ਜਿਸ ਚੋਕਰ ਦੀ ਵਰਤੋਂ ਕਰ ਰਹੀ ਸੀ, ਉਹ ਇਨਸਾਨਾਂ ਦੇ ਖਾਣ ਯੋਗ ਨਹੀਂ ਸੀ ਸਗੋਂ




ਮਵੇਸ਼ੀਆਂ ਦੇ ਚਾਰੇ ਲਈ ਤਿਆਰ ਕੀਤਾ ਗਿਆ ਸੀ, ਜਿਸ ਨਾਲ ਮਾਈਕੋਟਾਕਸਿਨ ਅਤੇ ਫੰਗਲ ਇਨਫੈਕਸ਼ਨ ਵਰਗੀਆਂ ਪਾਚਨ ਪ੍ਰਣਾਲੀ ਦੀਆਂ ਗੰਭੀਰ ਬਿਮਾਰੀਆਂ ਦਾ ਖ਼ਤਰਾ ਰਹਿੰਦਾ ਹੈ। ਇਸ ਲਾਪਰਵਾਹੀ ਕਾਰਨ ਅਥਾਰਟੀ ਨੇ ਪਹਿਲਾਂ ਕੰਪਨੀ ਦਾ ਲਾਇਸੰਸ ਮੁਅੱਤਲ ਕੀਤਾ ਸੀ ਅਤੇ ਹੁਣ ਅਦਾਲਤ ਵਿੱਚ ਮੁਕੱਦਮਾ ਚਲਾਉਣ ਦੀ ਕਾਨੂੰਨੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ।

ਦੂਜੇ ਮਾਮਲੇ ਵਿੱਚ, ਐਫ. ਐਸ. ਐਸ. ਏ.ਆਈ. ਦੀ ਟੀਮ ਨੇ ਡੋਡਲਾ ਡੇਅਰੀ ਦੇ 'ਫੁੱਲ ਕ੍ਰੀਮ ਮਿਲਕ' ਦਾ ਸੈਂਪਲ ਲਿਆ ਸੀ, ਜਿਸ ਵਿੱਚ ਮੁੱਢਲੀ ਜਾਂਚ ਦੌਰਾਨ ਫੈਟ ਦੀ ਮਾਤਰਾ ਘੱਟ ਹੋਣ ਕਾਰਨ ਇਸ ਨੂੰ ਘਟੀਆ ਮਿਆਰ ਦਾ ਘੋਸ਼ਿਤ ਕੀਤਾ ਗਿਆ ਸੀ। ਕੰਪਨੀ ਦੀ ਅਪੀਲ ਤੋਂ ਬਾਅਦ ਸੈਂਪਲ ਨੂੰ 'ਰੈਫ਼ਰਲ ਫੂਡ ਲੈਬੋਰਟਰੀ' ਭੇਜਿਆ ਗਿਆ, (ਬਾਕੀ ਸਫ਼ਾ 2 'ਤੇ)

# ਬਿਨ੍ਹਾ ਨੰਬਰ ਪਲੇਟ ਵਾਹਨਾਂ ਨੂੰ ਪੈਟਰੋਲ ਪੰਪਾਂ ਤੇ ਨਹੀਂ ਮਿਲੇਗਾ ਤੇਲ : ਡੀ.ਐਸ.ਪੀ.

**ਪੈ.ਗਾਮ-ਏ-ਜਗਤ**
**ਅੰਬਾਲਾ, 17 ਅਕਤੂਬਰ (ਆਰ.ਸਿੰਘ)**

ਅੰਬਾਲਾ ਜ਼ਿਲ੍ਹੇ ਵਿੱਚ ਅਪਰਾਧ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਕੰਟਰੋਲ ਕਰਨ ਅਤੇ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕਰਨ ਲਈ ਅੰਬਾਲਾ ਪੁਲੀਸ ਨੇ ਬਿਨਾਂ ਨੰਬਰ ਪਲੇਟਾਂ ਅਤੇ ਉੱਚ ਸੁਰੱਖਿਆ ਰਜਿਸਟ੍ਰੇਸ਼ਨ ਪਲੇਟਾਂ ਵਾਲੇ ਵਾਹਨਾਂ ਵਿਰੁੱਧ ਇੱਕ ਵਿਸ਼ੇਸ਼ ਮੁਹਿੰਮ ਤੇਜ਼ ਕਰ ਦਿੱਤੀ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਡੀਐਸਪੀ ਜਗਬੀਰ ਸਿੰਘ ਨੇ ਮੀਡੀਆ ਨੂੰ ਦੱਸਿਆ ਕਿ ਅਪਰਾਧੀ ਅਕਸਰ ਅਪਰਾਧ ਕਰਨ ਲਈ ਅਜਿਹੇ ਵਾਹਨਾਂ ਦੀ ਵਰਤੋਂ ਕਰਦੇ ਹਨ ਜਿਨ੍ਹਾਂ ਨੂੰ ਜਾਂਚ ਏਜੰਸੀਆਂ ਲਈ ਟਰੈਕ ਕਰਨਾ ਮੁਸ਼ਕਲ ਹੋ ਜਾਂਦਾ ਹੈ। ਇਸ ਸੁਰੱਖਿਆ ਖ਼ਤਰੇ ਨੂੰ ਧਿਆਨ ਵਿੱਚ ਰੱਖਦੇ ਹੋਏ, ਪੁਲਿਸ ਪ੍ਰਸ਼ਾਸਨ ਨੇ ਸਖ਼ਤ ਰੁਖ਼ ਅਪਣਾਇਆ ਹੈ।



ਡੀਐਸਪੀ ਅੰਬਾਲਾ ਜਗਬੀਰ ਸਿੰਘ ਨੇ ਦੱਸਿਆ ਕਿ ਟਰੈਫ਼ਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਪੁਲੀਸ ਵੱਲੋਂ 1 ਜਨਵਰੀ, 2026 ਤੋਂ 15 ਅਕਤੂਬਰ, 2026 ਤੱਕ ਚਲਾਈਆਂ ਗਈਆਂ ਵਿਸ਼ੇਸ਼ ਚੈਕਿੰਗ ਮੁਹਿੰਮਾਂ ਦੌਰਾਨ ਕੁੱਲ 9,906 ਬਿਨਾਂ ਨੰਬਰ ਪਲੇਟਾਂ ਵਾਲੇ ਵਾਹਨਾਂ ਦੇ ਅਤੇ ਐਚਐਸਆਰਪੀ (ਉੱਚ ਸੁਰੱਖਿਆ ਰਜਿਸਟ੍ਰੇਸ਼ਨ ਪਲੇਟ) ਉਲੰਘਣਾਵਾਂ ਲਈ ਸਿਰਫ਼ 15 ਦਿਨਾਂ ਦੇ ਅੰਦਰ ਐਚਐਸਆਰਪੀ ਨਾ ਹੋਣ ਕਾਰਨ 1,498 ਵਾਹਨਾਂ ਦੇ ਚਲਾਨ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਅੰਬਾਲਾ ਦੇ ਐਸ.ਪੀ ਵੱਲੋਂ ਉਲੰਘਣਾ ਕਰਨ ਵਾਲਿਆਂ ’ਤੇ ਕਾਰਵਾਈ ਕਰਨ ਲਈ ਭੇਜੀ ਗਈ ਇੱਕ ਵਿਸ਼ੇਸ਼ ਰਿਪੋਰਟ ਦਾ ਨੋਟਿਸ ਲੈਂਦੇ ਹੋਏ ਜ਼ਿਲ੍ਹਾ ਮੈਜਿਸਟ੍ਰੇਟ ਅੰਬਾਲਾ ਨੇ ਸਖ਼ਤ ਹੁਕਮ ਜਾਰੀ ਕੀਤਾ ਹੈ ਕਿ ਜ਼ਿਲ੍ਹੇ ਦਾ ਕੋਈ ਵੀ ਪੈਟਰੋਲ ਪੰਪ ਮਾਲਕ ਜਾਂ ਕਰਮਚਾਰੀ ਬਿਨਾਂ ਨੰਬਰ ਪਲੇਟ ਵਾਲੇ ਕਿਸੇ ਵੀ ਵਾਹਨ ਵਿੱਚ ਤੇਲ (ਪੈਟਰੋਲ/ਡੀਜ਼ਲ) ਨਹੀਂ ਭਰੇਗਾ।

ਜੇਕਰ ਕੋਈ ਪੈਟਰੋਲ ਪੰਪ ਸੰਚਾਲਕ ਜਾਂ ਕਰਮਚਾਰੀ ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਸਬੰਧਿਤ ਕਾਨੂੰਨੀ ਧਾਰਾਵਾਂ ਤਹਿਤ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਵੈਟਨਰੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਰਾਸ਼ਟਰੀ ਗੋਸ਼ਟੀ ਵਿੱਚ ਪ੍ਰਾਪਤ ਕੀਤੇ ਸੱਤ ਇਨਾਮ

**ਲੁਧਿਆਣਾ 17 ਅਕਤੂਬਰ, (ਪੈ.ਗਾਮ-ਏ-ਜਗਤ)**

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦੇ ਵੈਟਨਰੀ ਸਾਇੰਸ ਕਾਲਜ ਦੇ ਵੈਟਨਰੀ ਸਰਜਰੀ ਅਤੇ ਰੇਡੀਓਲੋਜੀ ਵਿਭਾਗ ਦੇ ਪੋਸਟ ਗ੍ਰੈਜੂਏਟ ਵਿਦਿਆਰਥੀਆਂ ਨੇ ਵੈਟਨਰੀ ਸਰਜਰੀ ਅਤੇ ਰੇਡੀਓਲੋਜੀ ਦੇ ਪਹਿਲੇ ਰਾਸ਼ਟਰੀ ਔਨਲਾਈਨ ਕਲੀਨਿਕਲ ਕੇਸ ਗੋਸ਼ਟੀ ਵਿੱਚ ਛੇ ਸੈਸ਼ਨਾਂ ਵਿੱਚ ਸੱਤ ਇਨਾਮ ਪ੍ਰਾਪਤ ਕੀਤੇ।



ਡਾ. ਇੰਦਰ ਪਾਲ ਸਿੰਘ, ਡਾ. ਚੈਤੰਨਯ ਮੋਹਿੰਦਰੂ, ਡਾ. ਅਰਜੁਨ ਐਸ. ਅਤੇ ਡਾ. ਅਮ੍ਰਿਤਾ ਲਕਸ਼ਮੀ ਕੇ. ਨੇ ਕ੍ਰਮਵਾਰ ਘੋੜਿਆਂ ਦੀ ਸਰਜਰੀ, ਪਾਲਤੂ ਜਾਨਵਰਾਂ ਦੇ ਕੋਮਲ ਟਿਸ਼ੂ ਸਰਜਰੀ, ਪੰਛੀਆਂ, ਵਿਦੇਸ਼ੀ ਜੀਵਾਂ, ਜੰਗਲੀ ਜੀਵਾਂ ਅਤੇ ਜੁਗਾਲੀ ਕਰਨ ਵਾਲੇ ਜਾਨਵਰਾਂ ਦੀ ਸਰਜਰੀ ਵਿੱਚ ਪਹਿਲੇ ਸਥਾਨ ਪ੍ਰਾਪਤ ਕੀਤੇ। ਡਾ. ਇੰਦਰ ਪਾਲ ਸਿੰਘ ਅਤੇ ਡਾ. ਅਵਨੀਤ ਜੱਸਲ ਨੇ ਘੋੜਿਆਂ ਦੀ ਸਰਜਰੀ ਅਤੇ ਕੈਂਸਰ ਸਰਜਰੀ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਡਾ. ਮੁਸਕਾਨ ਠਾਕੁਰ ਨੇ ਜੁਗਾਲੀ ਕਰਨ ਵਾਲੇ ਜਾਨਵਰਾਂ ਦੀ ਸਰਜਰੀ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ।

ਵਿਭਾਗ ਦੇ ਕੁੱਲ 13 ਪੋਸਟ ਗ੍ਰੈਜੂਏਟ ਵਿਦਿਆਰਥੀਆਂ ਨੇ ਹਿੱਸਾ ਲਿਆ, ਇਸ ਗੋਸ਼ਠੀ ਨੇ ਵੈਟਨਰੀ ਸਰਜਰੀ ਅਤੇ ਰੇਡੀਓਲੋਜੀ ਦੇ ਵਿਭਿੰਨ ਖੇਤਰਾਂ ਵਿੱਚ ਕਲੀਨਿਕਲ ਕੇਸਾਂ ਨੂੰ ਪੇਸ਼ ਕਰਨ ਅਤੇ ਚਰਚਾ ਕਰਨ ਲਈ ਇੱਕ ਰਾਸ਼ਟਰੀ ਮੰਚ ਪ੍ਰਦਾਨ ਕੀਤਾ।

ਵਿਭਾਗ ਦੇ ਮੁਖੀ ਡਾ. ਅਰੁਣ ਆਨੰਦ ਨੇ ਪੋਸਟ ਗ੍ਰੈਜੂਏਟ ਵਿਦਿਆਰਥੀਆਂ ਵਿੱਚ ਕਲੀਨਿਕਲ ਤਰਕ, ਵਿਗਿਆਨਕ ਸੰਚਾਰ ਅਤੇ ਸਰਜੀਕਲ ਫੈਸਲੇ ਲੈਣ ਨੂੰ ਮਜ਼ਬੂਤ ਕਰਨ ਵਿੱਚ ਅਜਿਹੇ ਸਮਾਗਮਾਂ ਦੀ ਭੂਮਿਕਾ ’ਤੇ ਚਾਨਣਾ ਪਾਇਆ। ਡਾ ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਪ੍ਰੇਰਿਤ ਕੀਤਾ ਕਿ ਉਹ ਪੇਸ਼ੇਵਰ ਮੰਚਾਂ ਉੱਪਰ ਵਧੇਰੇ ਭਾਗੀਦਾਰੀ ਨਾਲ ਗਿਆਨ ਨੂੰ ਵਿਸ਼ਾਲ ਕਰਨ ਅਤੇ ਵੈਟਨਰੀ ਵਿਗਿਆਨ ਵਿੱਚ ਵਿਕਾਸ ਦੇ ਨਾਲ ਤਾਲਮੇਲ ਬਣਾਉਣ ਲਈ ਯਤਨਸ਼ੀਲ ਰਹਿਣ ।

ਡਾ. ਸਵਰਨ ਸਿੰਘ ਰੰਧਾਵਾ, ਡੀਨ, ਕਾਲਜ ਆਫ਼ ਵੈਟਨਰੀ ਸਾਇੰਸ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਆਤਮਵਿਸ਼ਵਾਸ ਵਧਾਉਣ ਅਤੇ ਪੋਸਟ ਗ੍ਰੈਜੂਏਟ ਸਿਖਲਾਈ ਦੇ ਪੂਰਕ ਵਜੋਂ ਅਜਿਹੇ ਅਕਾਦਮਿਕ ਮੁਕਾਬਲਿਆਂ ਦੀ ਮਹੱਤਤਾ ’ਤੇ ਜ਼ੋਰ ਦਿੱਤਾ। ਇਹ ਪ੍ਰਾਪਤੀ ਵੈਟਨਰੀ ਸਰਜਰੀ ਅਤੇ ਰੇਡੀਓਲੋਜੀ ਵਿੱਚ ਕਲੀਨਿਕਲ ਉੱਤਮਤਾ, ਵਿਗਿਆਨਕ ਪੇਸ਼ਕਾਰੀ ਅਤੇ ਗੁਣਵੱਤਾ ਵਾਲੀ ਪੋਸਟ ਗ੍ਰੈਜੂਏਟ ਸਿੱਖਿਆ ਪ੍ਰਤੀ ਵਿਭਾਗ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

# ਮਾਰੀਚ ਦੇ ਛਲ ਵਿੱਚ ਫਸੀ ਮਾਤਾ ਸੀਤਾ, ਰਾਵਣ ਨੇ ਕੀਤਾ ਹਰਨ; ਰਾਮਲੀਲਾ ਦੇ ਮੰਚਨ ਨੇ ਬੰਨ੍ਹਿਆ ਸਮਾਂ

**ਮੋਹਾਲੀ, (ਪੈ.ਗਾਮ-ਏ-ਜਗਤ)**

ਇੱਕ ਪਾਸੇ ਸੋਨੇ ਦੇ ਹਿਰਨ ਦੇ ਆਕਰਸ਼ਣ ਵਿੱਚ ਉਲਝੀ ਮਾਤਾ ਸੀਤਾ, ਦੂਜੇ ਪਾਸੇ ਉਨ੍ਹਾਂ ਦੀ ਰੱਖਿਆ ਲਈ ਲਕਸ਼ਮਣ ਵੱਲੋਂ ਖਿੱਚੀ ਮਰਿਆਦਾ ਰੇਖਾ ਅਤੇ ਫਿਰ ਸਾਧੂ ਦੇ ਭੇਸ ਵਿੱਚ ਆਏ ਰਾਵਣ ਦਾ ਛਲ। ਰਾਮਲੀਲਾ ਅਤੇ ਦੁਸਹਿਰਾ ਗਰਾਊਂਡ, ਫੇਜ਼-1, ਮੋਹਾਲੀ ਵਿਖੇ ਸ੍ਰੀ ਰਾਮਲੀਲਾ ਅਤੇ

- **ਸੋਨੇ ਦੇ ਹਿਰਨ ਦੀ ਮਾਇਆ ਤੋਂ ਜਟਾਯੂ ਦੇ ਸੰਘਰਸ਼ ਤੱਕ, ਰਾਮਾਇਣ ਦੇ ਭਾਵੁਕ ਅਤੇ ਰੋਮਾਂਚਕ ਪ੍ਰਸੰਗ ਮੰਚ ’ਤੇ ਹੋਏ ਜੀਵੰਤ**

ਦੁਸਹਿਰਾ ਕਮੇਟੀ ਵੱਲੋਂ ਕਰਵਾਈ ਗਈ ਰਾਮਲੀਲਾ ਦੀ ਇਸ ਰਾਤ ਸੀਤਾ ਹਰਨ ਦਾ ਪ੍ਰਸੰਗ ਮੰਚ ’ਤੇ ਜੀਵੰਤ ਹੋ ਉੱਠਿਆ।



ਕਲਾਕਾਰਾਂ ਨੇ ਆਪਣੀ ਅਦਾਕਾਰੀ ਅਤੇ ਪ੍ਰਭਾਵਸ਼ਾਲੀ ਸੰਵਾਦਾਂ ਰਾਹੀਂ ਰਾਮਾਇਣ ਦੇ ਇਸ ਮਹੱਤਵਪੂਰਨ ਘਟਨਾਕ੍ਰਮ ਨੂੰ ਬਾਖ਼ੂਬੀ ਪੇਸ਼ ਕੀਤਾ। ਮੰਚਨ ਦੌਰਾਨ ਮਾਰੀਚ ਨੇ ਸੋਨੇ ਦੇ ਹਿਰਨ ਦਾ ਰੂਪ ਧਾਰ ਕੇ ਭਗਵਾਨ ਸ੍ਰੀ ਰਾਮ ਨੂੰ ਕੁਟੀਆ ਤੋਂ ਦੂਰ ਲਿਜਾਣ ਦੀ ਚਾਲ ਚੱਲੀ। ਇਸ ਤੋਂ ਬਾਅਦ ਰਾਵਣ ਸਾਧੂ ਦਾ ਭੇਸ ਧਾਰ ਕੇ ਮਾਤਾ ਸੀਤਾ ਕੋਲ ਪਹੁੰਚਿਆ ਅਤੇ ਮੌਕਾ ਮਿਲਦਿਆਂ ਹੀ ਉਨ੍ਹਾਂ ਦਾ ਹਰਨ ਕਰ ਲਿਆ। ਮਾਤਾ ਸੀਤਾ ਦੀਆਂ ਪੁਕਾਰਾਂ ਅਤੇ ਉਨ੍ਹਾਂ ਨੂੰ ਬਚਾਉਣ ਲਈ ਜਟਾਯੂ ਦੇ ਸੰਘਰਸ਼ ਨੇ ਦਰਸ਼ਕਾਂ ਨੂੰ ਭਾਵੁਕ ਕਰ ਦਿੱਤਾ। ਜਟਾਯੂ ਵੱਲੋਂ ਰਾਵਣ ਦਾ ਸਾਹਮਣਾ ਕਰਨ ਦਾ ਦ੍ਰਿਸ਼ ਧਰਮ ਦੀ ਰੱਖਿਆ ਲਈ ਹਿੰਮਤ ਅਤੇ ਬਲਿਦਾਨ ਦਾ ਸੰਦੇਸ਼ ਦਿੰਦਾ ਨਜ਼ਰ ਆਇਆ। ਇਸ ਮੰਚਨ ਵਿੱਚ ਭਗਵਾਨ ਸ੍ਰੀ ਰਾਮ ਦੀ ਭੂਮਿਕਾ ਪ੍ਰਤੀਕ, ਲਕਸ਼ਮਣ ਦੀ ਭੂਮਿਕਾ ਸੰਦੀਪ ਰਾਣਾ ਅਤੇ ਮਾਤਾ ਸੀਤਾ ਦੀ ਭੂਮਿਕਾ ਸ਼ਿਵਾਨੀ ਨੇ ਨਿਭਾਈ। ਸ਼ੂਰਪਣਖਾ ਦੀ ਭੂਮਿਕਾ ਸ਼ੰਨੂ ਅਤੇ ਰਾਵਣ ਦੀ ਭੂਮਿਕਾ ਕਮਲ ਨੇ ਨਿਭਾਈ। ਮੇਘਨਾਦ ਦੇ ਰੂਪ ਵਿੱਚ ਸਿਕੰਦਰ, ਵਿਭੀਸ਼ਣ ਦੇ ਰੂਪ ਵਿੱਚ ਅਮਿਤ ਵਰਮਾ, ਅਕਸ਼ੈ ਕੁਮਾਰ ਦੇ ਰੂਪ ਵਿੱਚ ਆਦਿੱਤਿਆ ਖੰਨਾ/ਸੰਤੋਸ਼ ਅਤੇ ਖਰ ਦੀ ਭੂਮਿਕਾ ਤਰਨਵੀਰ ਨੇ ਨਿਭਾਈ। ਦੂਸ਼ਣ ਦੀ ਭੂਮਿਕਾ ਵਿੱਚ ਯਤਿਨ, ਮਨੀਸ਼ ਅਤੇ ਨਿਤਿਨ ਨੇ ਅਦਾਕਾਰੀ ਕੀਤੀ, ਜਦਕਿ ਜਟਾਯੂ ਦੀ ਭੂਮਿਕਾ ਗੌਰਵ ਨੇ ਨਿਭਾਈ। ਮਾਮਾ ਮਾਰੀਚ ਦੇ ਰੂਪ ਵਿੱਚ ਮੋਨੂੰ ਅਤੇ ਸੋਨੇ ਦੇ ਹਿਰਨ ਦੇ ਰੂਪ ਵਿੱਚ ਸਚਿਨ ਨੇ ਮੰਚਨ ਵਿੱਚ ਹਿੱਸਾ ਲਿਆ। ਹੋਰ ਕਲਾਕਾਰਾਂ ਨੇ ਵੀ ਵੱਖ-ਵੱਖ ਰਾਕਸ਼ਸਾਂ ਅਤੇ ਦਰਬਾਰੀ ਪਾਤਰਾਂ ਦੀਆਂ ਭੂਮਿਕਾਵਾਂ ਨਿਭਾਈਆਂ। ਸੀਤਾ ਹਰਨ ਦਾ ਪ੍ਰਸੰਗ ਰਾਮਾਇਣ ਦੀ ਕਥਾ ਦਾ ਇੱਕ ਨਿਰਣਾਇਕ ਮੋੜ ਹੈ, ਜਿਸ ਤੋਂ ਬਾਅਦ ਮਾਤਾ ਸੀਤਾ ਦੀ ਭਾਲ ਅਤੇ ਰਾਵਣ ਵਿਰੁੱਧ ਸੰਘਰਸ਼ ਦੀ ਕਹਾਣੀ ਅੱਗੇ ਵਧਦੀ ਹੈ। ਇਹ ਪ੍ਰਸੰਗ ਛਲ ਤੋਂ ਸੁਚੇਤ ਰਹਿਣ, ਸੰਕਟ ਸਮੇਂ ਹਿੰਮਤ ਦਿਖਾਉਣ ਅਤੇ ਅਨਿਆਂ ਵਿਰੁੱਧ ਖੜ੍ਹੇ ਹੋਣ ਦਾ ਸੰਦੇਸ਼ ਦਿੰਦਾ ਹੈ।

ਸ੍ਰੀ ਰਾਮਲੀਲਾ ਅਤੇ ਦੁਸਹਿਰਾ ਕਮੇਟੀ ਦੇ ਪ੍ਰਧਾਨ ਆਸ਼ੂ ਸੂਦ ਦੀ ਅਗਵਾਈ ਹੇਠ ਕਰਵਾਈ ਜਾ ਰਹੀ ਰਾਮਲੀਲਾ ਦਾ ਮੰਚਨ 19 ਅਕਤੂਬਰ ਤੱਕ ਜਾਰੀ ਰਹੇਗਾ, ਜਦਕਿ 20 ਅਕਤੂਬਰ ਨੂੰ ਵਿਜੈਦਸ਼ਮੀ ਦਾ ਤਿਉਹਾਰ ਮਨਾਇਆ ਜਾਵੇਗਾ। ਕਮੇਟੀ ਨੇ ਸ਼ਹਿਰ ਵਾਸੀਆਂ ਨੂੰ ਪਰਿਵਾਰ ਸਮੇਤ ਪਹੁੰਚ ਕੇ ਰਾਮਲੀਲਾ ਦੇਖਣ ਅਤੇ ਇਸ ਧਾਰਮਿਕ ਤੇ ਸੱਭਿਆਚਾਰਕ ਪਰੰਪਰਾ ਦਾ ਹਿੱਸਾ ਬਣਨ ਦੀ ਅਪੀਲ ਕੀਤੀ ਹੈ।

# ਲਹਿਰਾਗਾਗਾ ਵਿਖੇ ਮਹਾਰਾਜਾ ਅਗਰਸੈਨ ਜੀ ਦੀ ਜੈਅੰਤੀ ਸ਼ਰਧਾ ਤੇ ਸਤਿਕਾਰ ਨਾਲ ਮਨਾਈ

**ਲਹਿਰਾਗਾਗਾ, 17 ਅਕਤੂਬਰ (ਪੈ.ਗਾਮ-ਏ-ਜਗਤ)**

- **ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਫੁੱਲਾਂ ਦਾ ਹਾਰ ਭੇਟ ਕਰਕੇ ਕੀਤਾ ਨਮਨ; ਨਗਰ ਕੌਂਸਲ ਪ੍ਰਧਾਨ ਕਾਂਤਾ ਗੋਇਲ ਵੀ ਰਹੇ ਮੌਜੂਦ**

ਲਹਿਰਾਗਾਗਾ ਵਿਖੇ ਮਹਾਰਾਜਾ ਅਗਰਸੈਨ ਜੀ ਦੀ ਜੈਅੰਤੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਈ ਗਈ। ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਮਹਾਰਾਜਾ ਅਗਰਸੈਨ ਜੀ ਨੂੰ ਫੁੱਲਾਂ ਦਾ ਹਾਰ ਭੇਟ ਕਰਕੇ ਨਮਨ ਕੀਤਾ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਯਾਦ ਕੀਤਾ। ਇਸ ਮੌਕੇ ਨਗਰ ਕੌਂਸਲ ਲਹਿਰਾਗਾਗਾ ਦੀ ਪ੍ਰਧਾਨ ਕਾਂਤਾ ਗੋਇਲ ਵੀ ਉਨ੍ਹਾਂ ਨਾਲ ਮੌਜੂਦ ਸਨ।



ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਮਹਾਰਾਜਾ ਅਗਰਸੈਨ ਜੀ ਦੀ ਜੈਅੰਤੀ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਉਨ੍ਹਾਂ ਦਾ ਜੀਵਨ ਆਪਸੀ ਸਹਿਯੋਗ, ਸਮਾਜਿਕ ਬਰਾਬਰੀ ਅਤੇ ਮਾਨਵਤਾ ਦੀ ਸੇਵਾ ਦਾ ਸੰਦੇਸ਼ ਦਿੰਦਾ ਹੈ। ਉਨ੍ਹਾਂ ਕਿਹਾ ਕਿ ਮਹਾਰਾਜਾ ਅਗਰਸੈਨ ਜੀ ਦੇ ਆਦਰਸ਼ ਸਾਨੂੰ ਲੋੜਵੰਦਾਂ ਦਾ ਸਹਾਰਾ ਬਣਨ ਅਤੇ ਸਮਾਜ ਵਿੱਚ ਪਿਆਰ ਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਪ੍ਰੇਰਿਤ ਕਰਦੇ ਹਨ। ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਮਹਾਂਪੁਰਖਾਂ ਦੀਆਂ ਜੈਅੰਤੀਆਂ ਮਨਾਉਣ ਦਾ ਅਸਲ ਮਨੋਰਥ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਹੈ। ਉਨ੍ਹਾਂ ਕਿਹਾ ਕਿ ਸਮਾਜ ਦੀ ਤਰੱਕੀ ਲਈ ਜ਼ਰੂਰੀ ਹੈ ਕਿ ਹਰ ਵਿਅਕਤੀ ਆਪਣੀ ਸਮਰੱਥਾ ਅਨੁਸਾਰ ਲੋਕ ਭਲਾਈ ਦੇ ਕਾਰਜਾਂ ਵਿੱਚ ਯੋਗਦਾਨ ਪਾਵੇ ਅਤੇ ਆਰਥਿਕ ਤੇ ਸਮਾਜਿਕ ਤੌਰ ’ਤੇ ਕਮਜ਼ੋਰ ਵਰਗਾਂ ਨੂੰ ਅੱਗੇ ਵਧਣ ਵਿੱਚ ਸਹਿਯੋਗ ਦੇਵੇ।

ਕੈਬਨਿਟ ਮੰਤਰੀ ਨੇ ਨੌਜਵਾਨ ਪੀੜ੍ਹੀ ਨੂੰ ਆਪਣੀ ਅਮੀਰ ਵਿਰਾਸਤ ਅਤੇ ਮਹਾਨ ਸ਼ਖ਼ਸੀਅਤਾਂ ਦੇ ਜੀਵਨ ਤੋਂ ਸੇਧ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਮਿਹਨਤ, ਇਮਾਨਦਾਰੀ ਅਤੇ ਸੇਵਾ ਭਾਵਨਾ ਵਰਗੀਆਂ ਕਦਰਾਂ-ਕੀਮਤਾਂ ਅਪਣਾ ਕੇ ਨੌਜਵਾਨ ਸਮਾਜ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਅ ਸਕਦੇ ਹਨ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਕਾਂਤਾ ਗੋਇਲ ਨੇ ਕਿਹਾ ਕਿ ਮਹਾਰਾਜਾ ਅਗਰਸੈਨ ਜੀ ਦੀਆਂ ਸਿੱਖਿਆਵਾਂ ਸਾਨੂੰ ਮਿਲਵਰਤਨ ਅਤੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਦਾ ਰਾਹ ਦਿਖਾਉਂਦੀਆਂ ਹਨ। ਉਨ੍ਹਾਂ ਨੇ ਸ਼ਹਿਰ ਵਾਸੀਆਂ ਨੂੰ ਆਪਸੀ ਸਾਂਝ ਕਾਇਮ ਰੱਖਦਿਆਂ ਲਹਿਰਾਗਾਗਾ ਦੀ ਬਿਹਤਰੀ ਅਤੇ ਲੋਕ ਭਲਾਈ ਦੇ ਕਾਰਜਾਂ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ।

# ਪੀਜੀਆਈ ਵੱਲੋਂ ਲੇਖਾ, ਵਿੱਤ ਅਤੇ ਆਡਿਟ ਪ੍ਰਕਿਰਿਆਵਾਂ ਸਬੰਧੀ ਵਰਕਸ਼ਾਪ ਦਾ ਆਯੋਜਨ



**ਚੰਡੀਗੜ੍ਹ, 16 ਅਕਤੂਬਰ (ਪੈ.ਗਾਮ-ਏ-ਜਗਤ)**

ਪੋਸਟਗ੍ਰੈਜੂਏਟ ਇੰਸਟੀਚਿਊਟ ਆਫ਼ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ (ਪੀਜੀਆਈ), ਚੰਡੀਗੜ੍ਹ ਦੇ ਵਿਜੀਲੈਂਸ ਸੈੱਲ ਵੱਲੋਂ ਅੱਜ “ਲੇਖਾ, ਵਿੱਤ ਅਤੇ ਆਡਿਟ ਪ੍ਰਕਿਰਿਆਵਾਂ ਤੇ ਬਿਹਤਰ ਕਾਰਜ ਪ੍ਰਣਾਲੀਆਂ” ਵਿਸ਼ੇ ’ਤੇ ਵਰਕਸ਼ਾਪ ਕਰਵਾਈ ਗਈ। ਇਹ ਵਰਕਸ਼ਾਪ ਕੇਂਦਰੀ ਵਿਜੀਲੈਂਸ ਕਮਿਸ਼ਨ (ਸੀਵੀਸੀ) ਦੇ ਦਿਸ਼ਾ-ਨਿਰਦੇਸ਼ਾਂ ਹੇਠ ਮਨਾਈ ਜਾ ਰਹੀ ਤਿੰਨ ਮਹੀਨਿਆਂ ਦੀ ਰੋਕਥਾਮੀ ਵਿਜੀਲੈਂਸ ਮੁਹਿੰਮ (17 ਅਗਸਤ ਤੋਂ 16 ਨਵੰਬਰ, 2026) ਦਾ ਹਿੱਸਾ ਸੀ।

ਵਰਕਸ਼ਾਪ ਦੇ ਤਕਨੀਕੀ ਸੈਸ਼ਨ ਨੂੰ ਪੀਜੀਆਈਐਮਈਆਰ ਦੇ ਵਿੱਤੀ ਸਲਾਹਕਾਰ ਸ੍ਰੀ ਰਵਿੰਦਰ ਸਿੰਘ, ਆਈਏਐਸ ਨੇ ਸੰਬੋਧਨ ਕੀਤਾ। ਉਨ੍ਹਾਂ ਨੇ ਸੰਸਥਾ ਦੇ ਕੰਮਕਾਜ ਨਾਲ ਸਬੰਧਤ ਲੇਖਾ, ਵਿੱਤ ਅਤੇ ਆਡਿਟ ਪ੍ਰਕਿਰਿਆਵਾਂ ਦੇ ਅਹਿਮ ਪਹਿਲੂਆਂ ਬਾਰੇ ਜਾਣਕਾਰੀ ਦਿੰਦਿਆਂ ਬਿਹਤਰ ਕਾਰਜ ਪ੍ਰਣਾਲੀਆਂ ਨੂੰ ਅਪਣਾਉਣ ਦੀ ਮਹੱਤਤਾ ਉਜਾਗਰ ਕੀਤੀ।

ਆਪਣੇ ਸ਼ੁਰੂਆਤੀ ਸੰਬੋਧਨ ਵਿੱਚ ਪੀਜੀਆਈਐਮਈਆਰ ਦੇ ਮੁੱਖ ਵਿਜੀਲੈਂਸ ਅਧਿਕਾਰੀ (ਸੀਵੀਓ) ਪ੍ਰੋ. ਸੁਨੀਲ ਡੋਗਰਾ ਨੇ ਸੰਸਥਾ ਦੇ ਰੋਜ਼ਾਨਾ ਕੰਮਕਾਜ ਵਿੱਚ ਰੋਕਥਾਮੀ ਵਿਜੀਲੈਂਸ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਵਿੱਤੀ ਨਿਯਮਾਂ ਦੀ ਪਾਲਣਾ ਕਰਨਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਪਾਰਦਰਸ਼ੀ ਫੈਸਲਾ ਪ੍ਰਕਿਰਿਆ, ਨਿਰਧਾਰਤ ਨਿਯਮਾਂ ਦੀ ਪਾਲਣਾ, ਲੋੜੀਂਦੀ ਪ੍ਰਵਾਨਗੀ, ਸਹੀ ਰਿਕਾਰਡ ਰੱਖਣਾ ਅਤੇ ਸਮੇਂ ਸਿਰ ਖਾਤਿਆਂ ਦਾ ਮਿਲਾਨ ਸੰਸਥਾਗਤ ਜਵਾਬਦੇਹੀ ਅਤੇ ਲੋਕਾਂ ਦੇ ਭਰੋਸੇ ਨੂੰ ਮਜ਼ਬੂਤ ਕਰਦੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਰੋਕਥਾਮੀ ਵਿਜੀਲੈਂਸ ਦਾ ਮਕਸਦ ਸੁਚੱਜੇ ਪ੍ਰਸ਼ਾਸਨ ਅਤੇ ਜ਼ਿੰਮੇਵਾਰ ਫੈਸਲਾ ਪ੍ਰਕਿਰਿਆ ਨੂੰ ਉਤਸ਼ਾਹਿਤ ਕਰਨਾ ਹੋਣਾ ਚਾਹੀਦਾ ਹੈ, ਨਾ ਕਿ ਜਾਇਜ਼ ਪ੍ਰਸ਼ਾਸਕੀ ਕੰਮਾਂ ਸਬੰਧੀ ਕਰਮਚਾਰੀਆਂ ਵਿੱਚ ਕਿਸੇ ਤਰ੍ਹਾਂ ਦਾ ਡਰ ਪੈਦਾ ਕਰਨਾ।

ਵਰਕਸ਼ਾਪ ਦਾ ਉਦੇਸ਼ ਫੈਕਲਟੀ ਮੈਂਬਰਾਂ, ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਵਿੱਤੀ ਨਿਯਮਾਂ ਦੀ ਸਹੀ ਪਾਲਣਾ, ਨਿਰਧਾਰਤ ਪ੍ਰਕਿਰਿਆਵਾਂ, ਲੋੜੀਂਦੇ ਦਸਤਾਵੇਜ਼ੀਕਰਨ ਅਤੇ ਜਨਤਕ ਫੰਡਾਂ ਦੇ ਪ੍ਰਬੰਧਨ ਵਿੱਚ ਜਵਾਬਦੇਹੀ ਪ੍ਰਤੀ ਜਾਗਰੂਕ ਕਰਨਾ ਸੀ। ਪੀਜੀਆਈਐਮਈਆਰ ਸੈਟੇਲਾਈਟ ਸੈਂਟਰ, ਸੰਗਰੂਰ ਦੇ ਕਰਮਚਾਰੀਆਂ ਨੇ ਵੀ ਆਨਲਾਈਨ ਮਾਧਿਅਮ ਰਾਹੀਂ ਵਰਕਸ਼ਾਪ ਵਿੱਚ ਸ਼ਮੂਲੀਅਤ ਕੀਤੀ।

ਵਰਕਸ਼ਾਪ ਵਿੱਚ ਲਗਭਗ 190 ਭਾਗੀਦਾਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ, ਜਿਨ੍ਹਾਂ ਵਿੱਚ ਡਾਕਟਰ, ਨਰਸਿੰਗ ਸਟਾਫ਼, ਪੈਰਾਮੈਡੀਕਲ ਕਰਮਚਾਰੀ ਅਤੇ ਪ੍ਰਸ਼ਾਸਕੀ ਅਮਲਾ ਸ਼ਾਮਲ ਸੀ। ਇਹ ਭਾਗੀਦਾਰੀ ਸੰਸਥਾ ਵਿੱਚ ਵਿਜੀਲੈਂਸ ਪ੍ਰਤੀ ਜਾਗਰੂਕਤਾ, ਪਾਰਦਰਸ਼ਤਾ ਅਤੇ ਸਰਕਾਰੀ ਕੰਮਕਾਜ ਵਿੱਚ ਇਮਾਨਦਾਰੀ ਨੂੰ ਉਤਸ਼ਾਹਿਤ ਕਰਨ ਦੀ ਸਾਂਝੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਇਹ ਉਪਰਾਲਾ ਨੈਤਿਕ ਆਚਰਨ ਨੂੰ ਉਤਸ਼ਾਹਿਤ ਕਰਨ, ਸੰਸਥਾਗਤ ਪ੍ਰਕਿਰਿਆਵਾਂ ਨੂੰ ਮਜ਼ਬੂਤ ਬਣਾਉਣ ਅਤੇ ਜਨਤਕ ਸਰੋਤਾਂ ਦੀ ਜ਼ਿੰਮੇਵਾਰੀ ਨਾਲ ਵਰਤੋਂ ਯਕੀਨੀ ਬਣਾਉਣ ਪ੍ਰਤੀ ਪੀਜੀਆਈਐਮਈਆਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

17 ਅਗਸਤ ਤੋਂ 16 ਨਵੰਬਰ, 2026 ਤੱਕ ਚੱਲ ਰਹੀ ਇਸ ਮੁਹਿੰਮ ਦਾ ਵਿਸ਼ਾ “ਖੁਸ਼ਹਾਲੀ ਲਈ ਇਮਾਨਦਾਰੀ”ਹੈ। ਵਿਜੀਲੈਂਸ ਜਾਗਰੂਕਤਾ ਹਫ਼ਤਾ 26 ਅਕਤੂਬਰ ਤੋਂ 1 ਨਵੰਬਰ, 2026 ਤੱਕ ਮਨਾਇਆ ਜਾਵੇਗਾ।

# ਬਦੀ ਉੱਪਰ ਨੇਕੀ ਦੀ ਜਿੱਤ ਦਾ ਪ੍ਰਤੀਕ- ਦੁਸ਼ਹਿਰਾ ਮੇਲੇ ਦਾ ਆਯੋਜਨ 20 ਅਕਤੂਬਰ ਨੂੰ

**ਮੋਹਾਲੀ 17 ਅਕਤੂਬਰ (ਪੈ.ਗਾਮ-ਏ-ਜਗਤ)**

- **ਰਾਜਸਥਾਨ, ਹਰਿਆਣਾ ਅਤੇ ਦਿੱਲੀ ਤੋਂ ਤਿਆਰ ਝਾਕੀਆਂ ਪਹੁੰਚਣਗੀਆਂ ਮੋਹਾਲੀ : ਕੁਲਦੀਪ ਸਿੰਘ ਸਮਾਣਾ, ਫੂਲਰਾਜ ਸਿੰਘ**

ਮੋਹਾਲੀ ਕਲਾ, ਸੱਭਿਆਚਾਰਕ ਅਤੇ ਵੈਲਫੇਅਰ ਕਲੱਬ (ਰਜਿ.) ਮੋਹਾਲੀ ਦੀ ਤਰਫੋਂ ਤੀਸਰੇ ਦੁਸ਼ਹਿਰਾ ਮੇਲੇ ਦਾ ਆਯੋਜਨ 20 ਅਕਤੂਬਰ ਮੰਗਲਵਾਰ ਨੂੰ ਕਰਵਾਇਆ ਜਾ ਰਿਹਾ ਹੈ, ਇਸ ਸਬੰਧੀ ਅੱਜ ਸੈਕਟਰ -79 ਦੁਸ਼ਹਿਰਾ ਮੇਲੇ ਵਾਲੀ ਥਾਂ ਤੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਕਲੱਬ ਦੇ ਪ੍ਰਧਾਨ ਕੁਲਦੀਪ ਸਿੰਘ ਸਮਾਣਾ ਅਤੇ ਜਰਨਲ ਸਕੱਤਰ - ਫੂਲਰਾਜ ਸਿੰਘ ਨੇ ਦੱਸਿਆ ਕਿ ਦੁਸ਼ਹਿਰਾ ਨੂੰ ਲੈ ਕੇ ਸਮੁੱਚੀਆਂ ਤਿਆਰਿਆਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ।



ਵਿਧਾਇਕ ਕੁਲਵੰਤ ਸਿੰਘ ਹੋਰਾਂ ਦੀ ਸਰਪ੍ਰਸਤੀ ਦੇ ਹੇਠ ਕਰਵਾਏ ਜਾ ਰਹੇ ਇਸ ਦੁਸ਼ਹਿਰਾ ਮੇਲੇ ਦੇ ਦੌਰਾਨ ਵੱਡੀ ਗਿਣਤੀ ਵਿੱਚ ਇਕੱਤਰਤਾ ਨੂੰ ਲੈ ਕੇ ਵਲੰਟੀਅਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ, ਹਰ ਇੱਕ ਕਲੱਬ ਮੈਂਬਰ ਅਤੇ ਅਹੁਦੇਦਾਰ ਵੱਲੋਂ ਇਸ ਧਾਰਮਿਕ ਸਮਾਗਮ ਨੂੰ ਲੈ ਕੇ ਆਪ -ਮੁਹਾਰੇ ਪੂਰੀ ਜਿੰਮੇਵਾਰੀ ਨਾਲ ਕੰਮ ਕਰ ਰਹੇ ਹਨ ਅਤੇ ਅਗਾਂਹ ਵੀ ਜਿੰਮੇਵਾਰੀਆਂ ਸੰਭਾਲੀਆਂ ਜਾ ਰਹੀਆਂ ਹਨ, ਉਹਨਾਂ ਦੱਸਿਆ ਕਿ ਸਮਾਗਮ ਦੇ ਮੁੱਖ ਮਹਿਮਾਨ ਵਜੋਂ ਵਿਧਾਇਕ ਕੁਲਵੰਤ ਸਿੰਘ, ਵਿਸ਼ੇਸ਼ ਮਹਿਮਾਨ ਵਜੋਂ ਲੋਕ ਸਭਾ ਮੈਂਬਰ ਸ੍ਰੀ ਅਨੰਦਪੁਰ ਸਾਹਿਬ- ਮਾਲਵਿੰਦਰ ਸਿੰਘ ਕੰਗ, ਜਦਕਿ ਦੁਸ਼ਹਿਰਾ ਮੇਲੇ ਦੇ ਦੌਰਾਨ ਉਚੇਚੇ ਤੌਰ ਤੇ ਇੰਜੀਨੀਅਰ ਪ੍ਰਭਜੋਤ ਕੌਰ- ਚੇਅਰਪਰਸਨ ਜਿਲਾ ਯੋਜਨਾ ਬੋਰਡ ਮੋਹਾਲੀ, ਮੇਅਰ ਮੋਹਾਲੀ ਕਾਰਪੋਰੇਸ਼ਨ- ਸਰਬਜੀਤ ਸਿੰਘ ਸਮਾਣਾ, ਸੀਨੀਅਰ ਡਿਪਟੀ ਮੇਅਰ- ਰਾਜਿੰਦਰ ਪ੍ਰਸਾਦ ਸ਼ਰਮਾ, ਡਿਪਟੀ ਮੇਅਰ- ਹਰਪਾਲ ਸਿੰਘ ਚੰਨਾ ਤੋਂ ਇਲਾਵਾ ਸਮੁੱਚੇ ਕੌਂਸਲਰ, ਪੰਚ, ਸਰਪੰਚ ਅਤੇ ਇਲਾਕੇ ਦੇ ਮੁਹਤਮ ਵਿਅਕਤੀ ਵੀ ਵੱਡੀ ਗਿਣਤੀ ਵਿੱਚ ਸਮਾਗਮ ਦੇ ਦੌਰਾਨ ਮੌਜੂਦ ਰਹਿਣਗੇ, ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਫੂਲਰਾਜ ਸਿੰਘ ਹੋਰਾਂ ਸਪਸ਼ਟ ਕੀਤਾ ਕਿ ਇਸ ਮੌਕੇ ਆਤਿਸ਼ਬਾਜ਼ੀ ਨਾਲ ਵਾਤਾਵਰਨ ਗੰਧਲਾ ਨਹੀਂ ਹੋਣ ਦਿੱਤਾ ਜਾਵੇਗਾ।

ਬਦੀ ਉੱਪਰ ਨੇਕੀ ਦੀ ਇੱਜ਼ਤ ਦਾ ਪ੍ਰਤੀਕ ਦੁਸ਼ਹਿਰਾ ਦਾ ਤਿਉਹਾਰ ਰਾਵਣ ਵੱਲੋਂ ਕੀਤੀ ਗਈ ਬਦੀ ਅਤੇ ਸ੍ਰੀ ਰਾਮ ਚੰਦਰ ਜੀ ਵੱਲੋਂ ਕੀਤੀ ਗਈ ਨੇਕੀ ਨੂੰ ਯਾਦ ਕੀਤਾ ਜਾਂਦਾ ਹੈ , ਜਨਰਲ ਸਕੱਤਰ - ਫੂਲਰਾਜ ਸਿੰਘ ਹੋਰਾਂ ਦੱਸਿਆ ਕਿ ਇਸ ਦੁਸ਼ਹਿਰਾ ਦੁਸਹਿਰਾ ਮੇਲੇ ਦੇ ਦੌਰਾਨ ਝਾਕੀਆਂ ਪ੍ਰੋਫੈਸ਼ਨਲ ਤੌਰ ਤੇ ਕਲਾਕਾਰਾਂ ਵੱਲੋਂ ਤਿਆਰ ਕੀਤੀਆਂ ਗਈਆਂ ਝਾਕੀਆਂ ਮੰਗਵਾਈਆਂ ਜਾ ਰਹੀਆਂ ਹਨ, ਜੋ ਕਿ ਰਾਜਸਥਾਨ, ਹਰਿਆਣਾ ਅਤੇ ਦਿੱਲੀ ਤੋਂ ਟੀਮਾਂ ਪੁੱਜ ਰਹੀਆਂ ਹਨ,

ਇਹ ਕਲਾਕਾਰ ਫੇਸ -ਇੱਕ ਮੰਦਰ ਤੋਂ ਵੱਖ - ਵੱਖ ਫੇਜਾਂ ਵਿੱਚੋਂ ਹੁੰਦੇ ਹੋਏ ਸੈਕਟਰ- 79 ਸਥਿਤ ਇਸ ਦੁਸ਼ਹਿਰੇ ਵਾਲੀ ਜਗ?ਹਾ ਤੇ ਪੁੱਜ ਕੇ ਆਪਣੀ ਕਲਾ ਦੇ ਜੌਹਰ ਦਿਖਾਉਣਗੇ, ਪੱਤਰਕਾਰਾਂ ਵੱਲੋਂ ਪੁੱਛੇ ਗਏ ਸਵਾਲ ਦੇ ਵਿੱਚ ਜਵਾਬ ਵਿੱਚ ਫੂਲਰਾਜ ਸਿੰਘ ਹੋਰਾਂ ਸਪਸ਼ਟ ਕੀਤਾ ਕਿ ਵਿਧਾਇਕ ਕੁਲਵੰਤ ਸਿੰਘ ਹੋਰਾਂ ਵੱਲੋਂ ਇਸ ਸਬੰਧੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਦੁਸ਼ਹਿਰੇ ਦਾ ਤਿਉਹਾਰ ਮਨਾਉਣ ਦੇ ਲਈ ਕੋਈ ਜਗਹਾ ਸਰਕਾਰ ਵੱਲੋਂ ਨਿਰਧਾਰਿਤ ਕੀਤੀ ਜਾਵੇ, ਪਰੰਤੂ 70 ਸਾਲਾਂ ਤੋਂ ਸਮੇਂ ਦੀਆਂ ਸਰਕਾਰਾਂ ਨੇ ਧਾਰਮਿਕ ਕੰਮਾਂ ਵੱਲ ਕਦੀ ਕੋਈ ਨਿੱਜੀ ਦਿਲਚਸਪੀ ਹੀ ਨਹੀਂ ਵਿਖਾਈ ਸਗੋਂ ਰਾਜਨੀਤਿਕ ਰੋਟੀਆਂ ਹੀ ਸੇਕੀਆਂ ਹਨ, ਪ੍ਰੰਤੂ ਵਿਧਾਇਕ ਕੁਲਵੰਤ ਸਿੰਘ ਹੋਰੀ ਇਸ ਸਬੰਧੀ ਕੋਸ਼ਿਸ਼ ਕਰ ਰਹੇ ਹਨ ਅਤੇ ਉਮੀਦ ਕੀਤੀ ਜਾ ਸਕਦੀ ਹੈ ਕਿ ਜਲਦੀ ਹੀ ਇਹ ਜਗ?ਹਾ ਵੀ ਅਲਟ ਹੋ ਜਾਵੇਗੀ, ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਫੂਲਰਾਜ ਸਿੰਘ ਹੋਰਾਂ ਦੱਸਿਆ ਕਿ ਵਿਧਾਇਕ ਕੁਲਵੰਤ ਸਿੰਘ ਹੋਰਾਂ ਦੀ ਹੀ ਸੋਚ ਸੀ ਕਿ ਉਹਨਾਂ ਦੁਸ਼ਹਿਰਾ ਮੇਲਾ ਕਰਵਾਉਣ ਦੇ ਲਈ ਕਿਹਾ, ਕਿਉਂਕਿ ਕਲੱਬ ਵੱਲੋਂ ਧਾਰਮਿਕ ਸਮਾਜ ਸੇਵੀ ਕੰਮਾਂ ਦੇ ਵਿੱਚ ਹਮੇਸ਼ਾ ਆਪਣਾ ਬਣਦਾ ਯੋਗਦਾਨ ਵੱਡੇ ਪੱਧਰ ਤੇ ਪਾਇਆ ਜਾਂਦਾ ਹੈ, ਫੂਲਰਾਜ ਸਿੰਘ ਹੋਰਾਂ ਦੱਸਿਆ ਕਿ ਦੁਸ਼ਹਿਰਾ ਮੇਲੇ ਨੂੰ ਕਰਵਾਏ ਜਾਣ ਸਬੰਧੀ ਕਲੱਬ ਦੇ ਕੁਆਰਡੀਨੇਟਰ ਅਤੇ ਪ੍ਰਸਿੱਧ ਸਮਾਜ ਸੇਵੀ- ਪਰਮਜੀਤ ਸਿੰਘ ਚੌਹਾਨ ਹੋਰਾਂ ਦੇ ਵੱਲੋਂ ਵੀ ਸਮਾਗਮ ਦੇ ਸਮੁੱਚੇ ਪ੍ਰਬੰਧਾਂ ਦਾ ਨਿਰੀਖਣ ਕੀਤਾ ਜਾ ਰਿਹਾ ਹੈ।

## ਸ.ਫ਼ਾ 1 ਦਾ ਬਾਕੀ...

**ਈ.ਡੀ. ਨੇ ਅਮਰਦੀਪ...**

ਖ਼ਿਲਾਫ਼ ਪਹਿਲਾਂ ਹੀ ਲੁੱਕ-ਆਊਟ ਸਰਕੂਲਰ ਜਾਰੀ ਕੀਤਾ ਹੋਇਆ ਸੀ ਜਿਸ ਕਾਰਨ ਭਾਰਤ ਪਰਤਣ ਸਮੇਂ ਉਨ੍ਹਾਂ ਨੂੰ ਰੋਕਿਆ ਗਿਆ।

ਇਹ ਮਾਮਲਾ ਪੰਜਾਬ ਵਿੱਚ ਤਬਾਦਲਿਆਂ ਨਾਲ ਜੁੜੀ ਕਥਿਤ 5 ਕਰੋੜ ਰੁਪਏ ਦੀ ਰਿਸ਼ਵਤ ਦੇ ਦੋਸ਼ਾਂ ਨਾਲ ਸਬੰਧਤ ਦੱਸਿਆ ਜਾ ਰਿਹਾ ਹੈ। ਈਡੀ ਵੱਲੋਂ ਇਸ ਮਾਮਲੇ ਵਿੱਚ ਜਾਂਚ ਕੀਤੀ ਜਾ ਰਹੀ ਹੈ। ਗਰੇਵਾਲ ਨੂੰ ਪਹਿਲਾਂ ਵੀ ਜਾਂਚ ਵਿੱਚ ਸ਼ਾਮਲ ਹੋਣ ਲਈ ਸੰਮਨ ਭੇਜੇ ਜਾਣ ਦੀਆਂ ਰਿਪੋਰਟਾਂ ਸਾਹਮਣੇ ਆਈਆਂ ਸਨ।

**ਬੱਚਿਆਂ ਨੂੰ ਇਸ...**

ਕਿਹਾ ਕਿ ਸੋਸ਼ਲ ਮੀਡੀਆ ਕੰਪਨੀਆਂ ਦੀ ਨਾਕਾਮੀ ਲਈ ਬੱਚਿਆਂ ਨੂੰ ਸਜ਼ਾ ਨਹੀਂ ਦਿੱਤੀ ਜਾ ਸਕਦੀ। ਜੇ ਬੱਚਿਆਂ ’ਤੇ ਪੂਰੀ ਪਾਬੰਦੀ ਲਾਈ ਜਾਂਦੀ ਹੈ ਤਾਂ ਉਹ ਅਜਿਹੀਆਂ ਵੈੱਬਸਾਈਟਾਂ ਅਤੇ ਮੰਚਾਂ ਵੱਲ ਜਾ ਸਕਦੇ ਹਨ, ਜਿੱਥੇ ਉਨ੍ਹਾਂ ਦੀ ਸੁਰੱਖਿਆ ਲਈ ਪ੍ਰਬੰਧ ਹੋਰ ਵੀ ਕਮਜ਼ੋਰ ਹੋਣ। ਅਦਾਲਤ ਨੇ ਇਹ ਵੀ ਚਿੰਤਾ ਪ੍ਰਗਟਾਈ ਕਿ ਪਾਬੰਦੀ ਦੇ ਡਰ ਕਾਰਨ ਆਨਲਾਈਨ ਧਮਕੀਆਂ ਜਾਂ ਸ਼ੋਸ਼ਣ ਦਾ ਸਾਹਮਣਾ ਕਰ ਰਹੇ ਬੱਚੇ ਆਪਣੇ ਮਾਪਿਆਂ ਜਾਂ ਭਰੋਸੇਯੋਗ ਵਿਅਕਤੀਆਂ ਨੂੰ ਦੱਸਣ ਤੋਂ ਝਿਜਕ ਸਕਦੇ ਹਨ। ਅਦਾਲਤ ਨੇ ਆਨਲਾਈਨ ਬੱਚਿਆਂ ਦੇ ਜਿਨਸੀ ਸ਼ੋਸ਼ਣ ਅਤੇ ਦੁਰਵਿਹਾਰ ਨਾਲ ਸਬੰਧਤ ਸਮੱਗਰੀ ਦੀ ਪਛਾਣ ਕਰਨ ਅਤੇ ਉਸ ਨੂੰ ਹਟਾਉਣ ਲਈ ਕੌਮੀ ਡੇਟਾਬੇਸ ਬਣਾਉਣ ਸਮੇਤ ਕਈ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ। ਕੇਂਦਰ ਸਰਕਾਰ ਨੂੰ ਇਸ ਸਬੰਧੀ ਦਿਸ਼ਾ-ਨਿਰਦੇਸ਼ ਅਤੇ ਲੋੜੀਂਦੇ ਨਿਯਮ ਤਿਆਰ ਕਰਨ ਲਈ ਕਿਹਾ ਗਿਆ ਹੈ। ਸਰਕਾਰ ਨੂੰ ਅਗਲੀ ਸੁਣਵਾਈ ’ਤੇ 10 ਦਸੰਬਰ ਤੱਕ ਕੀਤੀ ਕਾਰਵਾਈ ਬਾਰੇ ਹਲਫ਼ਨਾਮਾ ਦਾਖ਼ਲ ਕਰਨਾ ਹੋਵੇਗਾ।

**ਚੋਣ ਕਮਿਸ਼ਨ ਦੀ...**

ਵਿਚਾਰ ਕੀਤਾ ਜਾਵੇਗਾ। ਚੋਣ ਕਮਿਸ਼ਨ ਦੀ ਟੀਮ ਦਾ ਅਕਤੂਬਰ ਵਿੱਚ ਹੋਣ ਵਾਲਾ ਦੌਰਾ ਚੋਣਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਹੈ। ਇਸ ਤੋਂ ਬਾਅਦ ਪੰਜਾਬ ਵਿਧਾਨ ਸਭਾ ਚੋਣਾਂ ਦੇ ਪ੍ਰੋਗਰਾਮ ਅਤੇ ਤਾਰੀਖ਼ਾਂ ਦਾ ਐਲਾਨ ਹੋ ਸਕਦਾ ਹੈ। ਹਾਲਾਂਕਿ, ਚੋਣਾਂ ਦੀਆਂ ਤਾਰੀਖ਼ਾਂ ਬਾਰੇ ਅੰਤਿਮ ਫ਼ੈਸਲਾ ਭਾਰਤੀ ਚੋਣ ਕਮਿਸ਼ਨ ਹੀ ਕਰੇਗਾ।

**ਰਾਜਸਥਾਨ ’ਚ ਟੈਂਪੂ...**

ਮੁਸ਼ੱਕਤ ਕਰਨੀ ਪਈ। ਜ਼ਖ਼ਮੀ ਯਾਤਰੀਆਂ ਨੂੰ ਬਾਹਰ ਕੱਢਣ ਲਈ ਵਾਹਨ ਦੀਆਂ ਖਿੜਕੀਆਂ ਤੋੜਨੀਆਂ ਪਈਆਂ। ਬਚਾਅ ਕਾਰਜਾਂ ਵਿੱਚ ਲੱਗੀ ਟੀਮ ਦੇ ਇੱਕ ਮੈਂਬਰ ਨੇ ਦੱਸਿਆ ਕਿ ਖ਼ਦਸ਼ਾ ਹੈ ਕਿ ਟੈਂਪੋ ਟਰੈਵਲਰ ਜਦੋਂ ਐਕਸਪ੍ਰੈੱਸਵੇਅ ਤੋਂ ਹੇਠਾਂ ਡਿੱਗਿਆ ਤਾਂ ਅਗਲਾ ਹਿੱਸੇ ਹੇਠਾਂ ਆਇਆ ਜਿਸ ਕਾਰਨ ਵਾਹਨ ਦਾ ਅਗਲਾ ਹਿੱਸਾ ਪੂਰੀ ਤਰ੍ਹਾਂ ਨੁਕਸਾਨਿਆ ਗਿਆ। ਸਥਾਨਕ ਪੁਲੀਸ ਮੁਤਾਬਕ ਹਾਦਸੇ ਦੀ ਸੂਚਨਾ ਸਵੇਰੇ ਕਰੀਬ 6 ਵਜ ਕੇ 15 ਮਿੰਟ ’ਤੇ ਮਿਲੀ ਸੀ। ਇਸ ਤੋਂ ਬਾਅਦ ਪੁਲੀਸ ਨੇ ਸਥਾਨਕ ਲੋਕਾਂ ਦੀ ਮਦਦ ਨਾਲ ਤੁਰੰਤ ਬਚਾਅ ਕਾਰਜ ਸ਼ੁਰੂ ਕਰ ਦਿੱਤੇ। ਜ਼ਖ਼ਮੀਆਂ ਨੂੰ ਵਾਹਨ ਵਿੱਚੋਂ ਬਾਹਰ ਕੱਢ ਕੇ ਇਲਾਜ ਲਈ ਭੇਜਿਆ ਗਿਆ। ਹਾਦਸੇ ਕਾਰਨ ਦਿੱਲੀ-ਮੁੰਬਈ ਐਕਸਪ੍ਰੈੱਸਵੇਅ ’ਤੇ ਕੁਝ ਸਮੇਂ ਲਈ ਆਵਾਜਾਈ ਵੀ ਪ੍ਰਭਾਵਿਤ ਹੋਈ ਅਤੇ ਜਾਮ ਵਰਗੀ ਸਥਿਤੀ ਬਣ ਗਈ। ਬਚਾਅ ਕਾਰਜਾਂ ਅਤੇ ਹਾਦਸੇ ਵਾਲੀ ਥਾਂ ਤੋਂ ਵਾਹਨ ਨੂੰ ਹਟਾਉਣ ਦੀ ਕਾਰਵਾਈ ਦੌਰਾਨ ਆਵਾਜਾਈ ਨੂੰ ਸੁਚਾਰੂ ਬਣਾਉਣ ਦੇ ਯਤਨ ਕੀਤੇ ਗਏ।

**ਗੁਜਰਾਤ ਦੀ ਫੈਕਟਰੀ...**

ਰਹਿਣ ਵਾਲੇ ਅਨਿਕੇਤ ਹਰੀਲਾਲ ਗੌਤਮ ਤੇ ਅਰਜੁਨਕੁਮਾਰ ਰਾਮਸਿੰਘ ਗੌਤਮ ਦੀ ਵੀ ਮੌਤ ਹੋ ਗਈ। ਜ਼ਖ਼ਮੀਆਂ ਦੀ ਪਛਾਣ ਪਵਨਕੁਮਾਰ ਰਾਮਸਿੰਘ ਗੌਤਮ, ਮੌਸਮਕੁਮਾਰ ਰਾਮਸੇਵਕ ਯਾਦਵ, ਸ਼ਿਵਦਿਆਲ ਰਾਮਅਵਤਾਰ ਯਾਦਵ, ਪ੍ਰਤੀਕ ਪ੍ਰਵੀਨ ਪ੍ਰਜਾਪਤੀ ਅਤੇ ਪ੍ਰਿਯਾਂਸ਼ੂ ਬਹਾਦੁਰਲਾਲ ਵਜੋਂ ਹੋਈ ਹੈ। ਇਹ ਮਜ਼ਦੂਰ ਬਿਹਾਰ ਅਤੇ ਉੱਤਰ ਪ੍ਰਦੇਸ਼ ਨਾਲ ਸਬੰਧਤ ਹਨ। ਪੁਲੀਸ ਅਨੁਸਾਰ, ਸਾਰੇ ਜ਼ਖ਼ਮੀਆਂ ਦਾ ਇਲਾਜ ਚੱਲ ਰਿਹਾ ਹੈ। ਉਦਯੋਗਿਕ ਸੁਰੱਖਿਆ ਅਤੇ ਸਿਹਤ ਡਾਇਰੈਕਟੋਰੇਟ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਹਾਈਡ੍ਰੋਜਨੇਸ਼ਨ ਪ੍ਰਕਿਰਿਆ ਦੌਰਾਨ ਹੋਏ ਧਮਾਕੇ ਕਾਰਨ ਮੈਥੀਲੀਨ ਡਾਈਕਲੋਰਾਈਡ ਗੈਸ ਲੀਕ ਹੋਈ। ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਗੁਜਰਾਤ ਪ੍ਰਦੂਸ਼ਣ ਕੰਟਰੋਲ ਬੋਰਡ, ਉਦਯੋਗਿਕ ਸੁਰੱਖਿਆ ਅਤੇ ਸਿਹਤ ਡਾਇਰੈਕਟੋਰੇਟ ਅਤੇ ਪੁਲੀਸ ਦੇ ਅਧਿਕਾਰੀ ਮੌਕੇ ’ਤੇ ਪਹੁੰਚ ਗਏ। ਅਧਿਕਾਰੀਆਂ ਵੱਲੋਂ ਧਮਾਕੇ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਲਈ ਜਾਂਚ ਕੀਤੀ ਜਾ ਰਹੀ ਹੈ।

**ਬੰਗਲਾਦੇਸ਼ ਦੇ ਇੱਕ...**

ਹੋਣ ਤੋਂ ਬਾਅਦ ਹੀ ਲੱਗੇਗਾ। ਜਦੋਂ ਅੱਗ ਲੱਗੀ, ਤਾਂ ਰਿਜ਼ੋਰਟ ਵਿੱਚ ਲਗਭਗ 30 ਲੋਕ ਮੌਜੂਦ ਸਨ। ਇਨ੍ਹਾਂ ਵਿੱਚੋਂ 4 ਤੋਂ 5 ਵਿਅਕਤੀ ਤਾਂ ਬਚ ਨਿਕਲੇ, ਪਰ ਬਾਕੀਆਂ ਬਾਰੇ ਅਜੇ ਕੋਈ ਸਪੱਸ਼ਟ ਜਾਣਕਾਰੀ ਨਹੀਂ ਹੈ। ਅੱਗ ਬੁਝਾਊ ਅਮਲਾ ਸਵੇਰੇ 8:00 ਵਜੇ ਮੌਕੇ ’ਤੇ ਪਹੁੰਚਿਆ ਅਤੇ ਅੱਗ ਬੁਝਾਉਣ ਦਾ ਕੰਮ ਸ਼ੁਰੂ ਕੀਤਾ। ਸਵੇਰੇ 11:00 ਵਜੇ ਤੱਕ ਅੱਗ ’ਤੇ ਕਾਬੂ ਪਾ ਲਿਆ ਗਿਆ ਸੀ।

**ਟਰੰਪ ਵੱਲੋਂ ਰੂਸੀ...**

ਵਾਲੇ ਊਰਜਾ ਉਤਪਾਦਾਂ ’ਤੇ 500 ਫ਼ੀਸਦੀ ਟੈਰਿਫ ਲਗਾਉਣ ਦੀ ਵਿਵਸਥਾ ਵੀ ਸ਼ਾਮਲ ਸੀ। ਇਹ ਇੱਕ ਮਹੀਨੇ ਦੀ ਸਮਾਂ-ਸੀਮਾ ਕੱਲ੍ਹ, 18 ਅਕਤੂਬਰ ਨੂੰ ਖਤਮ ਹੋਣ ਵਾਲੀ ਸੀ।

ਲਿੰਡਸੇ ਓ. ਗ੍ਰਾਹਮ ਸੈਂਕਸ਼ਨਿੰਗ ਰਸ਼ੀਆ ਐਂਡ ਈਰਾਨ ਐਕਟ ਆਫ਼ 2026 ਦਾ ਉਦੇਸ਼ ਉਨ੍ਹਾਂ ਵਿੱਤੀ ਸਰੋਤਾਂ ਨੂੰ ਸੀਮਤ ਕਰਨਾ ਸੀ ਜੋ ਯੂਕਰੇਨ ਵਿਰੁੱਧ ਰੂਸ ਦੀ ਚੱਲ ਰਹੀ ਜੰਗ ਨੂੰ ਜਾਰੀ ਰੱਖਣ ਵਿੱਚ ਮਦਦ ਕਰ ਰਹੇ ਹਨ। ਇਸ ਵਿੱਚ ਰੂਸੀ ਅਧਿਕਾਰੀਆਂ, ਬੈਂਕਾਂ, ਊਰਜਾ ਖੇਤਰ ਨਾਲ ਜੁੜੀਆਂ ਸੰਸਥਾਵਾਂ ਅਤੇ ਉਨ੍ਹਾਂ ਵਿਦੇਸ਼ੀ ਸੰਸਥਾਵਾਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ ਜੋ ਮਾਸਕੋ ਦੇ ਫ਼ੌਜੀ ਕਾਰਜਾਂ ਦਾ ਸਮਰਥਨ ਕਰਦੀਆਂ ਹਨ। ਇਸ ਕਾਨੂੰਨ ਨੇ ਟਰੰਪ ਨੂੰ ਉਨ੍ਹਾਂ ਦੇਸ਼ਾਂ ’ਤੇ ਟੈਰਿਫ ਲਗਾਉਣ ਦਾ ਅਧਿਕਾਰ ਦਿੱਤਾ ਸੀ ਜੋ ਰੂ ਇਸ ਨਾਲ ਉਨ੍ਹਾਂ ਦੇਸ਼ਾਂ ’ਤੇ 100 ਫ਼ੀਸਦੀ ਤੱਕ ਦੇ ਟੈਰਿਫ (ਸ਼ੁਲਕ) ਲਗਾਉਣ ਦਾ ਰਾਹ ਪੱਧਰਾ ਹੋ ਗਿਆ ਜੋ ਰੂਸੀ ਤੇਲ ਅਤੇ ਗੈਸ ਖਰੀਦਦੇ ਹਨ—ਇੱਕ ਅਜਿਹੀ ਸੰਭਾਵਨਾ ਜਿਸ ਨੇ ਭਾਰਤ ਅਤੇ ਚੀਨ ਸਮੇਤ 10 ਦੇਸ਼ਾਂ ਲਈ ਖ਼ਤਰਾ ਪੈਦਾ ਕਰ ਦਿੱਤਾ।

**ਅਮਰੀਕਾ ’ਚ ਪੰਜਾਬੀ...**

ਉਸ ਦੀ ਪਤਨੀ ਜੈਸਮੀਨ ਵਿਚਾਲੇ ਤਲਾਕ ਅਤੇ ਬੱਚਿਆਂ ਦੀ ਕਸਟਡੀ ਨੂੰ ਲੈ ਕੇ ਅਦਾਲਤੀ ਕੇਸ ਚੱਲ ਰਹਾ ਸੀ। ਅਧਿਕਾਰੀਆਂ ਨੂੰ ਪਤਾ ਲੱਗਾ ਕਿ 1 ਅਕਤੂਬਰ ਨੂੰ ਐਲ ਡੋਰਾਡੋ ਕਾਊਂਟੀ ਤੋਂ ਇੱਕ ਸੜੀ ਹੋਈ ਲਾਸ਼ ਬਰਾਮਦ ਹੋਈ ਸੀ। ਜਦੋਂ ਇਸ ਲਾਸ਼ ਦੀ ਜਾਂਚ ਕੀਤੀ ਗਈ ਤਾਂ ਇਸ ਦੀ ਪਛਾਣ ਜੈਸਮੀਨ ਗਿੱਲ ਵਜੋਂ ਹੋਈ। ਠੋਸ ਸਬੂਤਾਂ ਦੇ ਆਧਾਰ ’ਤੇ ਹੋਮੀਸਾਈਡ ਡਿਟੈਕਟਿਵਜ਼ ਨੇ ਅਰੈਸਟ ਵਾਰੰਟ ਹਾਸਲ ਕਰਕੇ 14 ਅਕਤੂਬਰ ਨੂੰ ਗੁਰਿੰਦਰ ਗਿੱਲ ਨੂੰ ਗ੍ਰਿਫ਼ਤਾਰ ਕਰ ਲਿਆ। ਉਸ ਨਾਲ ਸਬੰਧਤ ਦੋ ਘਰਾਂ ਦੀ ਤਲਾਸ਼ੀ ਵੀ ਲਈ ਗਈ ਹੈ। ਸ਼ੈਰਿਫ਼ ਆਫ਼?ਸ ਅਨੁਸਾਰ ਗੁਰਿੰਦਰ ਨੂੰ ਸੈਕਰਾਮੈਂਟੋ ਕਾਊਂਟੀ ਮੇਨ ਜੇਲ੍ਹ ’ਚ ਰੱਖਿਆ ਗਿਆ ਹੈ ਅਤੇ ਉਸ ਨੂੰ ਜ਼ਮਾਨਤ ਮਿਲਣ ਦੀ ਕੋਈ ਸੰਭਾਵਨਾ ਨਹੀਂ ਹੈ। ਫਿਲਹਾਲ ਇਸ ਮਾਮਲੇ ’ਚ ਦੋਸ਼ ਸਾਬਿਤ ਹੋਣ ਮਗਰੋਂ ਅਦਾਲਤ ਵੱਲੋਂ ਗੁਰਿੰਦਰ ਨੂੰ ਸਜ਼ਾ ਸੁਣਾਈ ਜਾਵੇਗੀ।

**ਬਿਸਕੁਟਾਂ ’ਚ ਡੰਗਰਾਂ...**

ਜਿੱਥੇ ਖੁਲਾਸਾ ਹੋਇਆ ਕਿ ਦੁੱਧ ਵਿੱਚ ਡਿਟਰਜੈਂਟ ਅਤੇ ਕਾਸਟਿਕ ਸੋਡਾ ਮਿਲਾਇਆ ਗਿਆ ਸੀ, ਜੋ ਸਿਹਤ ਲਈ ਪੂਰੀ ਤਰ੍ਹਾਂ ‘ਅਸੁਰੱਖਿਅਤ’ ਹੈ ਅਤੇ ਇਸ ਨਾਲ ਪੇਟ ਵਿੱਚ ਅਲਸਰ, ਆਂਦਰਾਂ ਨੂੰ ਨੁਕਸਾਨ ਵਾ ਲਿਵਰ ਅਤੇ ਗੁਰਦਿਆਂ ’ਤੇ ਗੰਭੀਰ ਅਸਰ ਪੈ ਸਕਦਾ ਹੈ। ਇਸ ਲੈਬ ਰਿਪੋਰਟ ਦੇ ਆਧਾਰ ’ਤੇ ਡੋਡਲਾ ਡੇਅਰੀ ਅਤੇ ਇਸ ਦੇ ਉਤਪਾਦਨ ਵਾ ਮਾਰਕੀਟਿੰਗ ਨਾਲ ਜੁੜੇ ਅਧਿਕਾਰੀਆਂ ਵਿਰੁੱਧ ਕੇਸ ਦਰਜ ਕਰਨ ਦੀ ਮਨਜ਼ੂਰੀ ਦਿੱਤੀ ਗਈ ਹੈ। ਤੀਜੀ ਕਾਰਵਾਈ ਯੂ.ਈ. ਆਈ. ਆਰ. ਆਰਗੈਨਿਕ ਫੂਡਜ਼ ਵਿਰੁੱਧ ਕੀਤੀ ਗਈ ਹੈ, ਜਿਸ ਵੱਲੋਂ ਵੇਚੀ ਜਾ ਰਹੀ ਪੀਲੀ ਕਿਸ਼ਮਿਸ਼ ਦੇ ਸੈਂਪਲ ਵਿੱਚ ਤੈਅ ਮਾਪਦੰਡਾਂ ਤੋਂ ਜ਼ਿਆਦਾ ਕੀਟਨਾਸ਼ਕਾਂ ਦੇ ਅੰਸ਼ ਪਾਏ ਗਏ। ਆਰਗੈਨਿਕ ਦੇ ਨਾਂ ’ਤੇ ਵੇਚੇ ਜਾ ਰਹੇ ਉਤਪਾਦ ਵਿੱਚ ਕੈਮੀਕਲ ਤੇ ਕੀਟਨਾਸ਼ਕ ਮਿਲਣਾ ਫੂਡ ਸੇਫ਼ਟੀ ਨਿਯਮਾਂ ਦੀ ਸਿੱਧੀ ਉਲੰਘਣਾ ਹੈ, ਜਿਸ ਦੇ ਲੰਬੇ ਸਮੇਂ ਤੱਕ ਸੇਵਨ ਨਾਲ ਹਾਰਮੋਨਜ਼ ਅਤੇ ਨਰਵਸ ਸਿਸਟਮ ’ਤੇ ਬੁਰਾ ਅਸਰ ਪੈ ਸਕਦਾ ਹੈ। ਖਾਧ ਸੁਰੱਖਿਆ ਅਤੇ ਮਿਆਰ ਐਕਟ 2006 ਤਹਿਤ ਘਟੀਆ ਜਾਂ ਅਸੁਰੱਖਿਅਤ ਖਾਧ ਪਦਾਰਥ ਵੇਚਣਾ ਗੰਭੀਰ ਅਪਰਾਧ ਹੈ ਅਤੇ ਦੁੱਧ ਵਿੱਚ ਡਿਟਰਜੈਂਟ ਜਾਂ ਬਿਸਕੁਟਾਂ ਵਿੱਚ ਪਸ਼ੂਆਂ ਦਾ ਚੋਕਰ ਮਿਲਾਉਣਾ ਭੋਜਨ ਨੂੰ ‘ਅਸੁਰੱਖਿਅਤ’ ਸ਼੍ਰੇਣੀ ਵਿੱਚ ਲਿਆਉਂਦਾ ਹੈ। ਇਸ ਕਾਨੂੰਨ ਤਹਿਤ ਕੰਪਨੀਆਂ ਦਾ ਲਾਇਸੰਸ ਰੱਦ ਕਰਨ ਦੇ ਨਾਲ-ਨਾਲ ਜ਼ਿੰਮੇਵਾਰ ਅਧਿਕਾਰੀਆਂ ’ਤੇ ਭਾਰੀ ਜੁਰਮਾਨਾ ਅਤੇ ਅਦਾਲਤੀ ਸੁਣਵਾਈ ਤੋਂ ਬਾਅਦ ਜੇਲ੍ਹ ਦੀ ਸਜ਼ਾ ਦਾ ਪ੍ਰਬੰਧ ਹੈ, ਅਤੇ ਐਫ.ਐਸ.ਐਸ.ਏ.ਆਈ. ਨੇ ਸਪੱਸ਼ਟ ਕੀਤਾ ਹੈ ਕਿ ਖਪਤਕਾਰਾਂ ਦੀ ਸਿਹਤ ਨਾਲ ਕੋਈ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਰਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

# ਦਰਬਾਰ ਅਲਮਸਤ ਫ਼ਕੀਰ ਬਾਪੂ ਗੰਗਾ ਦਾਸ ਜੀ ਵਿਖੇ ਸ਼੍ਰੀ ਰਾਮ ਕਥਾ ਨਿਰੰਤਰ ਜਾਰੀ

## ਕਥਾ ਵਿਆਸ ਪ੍ਰਿਯੰਕਾ ਚੌਧਰੀ ਸੰਗਤਾਂ ਨੂੰ ਕਥਾ ਰਾਹੀਂ ਕਰਦੇ ਹਨ ਨਿਹਾਲ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਬਾਪੂ ਗੰਗਾ ਦਾਸ ਜੀ ਵੇਲਫੇਅਰ ਸੁਸਾਇਟੀ ਮਾਹਿਲਪੁਰ ਵਲੋਂ ਇਲਾਕੇ ਨਿਵਾਸੀਆਂ ਦੇ ਸਹਿਯੋਗ ਨਾਲ ਡੇਰਾ ਮੁੱਖੀ ਮਨਦੀਪ ਸਿੰਘ ਮੰਗਾ ਬੈਂਸ ਦੀ ਅਗਵਾਈ 'ਚ ਸਮਾਜ ਸੇਵੀ ਵਿੱਕੀ ਅਗਨੀਹੋਤਰੀ ਤੇ ਅਨੁਰਾਗ ਹਾਡਾਂ ਦੀ ਦੇਖ ਰੇਖ 7 ਦਿਨ੍ਹਾਂ ਸ੍ਰੀ ਰਾਮ ਕਥਾ ਸਬੰਧੀ ਸਮਾਰਮ ਕਰਵਾਇਆ ਜਾ ਰਿਹਾ ਹੈ। ਇਸ ਰਾਮ ਕਥਾ ਸਮਾਗਮ 'ਚ ਮਥਰਾ ਤੋਂ ਪ੍ਰਸਿੱਧ ਕਥਾ ਵਿਆਸ ਪ੍ਰਿਯੰਕਾ ਚੌਧਰੀ ਵਲੋਂ ਸ਼ਰਧਾਲੂਆਂ ਤੇ ਭਗਤਾਂ ਨੂੰ ਭਾਰਤੀ ਸੱਭਿਆਚਾਰ ਵਿੱਚ ਧਰਮ ਅਤੇ ਅਧਿਆਤਮ ਦਾ ਵਿਸ਼ੇਸ਼ ਮਹੱਤਵ ਦੱਸਦੇ ਹੋਏ ਕਿਹਾ ਕਿ ਅਧਿਆਤਮ ਜਿੱਥੇ ਮਨੁੱਖ ਨੂੰ ਆਤਮ-ਚਿੰਤਨ, ਮਾਨਸਿਕ ਸ਼ਾਂਤੀ ਅਤੇ ਸਕਾਰਾਤਮਕ ਸੋਚ ਵੱਲ ਪ੍ਰੇਰਿਤ ਕਰਦਾ ਹੈ, ਉੱਥੇ ਹੀ ਸ੍ਰੀ ਰਾਮ ਕਥਾ ਮਰਿਆਦਾ, ਤਿਆਗ, ਸੇਵਾ, ਸੱਚਾਈ ਅਤੇ ਫਰਜ਼ ਨਿਭਾਉਣ ਦਾ ਸੰਦੇਸ਼ ਦਿੰਦੀ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਧਾਰਮਿਕ ਕਥਾਵਾਂ ਅਤੇ ਅਧਿਆਤਮਿਕ ਪ੍ਰੋਗਰਾਮਾਂ ਰਾਹੀਂ ਨੌਜਵਾਨ ਪੀੜ੍ਹੀ ਨੂੰ ਜੋੜਨਾ ਵੀ ਬਹੁਤ ਜ਼ਰੂਰੀ ਹੈ ਤਾਂ ਜੋ ਬੱਚਿਆਂ ਅਤੇ ਨੌਜਵਾਨਾਂ ਨੂੰ ਇਮਾਨਦਾਰੀ, ਅਨੁਸ਼ਾਸਨ, ਬਜ਼ੁਰਗਾਂ ਦਾ ਸਤਿਕਾਰ ਅਤੇ ਮਨੁੱਖੀ ਸੰਵੇਦਨਾਵਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਜਾ ਸਕਦਾ ਹੈ।

ਇਸ ਮੌਕੇ ਬਾਬਾ ਸਤਨਾਮ ਦਾਸ, ਵਿਨੇ ਕਰੀਰ, ਅਨਿਲ ਕੁਮਾਰ ਕਾਲਾ, ਜੁਗਿੰਦਰ ਪਾਲ ਪਿੰਕੀ, ਵੈਦ ਰਾਕੇਸ਼ ਕੁਮਾਰ, ਅਸ਼ੋਕ ਕੁਮਾਰ ਬਿੱਲਾ, ਜਤਿਨ ਤਨੇਜਾ, ਰੋਹਿਤ ਧਵਨ, ਹਨੀ ਸਤੇਜਾ, ਰਵੀ ਤਨੇਜਾ, ਇੰਸ.ਪਰਮਜੀਤ ਸਿੰਘ ਬੈਂਸ, ਵਿਨੋਦ ਹਾਡਾਂ, ਨੰਬਰਦਾਰ ਬਾਲ ਕਿਸ਼ਨ ਅਗਨੀਹੋਤਰੀ, ਰਵਿੰਦਰ ਕੂਨਰ, ਰਾਮੇਸ਼ ਜੋਸ਼ੀ, ਇੰਸ.ਪਰਮਜੀਤ ਰਾਣਾ, ਸੋਨੂੰ ਫਰਾਂਸ, ਸੁਰਿੰਦਰਪਾਲ ਸ਼ਰਮਾਂ, ਰੋਹਿਤ ਧਵਨ, ਬਲਦੇਵ ਗੋਰੀ, ਦਿਨੇਸ਼ ਕੁਮਾਰ, ਅਸ਼ੋਕ ਬਾਲੀ, ਅਨੁਰਾਗ ਹਾਡਾਂ, ਮਾ.ਅੱਛਰ ਕੁਮਾਰ ਜੋਸ਼ੀ, ਜਤਿਨ ਤਨੇਜਾ, ਰਵੀ ਖ਼ੜਦੀ, ਗੋਪੀ ਬਸਰਾ, ਇੰਸ.ਰਾਜ ਕੁਮਾਰ, ਕਮਲ ਮਾਛਵਾੜਾ, ਗੀਟਾ ਰਾਣੀ, ਜੋਹਨ, ਰਵੀ ਠੇਕੇਦਾਰ, ਨਤਿਨ ਵਰਮਾਂ, ਜੀਵਨ ਬਾਲਾ, ਰਾਣੀ ਚਾਚੀ ਅਤੇ ਹੋਰ ਸਮਿਤੀ ਮੈਂਬਰ ਹਾਜ਼ਰ ਸਨ।

# ਉਸਮਾਨਪੁਰ ਗੁਰਮਤਿ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਹੋਈਆਂ ਨਤਮਸਤਕ

ਪੈ.ਗਾਮ-ਏ-ਜਗਤ
ਨਵਾਂਸ਼ਹਿਰ (ਦੇਸ ਰਾਜ ਬਾਲੀ)




ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਨਵਾਂ ਸ਼ਹਿਰ ਵੱਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ 557 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਗੁਰਮਤਿ ਸਮਾਗਮਾਂ ਦੀ ਲੜੀ ਦੇ ਗਿਆਰਵੇਂ ਸਮਾਗਮ ਸਕੂਲ ਗਰਾਊਂਡ ਉਸਮਾਨਪੁਰ ਵਿਖੇ ਗੁਰਦੁਆਰਾ ਸਿੰਘ ਸਭਾ ਅਤੇ ਦੂਸਰੇ ਗੁਰਦੁਆਰਾ ਸਾਹਿਬਾਨ ਦੀਆਂ ਪ੍ਰਬੰਧਕ ਕਮੇਟੀਆਂ ਵੱਲੋਂ ਸਮੁੱਚੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਚੜ੍ਹਦੀ ਕਲਾ ਅਤੇ ਸ਼ਰਧਾ ਭਾਵਨਾ ਨਾਲ ਕਰਵਾਏ ਗਏ।

ਸਕੂਲ ਦੀਆਂ ਬੱਚੀਆਂ ਹਰਨੀਤ ਕੌਰ ਅਤੇ ਨਵਪ੍ਰੀਤ ਕੌਰ ਵੱਲੋਂ ਸ਼ਬਦ ਗਾਇਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਉਹਨਾਂ ਤੋਂ ਬਾਅਦ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਰਿੰਦਰ ਸਿੰਘ ਭਾਈ ਨਛੱਤਰ ਸਿੰਘ ਦੇ ਜਥੇ ਨੇ ਬਹੁਤ ਹੀ ਮਧੁਰ ਆਵਾਜ਼ ਵਿੱਚ ਗੁਰਬਾਣੀ ਕੀਰਤਨ ਕਰਕੇ ਸੰਗਤਾਂ ਦੇ ਮਨਾਂ ਨੂੰ ਮੋਹ ਲਿਆ। ਉਹਨਾਂ ਵੱਲੋਂ ਗਾਇਨ ਕੀਤੇ ਗਏ ਸ਼ਬਦਾਂ ਨੂੰ ਸੰਗਤਾਂ ਦੇ ਨਾਲ ਨਾਲ ਉਚਾਰਨ ਕਰਕੇ ਖੂਬ ਆਨੰਦ ਮਾਣਿਆ। ਉਨ੍ਹਾਂ ਤੋਂ ਬਾਅਦ ਪੰਥ ਦੇ ਪ੍ਰਸਿੱਧ ਕਥਾਵਾਚਕ ਅਤੇ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸਰਪ੍ਰਸਤ ਗਿਆਨੀ ਸਰਬਜੀਤ ਸਿੰਘ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦੇ ਹੋਏ ਗੁਰੂ ਨਾਨਕ ਸਾਹਿਬ ਦੇ ਜੀਵਨ ਇਤਿਹਾਸ ਅਤੇ ਉਹਨਾਂ ਵੱਲੋਂ ਬਖਸ਼ੇ ਗਏ ਉਪਦੇਸ਼ਾਂ ਦਾ ਵਿਸਥਾਰ ਸਹਿਤ ਵਰਨਨ ਕੀਤਾ। ਉਹਨਾਂ ਨੇ ਅਜੋਕੇ ਹਾਲਾਤਾਂ ਵਿੱਚ ਨੌਜਵਾਨ ਵਰਗ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਗੁਰੂ ਨਾਨਕ ਸਾਹਿਬ ਵੱਲੋਂ ਦਰਸਾਏ ਮਾਰਗ ਤੇ ਚੱਲਣ ਲਈ ਪ੍ਰੇਰਤ ਕੀਤਾ। ਗੁਰੂ ਨਾਨਕ ਮਿਸ਼ਨ ਸੇਵਾ ਸੋਸਾਇਟੀ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਨੇ ਸਮੁੱਚੇ ਇਲਾਕੇ ਦੀਆਂ ਸੰਗਤਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪਿਛਲੇ ਚਾਰ ਸਾਲਾਂ ਤੋਂ ਗੁਰਮਤਿ ਸਮਾਗਮਾਂ ਦੀ ਚੱਲ ਰਹੀ ਲੜੀ ਦੌਰਾਨ ਜਿਥੇ ਗੁਰਮਤਿ ਦੇ ਪ੍ਰਚਾਰ ਅਤੇ ਪ੍ਰਸਾਰ ਨਾਲ ਸੰਗਤਾਂ ਵਿੱਚ ਜਾਗਰੂਕਤਾ ਆਈ ਹੈ ਉਥੇ ਨੌਜਵਾਨ ਵੀ ਪ੍ਰਭਾਵਿਤ ਹੋ ਕੇ ਆਪਣੇ ਵਿਰਸੇ ਨਾਲ ਜੁੜ ਰਹੇ ਹਨ। ਉਹਨਾਂ ਨੇ ਸੰਗਤਾਂ ਨੂੰ 14 15 ਅਤੇ 16 ਨਵੰਬਰ ਨੂੰ ਨਵਾਂਸ਼ਹਿਰ ਵਿਖੇ ਹੋਣ ਵਾਲੇ ਮਹਾਨ ਕੀਰਤਨ ਦਰਬਾਰ ਦੌਰਾਨ ਹਰ ਸਾਲ ਦੀ ਤਰ੍ਹਾਂ ਵੱਡੀ ਗਿਣਤੀ ਵਿੱਚ ਹਾਜ਼ਰੀਆਂ ਭਰਨ ਲਈ ਬੇਨਤੀ ਕੀਤੀ। ਸਮਾਗਮ ਦਾ ਮੰਚ ਸੰਚਾਲਨ ਭਾਈ ਤਰਲੋਚਨ ਸਿੰਘ ਖਟਕੜ ਕਲਾਂ ਵੱਲੋਂ ਕੀਤਾ ਗਿਆ। ਇਸ ਮੌਕੇ ਕੀਰਤਨੀ ਜਥੇ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਕਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਅੱਜ ਦੇ ਸਮਾਗਮ ਦੌਰਾਨ ਪ੍ਰਧਾਨ ਹਰਮਿੰਦਰ ਸਿੰਘ ਤੋਂ ਇਲਾਵਾ ਬਲਵਿੰਦਰ ਸਿੰਘ, ਦਿਲਬਾਗ ਸਿੰਘ, ਸਰਬਜੀਤ ਸਿੰਘ, ਸਤਨਾਮ ਸਿੰਘ, ਲਖਵੀਰ ਸਿੰਘ, ਸਰਵਨ ਸਿੰਘ, ਹਿੰਮਤ ਸਿੰਘ, ਜੋਗਾ ਸਿੰਘ, ਬਲਜੀਤ ਸਿੰਘ, ਕੁਲਵਿੰਦਰ ਸਿੰਘ, ਜਰਨੈਲ ਸਿੰਘ ਗੁਰਦਿਆਲ ਸਿੰਘ, ਜਗਦੀਪ ਸਿੰਘ, ਭਾਈ ਸੇਵਾ ਸਿੰਘ ਤੋਂ ਇਲਾਵਾ ਜਥੇਦਾਰ ਮਹਿੰਦਰ ਸਿੰਘ ਹੁਸੈਨਪੁਰ, ਸਤਨਾਮ ਸਿੰਘ ਜਲਵਾਹਾ, ਊਧਮ ਸਿੰਘ ਗੋਬਿੰਦਪੁਰ, ਦਿਲਬਾਗ ਸਿੰਘ ਰਾਹੋ, ਸੁਰਿੰਦਰ ਸਿੰਘ ਸੋਇਤਾ, ਮਹਿੰਦਰਪਾਲ ਸਿੰਘ ਜਲਵਾਹਾ, ਸੁਖਵਿੰਦਰ ਸਿੰਘ ਗੋਬਿੰਦਪੁਰ, ਸਤਬੀਰ ਸਿੰਘ ਗੋਨੀ, ਨੰਬਰਦਾਰ ਸਵਰਨ ਸਿੰਘ, ਅਤੇ ਸੋਸਾਇਟੀ ਵੱਲੋਂ ਉੱਤਮ ਸਿੰਘ ਸੇਠੀ, ਦੀਦਾਰ ਸਿੰਘ ਗਹੂੰਣ, ਪਲਵਿੰਦਰ ਸਿੰਘ ਕਰਿਆਮ, ਹਕੀਕਤ ਸਿੰਘ, ਡਾ: ਭਗਵਾਨ ਸਿੰਘ, ਬਲਦੇਵ ਸਿੰਘ, ਰਮਣੀਕ ਸਿੰਘ, ਜਗਦੀਪ ਸਿੰਘ, ਇੰਦਰਜੀਤ ਸਿੰਘ ਬਾਹੜਾ, ਜਗਜੀਤ ਸਿੰਘ ਬਾਟਾ, ਰਾਮਪਾਲ ਰਾਏ, ਬਖਸ਼ੀਸ਼ ਸਿੰਘ ਸੈਣੀ, ਬਾਬਾ ਗਿਆਨ ਸਿੰਘ, ਗੁਰਪਾਲ ਸਿੰਘ, ਨਵਦੀਪ ਸਿੰਘ, ਜਥੇਦਾਰ ਧਿਆਨ ਸਿੰਘ ਅਤੇ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਮੌਜੂਦ ਸਨ।

# ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਪੰਜਾਬ ਵਿਖੇ 'ਯੁਵਾ ਕੌਸ਼ਲ ਉਤਸਵ' ਸੀਜ਼ਨ 4.0 ਦਾ ਆਯੋਜਨ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਪੰਜਾਬ ਨੇ 'ਰਿਆਤ ਐਜੂਕੇਸ਼ਨਲ ਐਂਡ ਰਿਸਰਚ ਟਰੱਸਟ' ਦੀ ਸਰਪ੍ਰਸਤੀ ਹੇਠ, ਆਪਣੇ ਕੈਂਪਸ ਵਿੱਚ ਬਹੁਤ ਹੀ ਉਤਸ਼ਾਹ ਅਤੇ ਜੋਸ਼ ਨਾਲ 'ਯੁਵਾ ਕੌਸ਼ਲ ਉਤਸਵ 2026 - ਸੀਜ਼ਨ 4.0' ਦਾ ਆਯੋਜਨ ਕੀਤਾ। ਸ੍ਰੀ ਅਨੰਦਪੁਰ ਸਾਹਿਬ ਤੋਂ ਮਾਣਯੋਗ ਸੰਸਦ ਮੈਂਬਰ, ਸ. ਮਲਵਿੰਦਰ ਸਿੰਘ ਕੰਗ ਨੇ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਯੂਨੀਵਰਸਿਟੀ ਦੇ ਚਾਂਸਲਰ ਸ੍ਰੀ ਐਨ.ਐਸ. ਰਿਆਤ , ਵਾਈਸ ਚਾਂਸਲਰ ਡਾ. ਏ.ਐਸ. ਚਾਵਲਾ, ਪ੍ਰੋ-ਵਾਈਸ ਚਾਂਸਲਰ-ਕਮ-ਰਜਿਸਟਰਾਰ ਪ੍ਰੋ. ਬੀ.ਐਸ. ਸੱਤਿਆਲ ਅਤੇ ਹੋਰ ਸੀਨੀਅਰ ਅਧਿਕਾਰੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।

ਮੁੱਖ ਮਹਿਮਾਨ ਨੇ ਪਵਿੱਤਰ ਜੋਤ ਜਗਾ ਕੇ ਉਤਸਵ ਦਾ ਉਦਘਾਟਨ ਕੀਤਾ ਅਤੇ ਨੌਜਵਾਨਾਂ ਲਈ ਅਜਿਹਾ ਸ਼ਾਨਦਾਰ ਮੰਚ ਤਿਆਰ ਕਰਨ 'ਤੇ ਯੂਨੀਵਰਸਿਟੀ ਪ੍ਰਬੰਧਕਾਂ ਨੂੰ ਵਧਾਈ ਦਿੱਤੀ। ਆਪਣੇ ਸੰਬੋਧਨ ਵਿੱਚ, ਸ. ਮਲਵਿੰਦਰ ਸਿੰਘ ਕੰਗ ਨੇ ਕਿਹਾ, ਭਾਰਤ ਵਿੱਚ 65 ਫੀਸਦੀ ਆਬਾਦੀ ਨੌਜਵਾਨਾਂ ਦੀ ਹੈ, ਜੋ ਸਾਡੇ ਦੇਸ਼ ਦੀ ਰੀੜ੍ਹ ਦੀ ਹੱਡੀ ਹਨ। ਪੰਜਾਬ ਦਾ ਭਵਿੱਖ ਇਸ ਦੇ ਨੌਜਵਾਨਾਂ ਦੇ ਹੱਥਾਂ ਵਿੱਚ ਹੈ, ਉਨ੍ਹਾਂ ਨੇ ਹੀ ਅੱਗੇ ਵਧਣ ਦੀ ਦਿਸ਼ਾ ਤੈਅ ਕਰਨੀ ਹੈ। ਪੰਜਾਬ ਦੇ ਨੌਜਵਾਨਾਂ ਲਈ ਹੁਨਰ ਵਿਕਾਸ ਦੇ ਅਥਾਹ ਮੌਕੇ ਮੌਜੂਦ ਹਨ ਅਤੇ ਲੈਮਰਿਨ ਯੂਨੀਵਰਸਿਟੀ ਇਸ ਦਿਸ਼ਾ ਵਿੱਚ ਸ਼ਲਾਘਾਯੋਗ ਕੰਮ ਕਰ ਰਹੀ ਹੈ।

ਮੁੱਖ ਮਹਿਮਾਨ ਦਾ ਸਵਾਗਤ ਕਰਦਿਆਂ, ਪ੍ਰੋ-ਵਾਈਸ ਚਾਂਸਲਰ ਡਾ. ਬੀ.ਐਸ. ਸੱਤਿਆਲ ਨੇ ਦੱਸਿਆ ਕਿ ਯੂਨੀਵਰਸਿਟੀ , 'ਨਵੀਂ ਸਿੱਖਿਆ ਨੀਤੀ 2020' ਦੇ ਅਨੁਸਾਰ ਸਾਰੇ ਆਧੁਨਿਕ ਅਤੇ ਉੱਭਰਦੇ ਖੇਤਰਾਂ ਵਿੱਚ ਸਿੱਖਿਆ ਪ੍ਰਦਾਨ ਕਰ ਰਹੀ ਹੈ। ਇੱਥੇ ਹੁਨਰ-ਅਧਾਰਿਤ ਸਿੱਖਿਆ 'ਤੇ 70 ਫੀਸਦੀ ਜ਼ੋਰ ਦਿੱਤਾ ਜਾਂਦਾ ਹੈ, ਤਾਂ ਜੋ ਵਿਦਿਆਰਥੀ ਆਪਣੀ ਡਿਗਰੀ ਪੂਰੀ ਕਰਨ ਤੋਂ ਬਾਅਦ ਰੁਜ਼ਗਾਰ ਪ੍ਰਾਪਤ ਕਰਨ ਦੇ ਪੂਰੀ ਤਰ੍ਹਾਂ ਯੋਗ ਬਣ ਸਕਣ।

'ਯੁਵਾ ਕੌਸ਼ਲ ਉਤਸਵ ਸੀਜ਼ਨ 4.0' ਇੱਕ ਅਜਿਹੇ ਗਤੀਸ਼ੀਲ ਮੰਚ ਵਜੋਂ ਉੱਭਰਿਆ ਜਿਸ ਨੇ ਪੂਰੇ ਖੇਤਰ ਦੇ ਵਿਦਿਆਰਥੀਆਂ, ਸਿੱਖਿਆ ਸ਼ਾਸਤਰੀਆਂ, ਨਵੀਨਤਾਕਾਰਾਂ ਅਤੇ ਉਤਸ਼ਾਹੀ ਲੋਕਾਂ ਨੂੰ ਇੱਕ ਮੰਚ 'ਤੇ ਇਕੱਠਾ ਕੀਤਾ।

ਵੱਖ-ਵੱਖ ਸਕੂਲਾਂ ਦੇ 525 ਤੋਂ ਵੱਧ ਵਿਦਿਆਰਥੀਆਂ ਨੇ ਦੋ ਦਰਜਨ ਤੋਂ ਵੱਧ ਮੁਕਾਬਲਿਆਂ ਅਤੇ ਗਤੀਵਿਧੀਆਂ ਵਿੱਚ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ। ਇਨ੍ਹਾਂ ਵਿੱਚ ਟੈਲੇਂਟ ਹੰਟ (ਹੁਨਰ ਦੀ ਖੋਜ), ਸ਼ਾਸਤਰੀ ਅਤੇ ਲੋਕ ਨਾਚ, ਓਪਨ ਮਾਈਕ, ਬ੍ਰੇਨ ਸੈੱਲ, ਪੋਸਟਰ ਪ੍ਰਦਰਸ਼ਨੀ, ਰੱਸਾਕਸ਼ੀ , ਲੈਥ ਸਟ੍ਰਾਈਫ , ਇਲੈਕਟ੍ਰੋ ਕਰਾਫਟ ਵਿਦਿਆਰਥੀਆਂ ਨੇ ਆਪਣੇ ਵਿਹਾਰਕ ਹੁਨਰ, ਪ੍ਰਬੰਧਕੀ ਯੋਗਤਾਵਾਂ ਅਤੇ ਰਚਨਾਤਮਕਤਾ ਦਾ ਪ੍ਰਦਰਸ਼ਨ ਕਰਨ ਲਈ ਵੱਖ-ਵੱਖ ਸਟਾਲ ਲਗਾਏ।

ਸਾਰੇ ਜੇਤੂਆਂ ਨੂੰ ਯਾਦਗਾਰੀ ਚਿੰਨ੍ਹਾਂ ਅਤੇ ਸਰਟੀਫਿਕੇਟਾਂ ਨਾਲ ਸਨਮਾਨਿਤ ਕੀਤਾ ਗਿਆ। ਚਾਂਸਲਰ ਸ੍ਰੀ ਐਨ.ਐਸ. ਰਿਆਤ ਅਤੇ ਵਾਈਸ ਚਾਂਸਲਰ ਡਾ. ਏ.ਐਸ. ਚਾਵਲਾ ਨੇ ਇਨਾਮ ਵੰਡੇ ਅਤੇ ਭਾਗੀਦਾਰਾਂ ਦੇ ਨਵੀਨਤਾਕਾਰੀ ਹੁਨਰ, ਸਮਰਪਣ ਅਤੇ ਰਚਨਾਤਮਕਤਾ ਦੀ ਸ਼ਲਾਘਾ ਕੀਤੀ। ਡਾ. ਏ.ਐਸ. ਚਾਵਲਾ ਨੇ ਆਪਣੇ ਸੰਬੋਧਨ ਵਿੱਚ ਕਿਹਾ, ਬਿਨਾਂ ਕਿਸੇ ਦਬਾਅ ਦੇ ਭਾਗ ਲੈਣਾ ਸਿੱਖਣ ਦਾ ਸਭ ਤੋਂ ਵਧੀਆ ਤਰੀਕਾ ਹੈ। ਇਹ ਮੰਚ 'ਤੇ ਪ੍ਰਭਾਵ ਪਾਉਂਦਾ ਹੈ, ਦਰਸ਼ਕਾਂ ਨਾਲ ਜੁੜਦਾ ਹੈ ਅਤੇ ਆਤਮ-ਵਿਸ਼ਵਾਸ ਪੈਦਾ ਕਰਦਾ ਹੈ, ਅਤੇ ਆਤਮ-ਵਿਸ਼ਵਾਸ ਹੀ ਸਫਲਤਾ ਦੀ ਕੁੰਜੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਸਮਰੱਥਾ ਨੂੰ ਪਛਾਣਨ, ਨਿਡਰ ਹੋ ਕੇ ਨਵੀਆਂ ਕਾਢਾਂ ਕੱਢਣ ਅਤੇ ਰਾਸ਼ਟਰ ਨਿਰਮਾਣ ਵਿੱਚ ਅਰਥਪੂਰਨ ਯੋਗਦਾਨ ਪਾਉਣ ਲਈ ਉਤਸ਼ਾਹਿਤ ਕੀਤਾ।

ਇਸ ਸਮਾਗਮ ਵਿੱਚ ਹੁਨਰ, ਤਕਨਾਲੋਜੀ ਅਤੇ ਨਵੀਨਤਾ ਦੀ ਤਾਕਤ ਦਾ ਜਸ਼ਨ ਮਨਾਇਆ ਗਿਆ, ਜਿਸ ਵਿੱਚ ਭਵਿੱਖ ਦੇ ਮੌਕਿਆਂ ਨੂੰ ਉਜਾਗਰ ਕੀਤਾ ਗਿਆ ਅਤੇ ਤਕਨੀਕੀ ਖੇਤਰ ਦੀ ਅਗਲੀ ਪੀੜ੍ਹੀ ਨੂੰ ਪ੍ਰੇਰਿਤ ਕੀਤਾ ਗਿਆ।

ਵੱਖ-ਵੱਖ ਸਕੂਲਾਂ ਦੇ ਲਗਭਗ 3000 ਵਿਦਿਆਰਥੀਆਂ ਨੇ ਇਸ ਵਿਸ਼ਾਲ ਸਮਾਗਮ ਵਿੱਚ ਸ਼ਿਰਕਤ ਕੀਤੀ ਅਤੇ ਕੀਮਤੀ ਗਿਆਨ ਤੇ ਨਵੇਂ ਤਜਰਬੇ ਹਾਸਲ ਕੀਤੇ।

ਇਸ ਮੌਕੇ 'ਤੇ ਸੀ.ਈ.ਓ. ਸ੍ਰੀ ਵਿਮਲ ਮਲਹੋਤਰਾ, ਡਾ. ਐਨ.ਐਸ. ਗਿੱਲ, ਡਾ. ਐਚ.ਪੀ.ਐਸ. ਧਾਮੀ, ਡਾ. ਆਸ਼ੂਤੋਸ਼ ਸ਼ਰਮਾ (ਸਾਰੇ ਕਾਰਜਕਾਰੀ ਡੀਨ), ਡਾ. ਰਜਿੰਦਰ ਕੌਰ, ਡਾ. ਅਮਿਤ ਸ਼ਰਮਾ, ਇੰਜੀਨੀਅਰ ਅਮਨਦੀਪ ਸਿੰਘ, ਇੰਜੀਨੀਅਰ ਮਨਦੀਪ ਅਟਵਾਲ, ਪ੍ਰੋਫੈਸਰ ਨਰਿੰਦਰ ਭੁੰਬਲਾ (ਪੀ.ਆਰ.ਓ.) ਅਤੇ ਹੋਰ ਸੀਨੀਅਰ ਅਧਿਕਾਰੀ, ਫੈਕਲਟੀ ਮੈਂਬਰ ਅਤੇ ਵਿਦਿਆਰਥੀ ਮੌਜੂਦ ਸਨ।

# ਲੋੜਵੰਦਾਂ ਦੀ ਮਦਦ ਕਰਨਾ ਸਭ ਤੋਂ ਵੱਡਾ ਪੁੰਨ ਹੈ: ਸਵਾਤੀ ਜੀ ਮਹਾਰਾਜ

ਪੈ.ਗਾਮ-ਏ-ਜਗਤ
ਨਵਾਂਸ਼ਹਿਰ (ਦੇਸ ਰਾਜ ਬਾਲੀ)



ਸ਼੍ਰੀ ਵਰਧਮਾਨ ਜੈਨ ਸੇਵਾ ਸੰਘ ਦੇ ਪ੍ਰਧਾਨ ਮੁਨੀਸ਼ ਜੈਨ ਅਤੇ ਜਨਰਲ ਸਕੱਤਰ ਰਤਨ ਕੁਮਾਰ ਜੈਨ ਨੇ ਦੱਸਿਆ ਕਿ ਮਹਾ ਸਾਧਵੀ ਡਾ. ਸ਼੍ਰੀ ਸਵਾਤੀ ਜੀ ਮਹਾਰਾਜ, ਸ਼੍ਰੀ ਸੁਪ੍ਰਗਿਆ ਜੀ ਮਹਾਰਾਜ, ਸ਼੍ਰੀ ਸੁਦੀਪਤੀ ਜੀ ਮਹਾਰਾਜ ਅਤੇ ਸ਼੍ਰੀ ਸੁਵਿਧੀ ਜੀ ਮਹਾਰਾਜ ਦੀ ਮੌਜੂਦਗੀ ਵਿੱਚ ਜੈਨ ਸਥਾਨਕ ਵਿਖੇ ਆਯੋਜਿਤ 159ਵੇਂ ਮਾਸਿਕ ਰਾਸ਼ਨ ਵੰਡ ਸਮਾਰੋਹ ਵਿੱਚ 20 ਲੋੜਵੰਦ ਵਿਅਕਤੀਆਂ ਨੂੰ ਰਾਸ਼ਨ ਪ੍ਰਾਪਤ ਹੋਇਆ।

ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼੍ਰੀ ਮਹਾਵੀਰ ਜੈਨ ਯੁਵਕ ਮੰਡਲ ਦੇ ਪ੍ਰਧਾਨ ਪੰਕਜ ਜੈਨ, ਉਨ੍ਹਾਂ ਦੀ ਪਤਨੀ ਦੀਕਸ਼ਾ ਜੈਨ ਅਤੇ ਧੀ ਵੇਦਾਂਸ਼ੀ ਜੈਨ ਮੌਜੂਦ ਸਨ। ਇਸ ਮੌਕੇ ਮਹਾ ਸਾਧਵੀ ਡਾ. ਸ਼੍ਰੀ ਸਵਾਤੀ ਜੀ ਮਹਾਰਾਜ ਅਤੇ ਮਹਾ ਸਾਧਵੀ ਸ਼੍ਰੀ ਸੁਪ੍ਰਗਿਆ ਜੀ ਮਹਾਰਾਜ ਨੇ ਕਿਹਾ ਕਿ ਸਮਾਜ ਦੇ ਕਿਸੇ ਵੀ ਲੋੜਵੰਦ ਵਿਅਕਤੀ ਦੀ ਮਦਦ ਕਰਨਾ ਸਭ ਤੋਂ ਵੱਡਾ ਦਾਨ ਹੈ। ਸਾਨੂੰ ਹਮੇਸ਼ਾ ਗਰੀਬਾਂ ਅਤੇ ਲੋੜਵੰਦਾਂ ਦੀ ਸੇਵਾ ਕਰਨ ਲਈ ਤਿਆਰ ਰਹਿਣਾ ਚਾਹੀਦਾ ਹੈ। ਸ਼੍ਰੀ ਵਰਧਮਾਨ ਜੈਨ ਸੇਵਾ ਸੰਘ ਨੇ ਲੋੜਵੰਦਾਂ ਨੂੰ ਦਿੱਤੀ ਜਾ ਰਹੀ ਸੇਵਾ ਦੀ ਸ਼ਲਾਘਾ ਕੀਤੀ ਅਤੇ ਸਾਰਿਆਂ ਨੂੰ ਇਸ ਨੇਕ ਕਾਰਜ ਵਿੱਚ ਯੋਗਦਾਨ ਪਾਉਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਜੈਨ ਸਭਾ ਦੇ ਪ੍ਰਧਾਨ ਮੁਨੀਸ਼ ਜੈਨ, ਸ਼੍ਰੀ ਵਰਧਮਾਨ ਜੈਨ ਸੇਵਾ ਸੰਘ ਦੇ ਅਹੁਦੇਦਾਰਾਂ ਸਮੇਤ ਜਨਰਲ ਸਕੱਤਰ ਰਤਨ ਕੁਮਾਰ ਜੈਨ, ਖਜ਼ਾਨਚੀ ਅਚਲ ਜੈਨ, ਸਹਿ-ਖਜ਼ਾਨਚੀ ਰਾਕੇਸ਼ ਜੈਨ ਬੱਬੀ, ਦਰਸ਼ਨ ਜੈਨ, ਪਦਮ ਜੈਨ, ਮਨੋਜ ਜੈਨ, ਚੰਦਨ ਜੈਨ, ਯੁਵਾ ਮੰਡਲ ਪ੍ਰਧਾਨ ਰਿਤੂ ਜੈਨ, ਨੀਤਿਕਾ ਜੈਨ, ਦੀਪਿਕਾ ਜੈਨ, ਦੀਕਸ਼ਾ ਜੈਨ ਅਤੇ ਹੋਰ ਹਾਜ਼ਰ ਸਨ।

# ਜਨਮ ਸਥਾਨ ਕੁਟੀਆ ਬ੍ਰਹਮਲੀਨ 108 ਸੰਤ ਬਾਬਾ ਦਲੇਲ ਸਿੰਘ ਜੀ ਵਿਖੇ 20 ਅਤੇ 21 ਨਵੰਬਰ ਨੂੰ ਹੋਣ ਵਾਲੇ ਸਲਾਨਾ ਧਾਰਮਿਕ ਸਮਾਗਮ ਦਾ ਪੋਸਟਰ ਜਾਰੀ ਕੀਤਾ ਗਿਆ





ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਟੂਟੋ ਮਜਾਰਾ ਵਿਖੇ ਸਥਿਤ ਜਨਮ ਸਥਾਨ ਬ੍ਰਹਮਲੀਨ 108 ਸੰਤ ਬਾਬਾ ਦਲੇਲ ਸਿੰਘ ਜੀ ਵਿਖੇ ਸਲਾਨਾ ਬਰਸੀ ਸਮਾਗਮ 20 ਅਤੇ 21 ਨਵੰਬਰ ਨੂੰ ਕੁਟੀਆ ਦੇ ਮੁੱਖ ਸੇਵਾਦਾਰ ਬਾਬਾ ਮੱਖਣ ਸਿੰਘ ਜੀ ਅਤੇ ਬਾਬਾ ਬਲਬੀਰ ਸਿੰਘ ਸ਼ਾਸਤਰੀ ਜੀ ਦੀ ਅਗਵਾਈ ਹੇਠ, ਸਮੂਹ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਵਾਂਗ ਇਸ ਸਾਲ ਵੀ ਬਹੁਤ ਹੀ ਪ੍ਰੇਮ ਅਤੇ ਸ਼ਰਧਾ ਨਾਲ ਮਨਾਇਆ ਜਾਵੇਗਾ।

- **ਇਹ ਪੋਸਟਰ ਕੁਟੀਆ ਦੇ ਮੁੱਖ ਸੇਵਾਦਾਰ ਬਾਬਾ ਮੱਖਣ ਸਿੰਘ ਜੀ ਅਤੇ ਬਾਬਾ ਬਲਬੀਰ ਸਿੰਘ ਸ਼ਾਸਤਰੀ ਜੀ ਵੱਲੋਂ ਸੰਗਤਾਂ ਦੀ ਹਾਜ਼ਰੀ ਵਿੱਚ ਜਾਰੀ ਕੀਤਾ ਗਿਆ**

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ, ਕੁਟੀਆ ਦੇ ਮੁੱਖ ਸੇਵਾਦਾਰ ਬਾਬਾ ਮੱਖਣ ਸਿੰਘ ਜੀ ਅਤੇ ਬਾਬਾ ਬਲਬੀਰ ਸਿੰਘ ਸ਼ਾਸਤਰੀ ਜੀ ਵੱਲੋਂ ਸਮੂਹ ਸੰਗਤਾਂ ਦੀ ਹਾਜ਼ਰੀ ਵਿੱਚ ਬਰਸੀ ਸਮਾਗਮ ਦਾ ਪੋਸਟਰ ਜਾਰੀ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਇਹ ਵਾਰਸ਼ਿਕ ਸਮਾਗਮ ਬ੍ਰਹਮਲੀਨ 108 ਸੰਤ ਬਾਬਾ ਦਲੇਲ ਸਿੰਘ ਜੀ ਦੀ 27ਵੀਂ ਸਲਾਨਾ ਬਰਸੀ, ਸੰਤ ਸਤਨਾਮ ਜੀ ਦੀ ਵਾਰਸ਼ਿਕ ਬਰਸੀ ਅਤੇ ਬ੍ਰਹਮਲੀਨ ਸੰਤ ਬਾਬਾ ਜਗਦੇਵ ਸਿੰਘ ਮੋਨੀ ਜੀ ਦੀ 17ਵੀਂ ਵਾਰਸ਼ਿਕ ਬਰਸੀ ਨੂੰ ਸਮਰਪਿਤ ਹੈ, ਜੋ 20 ਅਤੇ 21 ਨਵੰਬਰ ਨੂੰ ਬੜੀ ਸ਼ਰਧਾ ਅਤੇ ਪ੍ਰੇਮ ਨਾਲ ਮਨਾਇਆ ਜਾਵੇਗਾ। ਇਹ ਸਮਾਗਮ ਦਾ ਪੋਸਟਰ ਅੱਜ ਜਾਰੀ ਕਰਦੇ ਹੋਏ ਮਹਾਪੁਰਸ਼ਾਂ ਵੱਲੋਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਗਈ ਕਿ ਉਹ ਇਸ ਸਮਾਗਮ ਵਿੱਚ ਭਾਰੀ ਗਿਣਤੀ ਵਿੱਚ ਸ਼ਾਮਲ ਹੋ ਕੇ ਮਹਾਪੁਰਸ਼ਾਂ ਦਾ ਆਸ਼ੀਰਵਾਦ ਪ੍ਰਾਪਤ ਕਰਨ।

# ਖ਼ਾਲਸਾ ਕਾਲਜ ਦਾ ਬੀ.ਏ. ਦੂਜੇ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ



ਪੈ.ਗਾਮ-ਏ-ਜਗਤ/ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਇਥੋਂ ਦੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਦਾ ਬੀ.ਏ. ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ ਹੈ।

ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਦੱਸਿਆ ਕਿ ਬੀ.ਏ. ਸਮੈਸਟਰ ਦੂਜਾ ਦੇ ਨਤੀਜੇ ਵਿਚ ਵਿਦਿਆਰਥਣ ਜਸਪ੍ਰੀਤ ਕੌਰ ਨੇ 7.75 ਸੀਜੀਪੀਏ ਪ੍ਰਾਪਤ ਕਰਕੇ ਕਲਾਸ ਵਿਚੋਂ ਪਹਿਲਾ ਸਥਾਨ, ਭਾਰਤੀ ਦੇਵੀ ਨੇ 7.63 ਸੀਜੀਪੀ.ਏ. ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਕਿਰਨਜੀਤ ਕੌਰ ਨੇ 7.38 ਸੀਜੀਪੀਏ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਿਲ ਕੀਤਾ ਹੈ। ਪ੍ਰਿੰਸੀਪ ਡਾ. ਅਮਨਦੀਪ ਹੀਰਾ ਨੇ ਸ਼ਾਨਦਾਰ ਨਤੀਜੇ ਲਈ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਪ੍ਰਾਪਤੀ ਵਿਦਿਆਰਥੀਆਂ ਦੀ ਮਿਹਨਤ, ਲਗਨ ਅਤੇ ਅਧਿਆਪਕਾਂ ਵਲੋਂ ਕੀਤੀ ਗਈ ਯੋਗ ਅਗਵਾਈ ਦਾ ਸਿੱਟਾ ਹੈ। ਉਨ੍ਹਾਂ ਵਿਦਿਆਰਥਣਾਂ ਦੇ ਮਾਪਿਆਂ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ ਤੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਕਾਲਜ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਅਤੇ ਮਿਆਰੀ ਸਿੱਖਿਆ ਲਈ ਲਗਾਤਾਰ ਯਤਨਸ਼ੀਲ ਹੈ।

# ਸਾਈਬਰ ਸੁਰੱਖਿਆ ਸਬੰਧੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ

ਚੰਡੀਗੜ੍ਹ, 17 ਅਕਤੂਬਰ (ਪੈ.ਗਾਮ-ਏ-ਜਗਤ)



ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, 37- ਡੀ, ਚੰਡੀਗੜ੍ਹ ਵਿੱਚ ਸਾਈਬਰ ਸੁਰੱਖਿਆ ਸਬੰਧੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਵਿਦਿਆਰਥੀਆਂ ਨੂੰ ਸਾਈਬਰ ਸੁਰੱਖਿਆ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੂੰ ਇੰਟਰਨੈਟ ਦੀ ਸੁਰੱਖਿਅਤ ਵਰਤੋਂ, ਆਨਲਾਈਨ ਧੋਖਾਧੜੀ ਤੋਂ ਬਚਾਅ ਅਤੇ ਆਪਣੀ ਨਿੱਜੀ ਜਾਣਕਾਰੀ ਦੀ ਸੁਰੱਖਿਆ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਅੱਜ ਦੇ ਡਿਜੀਟਲ ਯੁੱਗ ਵਿੱਚ ਸਾਈਬਰ ਸੁਰੱਖਿਆ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਨੂੰ ਮਜ਼ਬੂਤ ਪਾਸਵਰਡ ਬਣਾਉਣ, ਓਟੀਪੀ ਕਿਸੇ ਨਾਲ ਸਾਂਝਾ ਨਾ ਕਰਨ, ਸ਼ੱਕੀ ਲਿੰਕਾਂ ਤੇ ਕਲਿੱਕ ਨਾ ਕਰਨ ਅਤੇ ਸੋਸ਼ਲ ਮੀਡੀਆ ਦੀ ਵਰਤੋਂ ਸਾਵਧਾਨੀ ਨਾਲ ਕਰਨ ਲਈ ਪ੍ਰੇਰਿਤ ਕੀਤਾ ਗਿਆ।

## ਸਰਦੂਲ ਅਬਰਾਵਾਂ ਨੂੰ ਸਦਮਾ, ਪਿਤਾ ਉਜਾਗਰ ਸਿੰਘ ਦਾ ਦੇਹਾਂਤ

*ਐਸ ਏ ਐਸ ਨਗਰ, 17 ਅਕਤੂਬਰ (ਪੈ.ਗਾਮ-ਏ-ਜਗਤ)*

*ਚੰਡੀਗੜ੍ਹ ਦੇ ਸੀਨੀਅਰ ਪੱਤਰਕਾਰ ਸਰਦੂਲ ਸਿੰਘ ਅਬਰਾਵਾਂ ਦੇ ਪਿਤਾ ਸ. ਉਜਾਗਰ ਸਿੰਘ (ਸੇਵਾਮੁਕਤ ਐਸਡੀਓ) ਦਾ ਪਿਛਲੇ ਦਿਨੀਂ ਮੁਹਾਲੀ ਵਿੱਚ ਦੇਹਾਂਤ ਹੋ ਗਿਆ ਹੈ। ਉਹ ਪਹਿਲਾਂ ਪੋਸਟ ਐਂਡ ਟੈਲੀਫੋਨ ਬਾਅਦ ਵਿਚ ਡਿਪਾਰਟਮੈਂਟ ਆਫ ਟੈਲੀਕਮਿਊਨੀਕੇਸ਼ਨ (ਹੁਣ ਬੀ.ਐਸ .ਐਨ.ਐਲ.) ਵਿੱਚ ਸਨ ਅਤੇ 31 ਜਨਵਰੀ 1993 ਵਿੱਚ ਚੰਡੀਗੜ੍ਹ ਤੋਂ ਸੇਵਾ ਨਿਵਿਰਤ ਹੋਏ ਸਨ। ਸ. ਉਜਾਗਰ ਸਿੰਘ ਵਲੋਂ ਆਪਣੇ ਸਮੇਂ ਦੀ ਪਰੀ ਇੰਜਨੀਅਰਿੰਗ ਅਤੇ ਟੈਲੀਕਮਿਊਨੀਕੇਸ਼ਨ ਦੀ ਡਿਗਰੀ ਹਾਸਿਲ ਕੀਤੀ ਗਈ ਸੀ। ਉਹਨਾਂ ਨਮਿਤ ਅੰਤਿਮ ਅਰਦਾਸ ਭਲਕੇ 18 ਅਕਤੂਬਰ ਨੂੰ ਗੁਰਦਵਾਰਾ ਅਕਾਲ ਆਸ਼ਰਮ ਸੋਹਾਣਾ (ਸਾਹਮਣੇ ਸੋਹਾਣਾ ਹਸਪਤਾਲ) ਵਿਖੇ ਦੁਪਹਿਰੇ 12 ਤੋਂ 1 ਵਜੇ ਤਕ ਹੋਵੇਗੀ।*

# ਡਿਪਟੀ ਸਪੀਕਰ ਰੌੜੀ ਵੱਲੋਂ ਮਾਹਿਲਪੁਰ ਵਿਖੇ ਰਾਜ ਪੱਧਰੀ ਖੇਡਾਂ 'ਖੇਡਾਂ ਵਤਨ ਪੰਜਾਬ ਦੀਆਂ' ਦੇ ਸੀਜ਼ਨ-4 ਦਾ ਕੀਤਾ ਗਿਆ ਉਦਘਾਟਨ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਪੰਜਾਬ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ, ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਪਿੰਡਾਂ ਤੇ ਸ਼ਹਿਰਾਂ ਵਿੱਚ ਛੁਪੀ ਹੋਈ ਖੇਡ ਪ੍ਰਤਿਭਾ ਨੂੰ ਉਭਾਰਨ ਦੇ ਮਕਸਦ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ' ਸੀਜ਼ਨ-4 ਦੀਆਂ ਰਾਜ ਪੱਧਰੀ ਖੇਡਾਂ ਦਾ ਮਾਹਿਲਪੁਰ ਵਿਖੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਦੇ ਵਿਧਾਇਕ ਸ. ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਉਦਘਾਟਨ ਕਰਕੇ ਸ਼ਾਨਦਾਰ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਉਨ੍ਹਾਂ ਨੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਖੇਡਾਂ ਨੂੰ ਜੀਵਨ ਦਾ ਅਹਿਮ ਹਿੱਸਾ ਬਣਾਉਣ ਅਤੇ ਖੇਡ ਭਾਵਨਾ ਨਾਲ ਮੁਕਾਬਲਿਆਂ ਵਿੱਚ ਹਿੱਸਾ ਲੈਣ ਦਾ ਸੱਦਾ ਦਿੱਤਾ।

ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਖੇਡਾਂ ਸਿਰਫ਼ ਸਰੀਰਕ ਤਾਕਤ ਦਾ ਪ੍ਰਦਰਸ਼ਨ ਹੀ ਨਹੀਂ ਹੁੰਦੀਆਂ, ਸਗੋਂ ਇਹ ਮਨੁੱਖ ਦੇ ਜੀਵਨ ਵਿੱਚ ਅਨੁਸ਼ਾਸਨ, ਸਬਰ, ਸਹਿਣਸ਼ੀਲਤਾ, ਮਿਹਨਤ, ਲਗਨ ਅਤੇ ਟੀਮ ਭਾਵਨਾ ਵਰਗੇ ਗੁਣ ਵੀ ਪੈਦਾ ਕਰਦੀਆਂ ਹਨ। ਖੇਡ ਮੈਦਾਨ ਵਿੱਚ ਖਿਡਾਰੀ ਨੂੰ ਜਿੱਥੇ ਜਿੱਤ ਹਾਸਲ ਕਰਨ ਲਈ ਲਗਾਤਾਰ ਮਿਹਨਤ ਕਰਨੀ ਪੈਂਦੀ ਹੈ, ਉੱਥੇ ਹੀ ਹਾਰ ਨੂੰ ਸਵੀਕਾਰ ਕਰਕੇ ਹੋਰ ਮਜ਼ਬੂਤੀ ਨਾਲ ਵਾਪਸੀ ਕਰਨ ਦੀ ਪ੍ਰੇਰਨਾ ਵੀ ਮਿਲਦੀ ਹੈ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਬਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਨੇ ਦੇਸ਼ ਨੂੰ ਅਨੇਕਾਂ ਨਾਮਵਰ ਖਿਡਾਰੀ ਦਿੱਤੇ ਹਨ, ਜਿਨ੍ਹਾਂ ਨੇ ਆਪਣੀ ਮਿਹਨਤ ਅਤੇ ਕਾਬਲੀਅਤ ਦੇ ਦਮ 'ਤੇ ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਸੂਬੇ ਦਾ ਨਾਮ ਰੌਸ਼ਨ ਕੀਤਾ ਹੈ। ਪੰਜਾਬ ਦੇ ਪਿੰਡਾਂ ਵਿੱਚ ਖੇਡ ਪ੍ਰਤਿਭਾ ਦੀ ਕੋਈ ਕਮੀ ਨਹੀਂ ਹੈ। ਲੋੜ ਸਿਰਫ਼ ਇਸ ਗੱਲ ਦੀ ਹੈ ਕਿ ਇਨ੍ਹਾਂ ਪ੍ਰਤਿਭਾਵਾਂ ਨੂੰ ਸਹੀ ਮੌਕੇ, ਢੁੱਕਵਾਂ ਮੰਚ ਅਤੇ ਲਗਾਤਾਰ ਉਤਸ਼ਾਹ ਮਿਲਦਾ ਰਹੇ। ਉਨ੍ਹਾਂ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਵਰਗੇ ਖੇਡ ਮੁਕਾਬਲੇ ਨੌਜਵਾਨਾਂ ਨੂੰ ਆਪਣੀ ਯੋਗਤਾ ਸਾਬਤ ਕਰਨ ਅਤੇ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਦਾ ਮੌਕਾ ਪ੍ਰਦਾਨ ਕਰਦੇ ਹਨ।

ਡਿਪਟੀ ਸਪੀਕਰ ਨੇ ਕਿਹਾ ਕਿ ਰਾਜ ਪੱਧਰੀ ਖੇਡ ਮੁਕਾਬਲਿਆਂ ਵਿੱਚ ਹਿੱਸਾ ਲੈਣਾ ਖਿਡਾਰੀਆਂ ਲਈ ਮਾਣ ਵਾਲੀ ਗੱਲ ਹੈ। ਅਜਿਹੇ ਮੁਕਾਬਲਿਆਂ ਰਾਹੀਂ ਖਿਡਾਰੀਆਂ ਨੂੰ ਆਪਣੀ ਖੇਡ ਦਾ ਪੱਧਰ ਸੁਧਾਰਨ, ਹੋਰਨਾਂ ਖਿਡਾਰੀਆਂ ਤੋਂ ਸਿੱਖਣ ਅਤੇ ਭਵਿੱਖ ਵਿੱਚ ਵੱਡੇ ਮੁਕਾਬਲਿਆਂ ਲਈ ਤਿਆਰੀ ਕਰਨ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਖਿਡਾਰੀਆਂ ਨੂੰ ਜਿੱਤ ਪ੍ਰਾਪਤ ਕਰਨ ਦੇ ਨਾਲ-ਨਾਲ ਖੇਡਾਂ ਦੇ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਅਤੇ ਆਪਣੇ ਵਿਰੋਧੀ ਖਿਡਾਰੀਆਂ ਦਾ ਵੀ ਸਤਿਕਾਰ ਕਰਨਾ ਚਾਹੀਦਾ ਹੈ।

ਉਨ੍ਹਾਂ ਨੇ ਕਿਹਾ ਕਿ ਖੇਡਾਂ ਵਿੱਚ ਸਫ਼ਲਤਾ ਹਾਸਲ ਕਰਨ ਲਈ ਨਿਰੰਤਰ ਅਭਿਆਸ, ਸਮੇਂ ਦੀ ਪਾਬੰਦੀ, ਸੰਤੁਲਿਤ ਜੀਵਨ ਸ਼ੈਲੀ ਅਤੇ ਦ੍ਰਿੜ੍ਹ ਇਰਾਦੇ ਦੀ ਲੋੜ ਹੁੰਦੀ ਹੈ। ਜਿਹੜੇ ਖਿਡਾਰੀ ਪੂਰੀ ਲਗਨ ਅਤੇ ਮਿਹਨਤ ਨਾਲ ਆਪਣੇ ਟੀਚੇ ਵੱਲ ਵਧਦੇ ਹਨ, ਉਹ ਇੱਕ ਦਿਨ ਜ਼ਰੂਰ ਸਫ਼ਲਤਾ ਹਾਸਲ ਕਰਦੇ ਹਨ। ਉਨ੍ਹਾਂ ਖਿਡਾਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਖੇਡ ਪ੍ਰਤੀ ਸਮਰਪਿਤ ਰਹਿਣ ਅਤੇ ਆਪਣੇ ਮਾਪਿਆਂ, ਕੋਚਾਂ ਅਤੇ ਅਧਿਆਪਕਾਂ ਦੀਆਂ ਸਿੱਖਿਆਵਾਂ ਨੂੰ ਜੀਵਨ ਵਿੱਚ ਅਪਣਾਉਣ

ਡਿਪਟੀ ਸਪੀਕਰ ਰੌੜੀ ਨੇ ਨੌਜਵਾਨਾਂ ਨੂੰ ਸੰਦੇਸ਼ ਦਿੰਦਿਆਂ ਕਿਹਾ ਕਿ ਖੇਡਾਂ ਇੱਕ ਸਿਹਤਮੰਦ ਸਮਾਜ ਦੀ ਨੀਂਹ ਹਨ। ਅੱਜ ਦੇ ਸਮੇਂ ਵਿੱਚ ਨੌਜਵਾਨਾਂ ਨੂੰ ਸਰੀਰਕ ਗਤੀਵਿਧੀਆਂ ਅਤੇ ਖੇਡਾਂ ਨਾਲ ਜੋੜਨਾ ਬਹੁਤ ਜ਼ਰੂਰੀ ਹੈ। ਖੇਡਾਂ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦਿੰਦੀਆਂ ਹਨ ਅਤੇ ਉਨ੍ਹਾਂ ਵਿੱਚ ਆਤਮ-ਵਿਸ਼ਵਾਸ ਪੈਦਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਖੇਡਾਂ, ਸਿੱਖਿਆ ਅਤੇ ਉਸਾਰੂ ਗਤੀਵਿਧੀਆਂ ਵਿੱਚ ਵੱਧ ਤੋਂ ਵੱਧ ਹਿੱਸਾ ਲੈਣਾ ਚਾਹੀਦਾ ਹੈ।

ਮਾਹਿਲਪੁਰ ਵਿੱਚ ਰਾਜ ਪੱਧਰੀ ਖੇਡਾਂ ਦੀ ਸ਼ੁਰੂਆਤ ਮਾਹਿਲਪੁਰ ਵਿਖੇ ਰਾਜ ਪੱਧਰੀ ਖੇਡਾਂ ਦੀ ਸ਼ੁਰੂਆਤ ਹੋਣ ਨਾਲ ਖੇਡ ਪ੍ਰੇਮੀਆਂ ਅਤੇ ਖਿਡਾਰੀਆਂ ਵਿੱਚ ਉਤਸ਼ਾਹ ਦਾ ਮਾਹੌਲ ਬਣਿਆ। ਡਿਪਟੀ ਸਪੀਕਰ ਨੇ ਖਿਡਾਰੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਹ ਪੂਰੀ ਮਿਹਨਤ, ਲਗਨ ਅਤੇ ਖੇਡ ਭਾਵਨਾ ਨਾਲ ਮੁਕਾਬਲਿਆਂ ਵਿੱਚ ਭਾਗ ਲੈਣ ਅਤੇ ਆਪਣੇ ਪ੍ਰਦਰਸ਼ਨ ਰਾਹੀਂ ਨਵੀਆਂ ਪ੍ਰਾਪਤੀਆਂ ਹਾਸਲ ਕਰਨ।ਇਸ ਮੌਕੇ ਵੱਖ ਵੱਖਾਂ ਦੇ ਅਧਿਕਾਰੀ ਅਤੇ ਆਮ ਆਦਮੀ ਪਾਰਟੀ ਦੇ ਵਰਕਰ ਸ਼ਾਮਿਲ ਸਨ।

# ਹੀਰੋ ਏਸ਼ੀਅਨ ਚੈਂਪੀਅਨਜ਼ ਟਰਾਫ਼ੀ 2026 ਦੇ ਪੰਜਾਬ ਭਰ ਦੇ ਟਰਾਫ਼ੀ ਟੂਰ ਨੂੰ ਅੱਜ ਮੋਹਾਲੀ ਤੋਂ ਦਿੱਤੀ ਜਾਵੇਗੀ ਹਰੀ ਝੰਡੀ

ਸਾਹਿਬਜ਼ਾਦਾ ਅਜੀਤ ਸਿੰਘ ਨਗਰ
17 ਅਕਤੂਬਰ (ਪੈ.ਗਾਮ-ਏ-ਜਗਤ)

- **ਟਰਾਫ਼ੀ ਰਵਾਨਾ ਕਰਨ ਤੋਂ ਪਹਿਲਾਂ ਹੋਵੇਗਾ ਹਾਕੀ ਦਾ ਪ੍ਰਦਰਸ਼ਨੀ ਮੈਚ**

ਪੰਜਾਬ ਵਿੱਚ ਜਲੰਧਰ ਅਤੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਹੋਣ ਵਾਲੀ ਅੰਤਰਰਾਸ਼ਟਰੀ ਹੀਰੋ (ਪੁਰਸ਼) ਏਸ਼ੀਅਨ ਚੈਂਪੀਅਨਜ਼ ਟਰਾਫ਼ੀ 2026 ਦੇ ਪ੍ਰਚਾਰ ਅਤੇ ਲੋਕਾਂ ਨੂੰ ਇਸ ਵੱਕਾਰੀ ਖੇਡ ਮੁਕਾਬਲੇ ਨਾਲ ਜੋੜਨ ਦੇ ਉਦੇਸ਼ ਨਾਲ ਕਰਵਾਏ ਜਾ ਰਹੇ ਟਰਾਫ਼ੀ ਟੂਰ ਦੀ ਸ਼ੁਰੂਆਤ ਭਲਕੇ (ਐਤਵਾਰ), 18 ਅਕਤੂਬਰ ਨੂੰ, ਸਵੇਰੇ 10 ਵਜੇ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਉਲੰਪੀਅਨ ਬਲਬੀਰ ਸਿੰਘ ਸੀਨੀਅਰ ਕੌਮਾਂਤਰੀ ਹਾਕੀ ਸਟੇਡੀਅਮ, ਫੇਸ 10, ਸੈਕਟਰ 64, ਮੋਹਾਲੀ ਤੋਂ ਹੋਵੇਗੀ। ਇਸ ਮੌਕੇ ਟਰਾਫ਼ੀ ਨੂੰ ਰਸਮੀ ਤੌਰ 'ਤੇ *ਕੌਮਾਂਤਰੀ ਹਾਕੀ ਖਿਡਾਰੀਆਂ* ਵੱਲੋਂ ਹਰੀ ਝੰਡੀ ਦਿਖਾ ਕੇ ਅਗਲੇ ਪੜਾਅ ਲਈ ਰਵਾਨਾ ਕੀਤਾ ਜਾਵੇਗਾ।

ਜ਼ਿਲ੍ਹਾ ਖੇਡ ਅਫ਼ਸਰ ਉਮੇਸ਼ਵਰੀ ਸ਼ਰਮਾ ਨੇ ਦੱਸਿਆ ਕਿ ਡਾਇਰੈਕਟਰ, ਖੇਡਾਂ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਰਵਾਏ ਜਾ ਰਹੇ ਇਸ ਟਰਾਫ਼ੀ ਟੂਰ ਦਾ ਮਕਸਦ ਅੰਤਰਰਾਸ਼ਟਰੀ ਹਾਕੀ ਮੁਕਾਬਲੇ ਬਾਰੇ ਵੱਧ ਤੋਂ ਵੱਧ ਜਾਗਰੂਕਤਾ ਪੈਦਾ ਕਰਨਾ ਅਤੇ ਨੌਜਵਾਨਾਂ ਸਮੇਤ ਆਮ ਲੋਕਾਂ ਵਿੱਚ ਹਾਕੀ ਪ੍ਰਤੀ ਦਿਲਚਸਪੀ ਅਤੇ ਉਤਸ਼ਾਹ ਵਧਾਉਣਾ ਹੈ। ਜ਼ਿਲ੍ਹਾ ਖੇਡ ਦਫ਼ਤਰ ਵੱਲੋਂ ਟਰਾਫ਼ੀ ਦੇ ਰਵਾਨਗੀ ਸਮਾਗਮ ਅਤੇ ਪ੍ਰਦਰਸ਼ਨ ਲਈ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ ਹਨ।

ਇਸ ਦੌਰਾਨ ਹਾਕੀ ਖਿਡਾਰੀਆਂ ਦੀ ਸ਼ਮੂਲੀਅਤ ਨਾਲ ਪ੍ਰਦਰਸ਼ਨੀ ਮੈਚ ਕਰਵਾਉਣ ਦੇ ਨਾਲ-ਨਾਲ ਟਰਾਫ਼ੀ ਨਾਲ ਯਾਦਗਾਰੀ ਤਸਵੀਰਾਂ ਖਿਚਵਾਉਣ ਲਈ ਸੈਲਫ਼ੀ ਪੁਆਇੰਟ ਵੀ ਸਥਾਪਤ ਕੀਤਾ ਜਾਵੇਗਾ। ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਬੰਧਤ ਵਿਭਾਗਾਂ ਨਾਲ ਤਾਲਮੇਲ ਕੀਤਾ ਜਾ ਰਿਹਾ ਹੈ।

ਟਰਾਫ਼ੀ ਟੂਰ ਦੌਰਾਨ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸਵਾਗਤੀ ਸਮਾਗਮ ਅਤੇ ਪ੍ਰਚਾਰ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਸਾਹਿਬਜ਼ਾਦਾ ਅਜੀਤ ਸਿੰਘ ਨਗਰ ਤੋਂ ਰਵਾਨਾ ਹੋਣ ਉਪਰੰਤ ਟਰਾਫ਼ੀ ਫ਼ਤਹਿਗੜ੍ਹ ਸਾਹਿਬ ਰਾਹੀਂ ਪਟਿਆਲਾ ਪਹੁੰਚੇਗੀ। ਇਸ ਤੋਂ ਬਾਅਦ ਇਹ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਦਾ ਦੌਰਾ ਕਰੇਗੀ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਖੇਡ ਪ੍ਰੇਮੀਆਂ, ਹਾਕੀ ਖਿਡਾਰੀਆਂ ਅਤੇ ਨੌਜਵਾਨਾਂ ਨੂੰ ਇਸ ਪਹਿਲਕਦਮੀ ਨਾਲ ਜੁੜਨ ਦੀ ਅਪੀਲ ਕੀਤੀ ਗਈ ਹੈ, ਤਾਂ ਜੋ ਪੰਜਾਬ ਵਿੱਚ ਹੋਣ ਵਾਲੇ ਇਸ ਅੰਤਰਰਾਸ਼ਟਰੀ ਖੇਡ ਸਮਾਗਮ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਇਆ ਜਾ ਸਕੇ।

'ਪੈਗ਼ਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗ਼ਾਮ-ਏ-ਜਗਤ

# ਸਵੀਡਨ ਦੌਰੇ ਦੌਰਾਨ ਹਰਿਆਣਾ ਵਿੱਚ 4,000 ਕਰੋੜ ਰੁਪਏ ਦੇ ਨਿਵੇਸ਼ 'ਤੇ ਬਣੀ ਸਹਿਮਤੀ, 11,000 ਤੋਂ ਵੱਧ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ : ਮੁੱਖ ਮੰਤਰੀ ਸੈਣੀ

**ਚੰਡੀਗੜ੍ਹ, 17 ਅਕਤੂਬਰ (ਪੈ.ਗਾਮ-ਏ-ਜਗਤ)**

- ਸਿੰਗਾਪੁਰ ਦੌਰੇ ਦੌਰਾਨ ਵੀ 5,500 ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵਾਂ 'ਤੇ ਬਣੀ ਸਹਿਮਤੀ
- ਮੁੱਖ ਮੰਤਰੀ ਨੇ ਵਿਦੇਸ਼ੀ ਨਿਵੇਸ਼ਕਾਂ ਨੂੰ ਅਪ੍ਰੈਲ 2027 ਵਿੱਚ ਹੋਣ ਵਾਲੇ 'Happening Haryana Global Investors Summit-2027' ਲਈ ਦਿੱਤਾ ਸੱਦਾ



ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ 'ਮੇਕ ਇਨ ਇੰਡੀਆ' ਵਿਜ਼ਨ ਨੂੰ ਸਾਕਾਰ ਕਰਨ ਅਤੇ ਹਰਿਆਣਾ ਵਿੱਚ ਵਿਦੇਸ਼ੀ ਨਿਵੇਸ਼ ਆਕਰਸ਼ਿਤ ਕਰਨ ਦੇ ਉਦੇਸ਼ ਨਾਲ ਸੂਬਾ ਸਰਕਾਰ ਲਗਾਤਾਰ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਇਸੇ ਦਿਸ਼ਾ ਵਿੱਚ ਹਾਲ ਹੀ ਵਿੱਚ ਹਰਿਆਣਾ ਸਰਕਾਰ ਦੇ ਵਫ਼ਦ ਨੇ ਸਵੀਡਨ ਅਤੇ ਸਿੰਗਾਪੁਰ ਦਾ ਦੌਰਾ ਕੀਤਾ ਹੈ।

ਮੁੱਖ ਮੰਤਰੀ ਚੰਡੀਗੜ੍ਹ ਵਿੱਚ ਸੂਬਾ ਸਰਕਾਰ ਦੇ ਤੀਜੇ ਕਾਰਜਕਾਲ ਦੇ ਦੋ ਸਾਲ ਪੂਰੇ ਹੋਣ ਦੇ ਮੌਕੇ 'ਤੇ ਆਯੋਜਿਤ ਪ੍ਰੈਸ ਕਾਨਫਰੰਸ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਅਤੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਵੀ ਮੌਜੂਦ ਸਨ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਵੀਡਨ ਦੀ ਤਿੰਨ ਦਿਨਾਂ ਦੀ ਯਾਤਰਾ ਦੌਰਾਨ ਪ੍ਰਮੁੱਖ ਉਦਯੋਗਿਕ ਕੰਪਨੀਆਂ ਨਾਲ ਕਈ ਮੀਟਿੰਗਾਂ ਹੋਈਆਂ। ਇਨ੍ਹਾਂ ਮੀਟਿੰਗਾਂ ਦੌਰਾਨ ਵੱਖ-ਵੱਖ ਕੰਪਨੀਆਂ ਨਾਲ 4,000 ਕਰੋੜ ਰੁਪਏ ਦੇ ਨਿਵੇਸ਼ ਲਈ ਸਹਿਮਤੀ ਬਣੀ ਹੈ। ਇਸ ਨਾਲ ਸੂਬੇ ਵਿੱਚ 11,000 ਤੋਂ ਵੱਧ ਨਵੇਂ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ। ਇਸ ਦੌਰੇ ਦਾ ਮੁੱਖ ਉਦੇਸ਼ ਵਿਦੇਸ਼ੀ ਨਿਵੇਸ਼ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਆਧੁਨਿਕ ਤਕਨਾਲੋਜੀ ਰਾਹੀਂ ਸੂਬੇ ਦੇ ਉਦਯੋਗਿਕ ਵਿਕਾਸ ਨੂੰ ਗਤੀ ਦੇਣਾ ਸੀ।

ਸਿੰਗਾਪੁਰ ਦੌਰੇ ਦੌਰਾਨ 5,500 ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵ

ਮੁੱਖ ਮੰਤਰੀ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਸਿੰਗਾਪੁਰ ਦੌਰੇ ਦੌਰਾਨ ਵੱਖ-ਵੱਖ ਕੰਪਨੀਆਂ ਨਾਲ 5,500 ਕਰੋੜ ਰੁਪਏ ਦੇ ਨਿਵੇਸ਼ ਲਈ ਸਹਿਮਤੀ ਬਣੀ। ਇਨ੍ਹਾਂ ਵਿੱਚ ਸਿਹਤ ਅਤੇ ਤੰਦਰੁਸਤੀ ਖੇਤਰ ਵਿੱਚ 3,000 ਕਰੋੜ ਰੁਪਏ, ਜਲ ਸੋਧ ਅਤੇ ਪ੍ਰਬੰਧਨ ਖੇਤਰ ਵਿੱਚ 1,500 ਕਰੋੜ ਰੁਪਏ ਅਤੇ ਸਿੱਖਿਆ ਖੇਤਰ ਵਿੱਚ 1,000 ਕਰੋੜ ਰੁਪਏ ਦੇ ਪ੍ਰਸਤਾਵ ਸ਼ਾਮਲ ਹਨ।

ਉਨ੍ਹਾਂ ਦੱਸਿਆ ਕਿ ਸਿੰਗਾਪੁਰ ਦੀਆਂ ਕੰਪਨੀਆਂ ਦੇ ਸਹਿਯੋਗ ਨਾਲ ਪੰਚਕੂਲਾ, ਕਰਨਾਲ, ਹਿਸਾਰ, ਸੋਨੀਪਤ ਅਤੇ ਰੋਹਤਕ ਨੂੰ ਗਲੋਬਲ ਕੈਪੇਬਿਲਿਟੀ ਸੈਂਟਰ ਅਤੇ ਤਕਨਾਲੋਜੀ ਆਧਾਰਿਤ ਕਾਰੋਬਾਰ ਦੇ ਅਗਲੇ ਵਿਕਾਸ ਕੇਂਦਰਾਂ ਵਜੋਂ ਵਿਕਸਤ ਕਰਨ ਦੀ ਯੋਜਨਾ ਹੈ। ਇਸ ਨਾਲ ਸੂਬੇ ਵਿੱਚ ਤਕਨਾਲੋਜੀ ਆਧਾਰਿਤ ਆਰਥਿਕ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਦੀ ਦਿਸ਼ਾ ਵਿੱਚ ਨਵੇਂ ਮੌਕੇ ਉਪਲਬਧ ਹੋਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਵਿਦੇਸ਼ੀ ਦੌਰਿਆਂ ਦੌਰਾਨ ਨਿਵੇਸ਼ਕਾਂ, ਉਦਯੋਗਪਤੀਆਂ ਅਤੇ ਡਿਪਲੋਮੈਟਾਂ ਨੂੰ ਅਪ੍ਰੈਲ 2027 ਵਿੱਚ ਆਯੋਜਿਤ ਹੋਣ ਵਾਲੇ 'Happening Haryana Global Investors Summit-B@BGÖ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਗਿਆ ਹੈ। ਇਨ੍ਹਾਂ ਯਤਨਾਂ ਦਾ ਉਦੇਸ਼ ਹਰਿਆਣਾ ਵਿੱਚ ਨਿਵੇਸ਼ ਦੇ ਨਵੇਂ ਮੌਕਿਆਂ ਨੂੰ ਉਤਸ਼ਾਹਿਤ ਕਰਨਾ ਅਤੇ ਸੂਬੇ ਨੂੰ ਉਦਯੋਗਿਕ ਤੇ ਤਕਨਾਲੋਜੀ ਆਧਾਰਿਤ ਵਿਕਾਸ ਦੇ ਪ੍ਰਮੁੱਖ ਕੇਂਦਰ ਵਜੋਂ ਅੱਗੇ ਵਧਾਉਣਾ ਹੈ।

ਇਸ ਮੌਕੇ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ, ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਅਗਰਵਾਲ, ਕਮਿਸ਼ਨਰ ਅਤੇ ਸਕੱਤਰ ਸ੍ਰੀ ਅਸ਼ੋਕ ਮੀਣਾ, ਕਮਿਸ਼ਨਰ ਅਤੇ ਸਕੱਤਰ ਸ੍ਰੀ ਕੇ. ਮਕਰੰਦ ਪਾਂਡੁਰੰਗ, ਮੁੱਖ ਮੰਤਰੀ ਦੇ ਮੀਡੀਆ ਸਲਾਹਕਾਰ ਸ੍ਰੀ ਰਾਜੀਵ ਜੇਟਲੀ ਸਮੇਤ ਹੋਰ ਅਧਿਕਾਰੀ ਮੌਜੂਦ ਸਨ।

# ਦੁਨੀਆਂ ਦੇ ਸਰਵੋਤਮ ਵਿਦਿਆਰਥੀ ਕਲਾਮ ਸਾਹਿਬ ਦੇ ਜਨਮ ਦਿਹਾੜੇ ਮੌਕੇ ਕੁਇਜ਼ ਮੁਕਾਬਲੇ ਕਰਵਾਏ : ਪ੍ਰਿੰ. ਸਰਲਾ ਭਟਨਾਗਰ

**ਪਟਿਆਲਾ, 17 ਅਕਤੂਬਰ (ਪੈ.ਗਾਮ-ਏ-ਜਗਤ)**



ਭਾਰਤ ਰਤਨ ਡਾਕਟਰ ਏਪੀਜੇ ਅਬਦੁਲ ਕਲਾਮ ਸਾਹਿਬ ਜੀ ਦੇ ਜਨਮ ਦਿਹਾੜੇ ਨੂੰ ਸੰਯੁਕਤ ਰਾਸ਼ਟਰ ਵਲੋਂ ਦੁਨੀਆਂ ਦੇ ਸਰਵੋਤਮ ਵਿਦਿਆਰਥੀ ਦਿਵਸ਼ ਵਜੋਂ ਮਨਾਇਆ ਜਾ ਰਿਹਾ ਹੈ। ਫਸਟ ਏਡ ਸੇਫਟੀ ਸਿਹਤ ਜਾਗਰੂਕਤਾ ਮਿਸ਼ਨ ਦੇ ਚੀਫ ਟ੍ਰੇਨਰ ਸ਼੍ਰੀ ਕਾਕਾ ਰਾਮ ਵਰਮਾ, ਅਤੇ ਭਾਈ ਘਨ੍ਹਈਆ ਜੀ ਐਂਬੂਲੈਂਸ ਬਰੀਗੇਡ ਦੇ ਸਹਾਇਕ ਕਮਿਸ਼ਨਰ ਸ੍ਰੀ ਹਰਿੰਦਰ ਸਿੰਘ ਕਰੀਰ ਵਲੋਂ ਅੰਤਰ ਸਕੂਲ ਫਸਟ ਏਡ, ਸੀ ਪੀ ਆਰ, ਫਾਇਰ ਸੇਫਟੀ, ਆਵਾਜਾਈ ਸੁਰੱਖਿਆ, ਨਸ਼ਿਆਂ, ਅਪਰਾਧਾਂ, ਮਾੜੇ ਕਾਰਜਾਂ ਦੇ ਨੁਕਸਾਨਾਂ ਸਬੰਧੀ ਕੁਇਜ਼ ਮੁਕਾਬਲੇ ਕਰਵਾਏ।

ਸੁਆਗਤ ਕਰਦਿਆਂ ਪ੍ਰਿੰਸੀਪਲ ਸਰਲਾ ਭਟਨਾਗਰ ਅਤੇ ਡੈਡੀਕੇਟਿਡ ਬ੍ਰਦਰਜ਼ ਗਰੁੱਪ ਦੇ ਪ੍ਰਧਾਨ ਡਾਕਟਰ ਰਾਕੇਸ਼ ਵਰਮੀ ਨੇ ਕਿਹਾ ਕਿ ਡਾਕਟਰ ਕਲਾਮ ਸਾਹਿਬ ਨੇ ਭਾਰਤ ਮਾਂ ਦੀ ਸੁਰੱਖਿਆ, ਸਨਮਾਨ, ਉਨਤੀ ਲਈ ਸਰਵੋਤਮ ਪ੍ਰਸ਼ੰਸਾਯੋਗ ਉਪਰਾਲੇ ਕੀਤੇ। ਜਿਨ੍ਹਾਂ ਬਾਰੇ ਵਿਦਿਆਰਥੀਆਂ ਨੂੰ ਜਾਗਰੂਕ ਕਰਕੇ ਬੱਚਿਆਂ ਨੂੰ ਸਿਹਤਮੰਦ ਦੇਸ਼ ਭਗਤ ਬਣਾਇਆ ਜਾ ਸਕਦਾ ਹੈ ਪਰ ਇਸ ਮਿਸ਼ਨ ਲਈ ਜੰਗੀ ਪੱਧਰ ਤੇ ਯਤਨ ਕਰਨੇ ਚਾਹੀਦੇ ਹਨ ਉਨ੍ਹਾਂ ਨੇ ਅਮਰੀਕਾ ਸਰਕਾਰ ਵੱਲੋਂ ਦਿੱਤੇ ਜਾਣ ਵਾਲੇ ਲੱਖਾਂ ਡਾਲਰ ਦੀ ਸਕਾਲਰਸ਼ਿਪ ਨੂੰ ਲੈਣ ਦੀ ਥਾਂ ਭਾਰਤ ਦੀ ਉਨਤੀ, ਸੁਰੱਖਿਆ, ਖੁਸ਼ਹਾਲੀ ਲਈ ਜੰਗੀ ਪੱਧਰ ਤੇ ਮਿਜ਼ਾਇਲਾਂ, ਸੇਟੈਲਾਇਟਸ ਵਿਕਸਿਤ ਕੀਤੀਆਂ। 27 ਜੁਲਾਈ ਨੂੰ ਸ਼ਿਲਾਂਗ ਵਿਖੇ ਉਨ੍ਹਾਂ ਨੂੰ ਦਿਲ ਦੇ ਦੌਰਾ ਪੈ ਗਿਆ । ਜੇਕਰ ਉਸ ਸਮੇਂ ਵਿਦਿਆਰਥੀਆਂ ਅਧਿਆਪਕਾਂ, ਪੁਲਿਸ ਕਮਾਂਡੋ ਵੱਲੋਂ ਫਸਟ ਏਡ, ਸੀ ਪੀ ਆਰ ਕਰ ਦਿੱਤੇ ਜਾਂਦੇ ਤਾਂ ਕਲਾਮ ਸਾਹਿਬ ਬਚ ਸਕਦੇ ਸਨ। ਇਨ੍ਹਾਂ ਮੁਕਾਬਲਿਆਂ ਦੌਰਾਨ ਦੋ ਵਿਦਿਆਰਥੀਆਂ ਤੋਂ ਸ਼੍ਰੀ ਕਾਕਾ ਰਾਮ ਵਰਮਾ, ਹਰਿੰਦਰ ਸਿੰਘ ਕਰੀਰ, ਜਰਨੈਲ ਸਿੰਘ, ਅਤੇ ਹਰਦੀਪ ਕੌਰ ਵਲੋਂ ਪ੍ਰਸ਼ਨ ਪੁੱਛੇ ਗਏ ਅਤੇ ਉਨ੍ਹਾਂ ਦੀ ਵਿਆਖਿਆ ਕਰਕੇ, ਬੱਚਿਆਂ ਨੂੰ ਹਾਦਸਿਆਂ ਤੋਂ ਬਚਣ, ਘਰਾਂ ਵਿੱਚ ਬਿਜਲੀ, ਗੈਸਾਂ, ਪੈਟਰੋਲੀਅਮ, ਰਸਾਇਣਕ ਪਦਾਰਥਾਂ ਅਤੇ ਅੱਗਾਂ ਦੀਆਂ ਘਟਨਾਵਾਂ ਰੋਕਣ, ਇਨ੍ਹਾਂ ਨੂੰ ਕਾਬੂ ਕਰਨ ਅਤੇ ਪੀੜਤਾਂ ਨੂੰ ਬਚਾਉਣ ਲਈ ਮਦਦਗਾਰ ਫ਼ਰਿਸ਼ਤਿਆਂ ਵਜੋਂ ਤਿਆਰ ਰਹਿਣ ਲਈ ਉਤਸ਼ਾਹਿਤ ਕੀਤਾ। ਪ੍ਰੋਗਰਾਮ ਕੋਆਰਡੀਨੇਟਰ ਐਨ ਸੀ ਸੀ ਅਫਸਰ ਸੱਚਨਾ ਸ਼ਰਮਾ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ 15 ਸਕੂਲਾਂ ਦੀਆਂ ਟੀਮਾਂ ਨੇ ਭਾਗ ਲਿਆ ਜਿਨ੍ਹਾਂ ਵਿਚੋਂ ਜੂਨੀਅਰ ਅਤੇ ਸੀਨੀਅਰ ਗਰੁੱਪ ਵਿੱਚ ਵੀਰ ਹਕੀਕਤ ਰਾਏ ਸਕੂਲ ਦੀਆਂ ਟੀਮਾਂ ਪਹਿਲੇ, ਆਤਮਾ ਰਾਮ ਕੁਮਾਰ ਸਭਾ ਅਤੇ ਆਰੀਆਂ ਕੰਨਿਆ ਸਕੂਲ ਦੀ ਟੀਮਾਂ ਦੂਜੇ ਨੰਬਰ ਅਤੇ ਸੋਨੀ ਪਬਲਿਕ ਸਕੂਲ, ਬੀ ਐਨ ਖਾਲਸਾ ਸਕੂਲ ਅਤੇ ਆਰੀਆ ਹਾਈ ਸਕੂਲ ਦੀਆਂ ਟੀਮਾਂ ਤੀਸਰੇ ਸਥਾਨ ਤੇ ਰਹੀਆਂ।

ਸੱਭ ਤੋਂ ਵੱਧ ਇਨਾਮ ਜਿੱਤਣ ਲਈ ਵੀਰ ਹਕੀਕਤ ਰਾਏ ਮਾਡਲ ਸਕੂਲ ਨੂੰ ਰਾਵਿੰਦਰ ਕੌਰ ਸਿੱਧੂ ਵਲੋਂ ਆਪਣੇ ਭਰਾ ਪ੍ਰਮਜੀਤ ਸਿੰਘ ਸਰਾਓ ਸਾਬਕਾ ਆਈ ਜੀ ਦੀ ਯਾਦ ਵਿੱਚ ਰਨਿੰਗ ਟਰਾਫੀ ਦੇਕੇ ਸਨਮਾਨਿਤ ਕੀਤਾ ਗਿਆ।

# ਵਿਧਾਇਕ ਜਿੰਪਾ ਨੇ ਭਗਵਾਨ ਵਾਲਮੀਕਿ ਜੀ ਦੀ ਸ਼ੋਭਾ ਯਾਤਰਾ ਦਾ ਕੀਤਾ ਸ਼ਾਨਦਾਰ ਸਵਾਗਤ

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**

ਹਿਮਾਚਲ ਪ੍ਰਦੇਸ਼ ਦੇ ਵੱਖ-ਵੱਖ ਸਥਾਨਾਂ ਤੋਂ ਹੁੰਦੀ ਹੋਈ ਭਗਵਾਨ ਵਾਲਮੀਕਿ ਜੀ ਦੀ ਸ਼ੋਭਾ ਯਾਤਰਾ ਦੇ ਹੁਸ਼ਿਆਰਪੁਰ ਪਹੁੰਚਣ 'ਤੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਵੱਲੋਂ ਸ਼ਰਧਾ ਅਤੇ ਉਤਸ਼ਾਹ ਨਾਲ ਸ਼ਾਨਦਾਰ ਸਵਾਗਤ ਕੀਤਾ

- ਭਗਵਾਨ ਵਾਲਮੀਕਿ ਜੀ ਦੇ ਪਾਵਨ ਸਰੂਪ ਦੀ ਪੂਜਾ-ਅਰਚਨਾ ਕਰਕੇ ਜੈਕਾਰਿਆਂ ਦੀ ਗੂੰਜ 'ਚ ਸ਼ੋਭਾ ਯਾਤਰਾ ਨੂੰ ਅੰਮ੍ਰਿਤਸਰ ਲਈ ਕੀਤਾ ਰਵਾਨਾ



ਗਿਆ। ਸਿਟੀ ਸੈਂਟਰ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਵਿਧਾਇਕ ਜਿੰਪਾ ਨੇ ਭਗਵਾਨ ਵਾਲਮੀਕਿ ਜੀ ਦੇ ਪਾਵਨ ਸਰੂਪ ਅੱਗੇ ਨਤਮਸਤਕ ਹੋ ਕੇ ਪੂਜਾ-ਅਰਚਨਾ ਕੀਤੀ ਅਤੇ ਸਮੁੱਚੇ ਇਲਾਕੇ ਦੀ ਸੁੱਖ-ਸਮ੍ਰਿੱਧੀ, ਸ਼ਾਂਤੀ ਅਤੇ ਖ਼ੁਸ਼ਹਾਲੀ ਲਈ ਪ੍ਰਾਰਥਨਾ ਕੀਤੀ।

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਸਮਾਜ ਵਿੱਚ ਆਪਸੀ ਭਾਈਚਾਰੇ, ਸਮਾਨਤਾ, ਸਦਭਾਵਨਾ ਤੇ ਮਾਨਵਤਾ ਦੀ ਭਾਵਨਾ ਨੂੰ ਮਜ਼ਬੂਤ ਕਰਨ ਦਾ ਸੰਦੇਸ਼ ਦਿੱਤਾ।

ਪੂਜਾ-ਅਰਚਨਾ ਉਪਰੰਤ ਵਿਧਾਇਕ ਜਿੰਪਾ ਨੇ ਭਗਵਾਨ ਵਾਲਮੀਕਿ ਜੀ ਦੇ ਜੈਕਾਰਿਆਂ ਦੀ ਗੂੰਜ ਵਿੱਚ ਸ਼ੋਭਾ ਯਾਤਰਾ ਨੂੰ ਭਗਵਾਨ ਵਾਲਮੀਕਿ ਤੀਰਥ, ਅੰਮ੍ਰਿਤਸਰ ਲਈ ਰਵਾਨਾ ਕੀਤਾ। ਇਸ ਮੌਕੇ ਸ਼ਰਧਾਲੂਆਂ ਵਿੱਚ ਵਿਸ਼ੇਸ਼ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਸਮੁੱਚਾ ਮਾਹੌਲ ਭਗਤੀਮਈ ਬਣਿਆ ਰਿਹਾ। ਵਿਧਾਇਕ ਜਿੰਪਾ ਨੇ ਕਿਹਾ ਕਿ ਭਗਵਾਨ ਵਾਲਮੀਕਿ ਜੀ ਦਾ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਸਮੁੱਚੀ ਮਾਨਵਤਾ ਲਈ ਪ੍ਰੇਰਨਾ ਦਾ ਸਰੋਤ ਹਨ। ਉਨ੍ਹਾਂ ਵੱਲੋਂ ਦਿਖਾਏ ਮਾਰਗ 'ਤੇ ਚੱਲ ਕੇ ਸਮਾਜ ਵਿੱਚ ਪ੍ਰੇਮ, ਸਦਭਾਵਨਾ ਅਤੇ ਸਮਾਨਤਾ ਨੂੰ ਉਤਸ਼ਾਹਿਤ ਕੀਤਾ ਜਾ ਸਕਦਾ ਹੈ। ਭਗਵਾਨ ਵਾਲਮੀਕਿ ਜੀ ਦਾ ਸੰਦੇਸ਼ ਅੱਜ ਵੀ ਸਮਾਜ ਨੂੰ ਸਹੀ ਦਿਸ਼ਾ ਦੇਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਇਸ ਮੌਕੇ ਮੇਅਰ ਪ੍ਰਵੀਨ ਸੈਣੀ, ਸੀਨੀਅਰ ਡਿਪਟੀ ਮੇਅਰ ਸੁਰਿੰਦਰ ਕੁਮਾਰ, ਸੁਦਰਸ਼ਨ ਧੀਰ, ਜਸਪਾਲ ਸੁਮਨ, ਪ੍ਰਮੋਦ ਸ਼ਰਮਾ, ਅਜੇ ਵਰਮਾ, ਭਜਨ ਸਿੰਘ, ਸਫ਼ਾਈ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਕਰਨਜੋਤ ਆਦੀਆ, ਮਨੋਜ ਕੈਨੇਡੀ, ਬ੍ਰਿਜ ਮੱਟੂ, ਵਿਕਰਮਜੀਤ, ਬੰਟੀ, ਜੈ ਗੋਪਾਲ, ਬਲਰਾਮ ਭੱਟੀ, ਹੀਰਾ ਲਾਲ, ਦੇਵ ਕੁਮਾਰ, ਲੇਖ ਰਾਜ ਮੱਟੂ, ਅਮਰਜੀਤ ਗਿੱਲ, ਸਨੀ ਲਾਹੌਰੀਆ, ਕੈਲਾਸ਼, ਪ੍ਰਦੀਪ, ਅਮਿਤ ਗਿੱਲ, ਆਸ਼ੂ, ਸੁਭਾਸ਼ ਹੰਸ, ਅਸ਼ੋਕ ਹੰਸ, ਪਵਨ, ਹਰਵਿਲਾਸ, ਲੱਕੀ ਤੇਜ਼ੀ, ਵਿੱਕੀ, ਸ਼ੁਭ ਅਤੇ ਕਿਰਨ ਕੁਮਾਰ ਵੀ ਮੌਜੂਦ ਸਨ।

# ਸੀਐਚਸੀ ਬੀਨੇਵਾਲ ਵਿੱਚ ਰੋਟਰੀ ਆਈ ਬੈਂਕ ਵੱਲੋਂ ਮੁ.ਫਤ ਅੱਖਾਂ ਦਾ ਜਾਂਚ ਕੈਂਪ, 340 ਮਰੀਜ਼ਾਂ ਦੀ ਜਾਂਚ

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**

- 220 ਮਰੀਜ਼ਾਂ ਨੂੰ ਮੁਫ਼ਤ ਐਨਕਾਂ ਵੰਡੀਆਂ, 77 ਦੇ ਹੋਣਗੇ ਅੱਖਾਂ ਦੇ ਆਪ੍ਰੇਸ਼ਨ; ਸੱਤ ਮਰੀਜ਼ਾਂ ਵਿੱਚ ਕੋਰਨੀਆ ਸਬੰਧੀ ਸਮੱਸਿਆ ਦੀ ਪਛਾਣ



ਰੋਟਰੀ ਆਈ ਬੈਂਕ ਐਂਡ ਕੋਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਹੁਸ਼ਿਆਰਪੁਰ ਵੱਲੋਂ ਸਿਵਲ ਸਰਜਨ ਡਾ. ਮਨਦੀਪ ਕਮਲ ਦੇ ਨਿਰਦੇਸ਼ਾਂ ਹੇਠ ਸੀਐਚਸੀ ਝੁੰਗੀਆਂ-ਬੀਨੇਵਾਲ ਵਿਖੇ ਮੁਫ਼ਤ ਅੱਖਾਂ ਦੀ ਜਾਂਚ ਦਾ ਕੈਂਪ ਲਗਾਇਆ ਗਿਆ। ਇਸ ਕੈਂਪ ਦੌਰਾਨ ਅੱਖਾਂ ਦੇ ਰੋਗਾਂ ਦੀ ਮਾਹਿਰ ਡਾ. ਪਰਵਿੰਦਰ ਕੌਰ ਐਮਐਸ (ਆਈਜ਼) ਨੇ 340 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ। ਸਾਰੇ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਵੰਡੀਆਂ ਗਈਆਂ।

ਕੈਂਪ ਦਾ ਉਦਘਾਟਨ ਡਾ. ਪਰਵਿੰਦਰ ਕੌਰ ਅਤੇ ਸੀਐਚਸੀ ਬੀਨੇਵਾਲ ਦੇ ਐਸਐਮਓ ਡਾ. ਨਿਰਮਲ ਕੁਮਾਰ ਨੇ ਸਾਂਝੇ ਤੌਰ 'ਤੇ ਕੀਤਾ। ਇਸ ਮੌਕੇ ਸੋਸਾਇਟੀ ਦੇ ਚੇਅਰਮੈਨ ਜੇਬੀ ਬਹਿਲ ਨੇ ਦੋਵਾਂ ਡਾਕਟਰਾਂ ਨੂੰ ਬੂਟੇ ਭੇਟ ਕਰਕੇ ਸਨਮਾਨਿਤ ਕੀਤਾ।

220 ਮਰੀਜ਼ਾਂ ਨੂੰ ਮੁਫ਼ਤ ਐਨਕਾਂ, 77 ਦੇ ਹੋਣਗੇ ਆਪ੍ਰੇਸ਼ਨ

ਜਾਂਚ ਦੌਰਾਨ 220 ਮਰੀਜ਼ਾਂ ਨੂੰ ਐਨਕਾਂ ਦੀ ਲੋੜ ਪਾਈ ਗਈ, ਜਿਨ੍ਹਾਂ ਨੂੰ ਸੋਸਾਇਟੀ ਵੱਲੋਂ ਮੁਫ਼ਤ ਐਨਕਾਂ ਦਿੱਤੀਆਂ ਗਈਆਂ। ਇਸ ਤੋਂ ਇਲਾਵਾ 77 ਮਰੀਜ਼ਾਂ ਦੀਆਂ ਅੱਖਾਂ ਦੇ ਵੱਖ-ਵੱਖ ਤਰ੍ਹਾਂ ਦੇ ਆਪ੍ਰੇਸ਼ਨ ਜ਼ਰੂਰੀ ਪਾਏ ਗਏ। ਇਨ੍ਹਾਂ ਮਰੀਜ਼ਾਂ ਨੂੰ ਆਪ੍ਰੇਸ਼ਨ ਲਈ ਤਰੀਕਾਂ ਵੀ ਦੇ ਦਿੱਤੀਆਂ ਗਈਆਂ ਹਨ। ਇਸ ਦੌਰਾਨ ਸੱਤ ਮਰੀਜ਼ਾਂ ਵਿੱਚ ਕੋਰਨੀਆ ਸਬੰਧੀ ਸਮੱਸਿਆਵਾਂ ਦੀ ਪਛਾਣ ਵੀ ਹੋਈ। ਸੋਸਾਇਟੀ ਦੇ ਸਹਿਯੋਗ ਅਤੇ ਸਿਵਲ ਸਰਜਨ ਹੁਸ਼ਿਆਰਪੁਰ ਦੇ ਤਾਲਮੇਲ ਨਾਲ 77 ਮਰੀਜ਼ਾਂ ਦੇ ਆਪ੍ਰੇਸ਼ਨ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਮੁਫ਼ਤ ਕੀਤੇ ਜਾਣਗੇ। ਮਰੀਜ਼ਾਂ ਨੂੰ ਸੀਐਚਸੀ ਬੀਨੇਵਾਲ ਤੋਂ ਬੱਸ ਰਾਹੀਂ ਹਸਪਤਾਲ ਲਿਜਾਇਆ ਜਾਵੇਗਾ ਅਤੇ ਆਪ੍ਰੇਸ਼ਨ ਤੋਂ ਬਾਅਦ ਅਗਲੀ ਸਵੇਰ ਵਾਪਸ ਸੀਐਚਸੀ ਬੀਨੇਵਾਲ ਛੱਡਿਆ ਜਾਵੇਗਾ।

ਸੋਸਾਇਟੀ ਅਨੁਸਾਰ ਇਸ ਸਾਰੀ ਪ੍ਰਕਿਰਿਆ ਲਈ ਮਰੀਜ਼ਾਂ ਨੂੰ ਕੋਈ ਖਰਚਾ ਨਹੀਂ ਕਰਨਾ ਪਵੇਗਾ। ਸੋਸਾਇਟੀ ਦੇ ਚੇਅਰਮੈਨ ਜੇਬੀ ਬਹਿਲ ਨੇ ਦੱਸਿਆ ਕਿ ਸੰਸਥਾ ਕੋਰਨੀਆ ਦੀਆਂ ਸਮੱਸਿਆਵਾਂ ਤੋਂ ਪੀੜਤ ਮਰੀਜ਼ਾਂ ਨੂੰ ਕੋਰਨੀਆ ਟ੍ਰਾਂਸਪਲਾਂਟ ਦੀ ਸਹੂਲਤ ਮੁਹੱਈਆ ਕਰਵਾ ਕੇ ਉਨ੍ਹਾਂ ਦੇ ਜੀਵਨ ਵਿੱਚ ਰੌਸ਼ਨੀ ਲਿਆਉਣ ਲਈ ਯਤਨਸ਼ੀਲ ਹੈ। ਸੰਸਥਾ ਵੱਲੋਂ ਵਿਦੇਸ਼ਾਂ ਵਿੱਚ ਰਹਿੰਦੇ ਲੋੜਵੰਦ ਮਰੀਜ਼ਾਂ ਦੀ ਵੀ ਮਦਦ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਵਾਰ ਅਫ਼ਗਾਨਿਸਤਾਨ ਦੇ 16 ਅਤੇ 20 ਸਾਲ ਦੇ ਦੋ ਨੌਜਵਾਨਾਂ ਨੇ ਸੋਸਾਇਟੀ ਨਾਲ ਸੰਪਰਕ ਕੀਤਾ ਹੈ। ਦੋਵੇਂ ਕੋਰਨੀਆ ਸਬੰਧੀ ਬਿਮਾਰੀ ਤੋਂ ਪੀੜਤ ਹਨ ਅਤੇ ਆਰਥਿਕ ਪੱਖੋਂ ਬੇਹੱਦ ਕਮਜ਼ੋਰ ਹਨ। ਸੋਸਾਇਟੀ ਵੱਲੋਂ ਉਨ੍ਹਾਂ ਦੀਆਂ ਹਵਾਈ ਟਿਕਟਾਂ ਦਾ ਪ੍ਰਬੰਧ ਕਰਨ ਦੇ ਨਾਲ-ਨਾਲ ਜਲੰਧਰ ਵਿੱਚ ਮੁਫ਼ਤ ਆਪ੍ਰੇਸ਼ਨ ਕਰਵਾਉਣ ਵਿੱਚ ਵੀ ਸਹਾਇਤਾ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਬੀਨੇਵਾਲ ਕੈਂਪ ਦੌਰਾਨ ਕੋਰਨੀਆ ਦੀ ਸਮੱਸਿਆ ਤੋਂ ਪੀੜਤ ਮਰੀਜ਼ਾਂ ਨੂੰ ਕੋਰਨੀਆ ਉਪਲਬਧ ਹੋਣ 'ਤੇ ਮੁਫ਼ਤ ਟ੍ਰਾਂਸਪਲਾਂਟ ਦੀ ਸਹੂਲਤ ਦਿੱਤੀ ਜਾਵੇਗੀ। ਕੈਂਪ ਦੇ ਪ੍ਰਬੰਧਾਂ ਵਿੱਚ ਐਸਐਮਓ ਡਾ. ਨਿਰਮਲ ਕੁਮਾਰ ਅਤੇ ਸੀਐਚਸੀ ਬੀਨੇਵਾਲ ਦੇ ਸਮੁੱਚੇ ਸਟਾਫ਼ ਨੇ ਸਹਿਯੋਗ ਦਿੱਤਾ। ਇਸ ਮੌਕੇ ਡਾ. ਸੰਦੀਪ ਸਿੰਘ, ਡਾ. ਗੁਰਪ੍ਰਤਾਪ ਸਿੰਘ, ਡਾ. ਤਰਨਵੀਰ ਸਿੰਘ, ਡਾ. ਪੱਲਵੀ, ਨਮਰਤਾ, ਪ੍ਰੀਤੀ, ਵੀਨਾ ਸੋਨੀ, ਰਾਜਵੀਰ ਕੌਰ, ਸੁਨੀਤਾ ਰਾਣੀ, ਰਾਜ ਰਾਣੀ, ਮਨਦੀਪ ਕੌਰ, ਰਾਜ ਕੁਮਾਰ, ਸੁਖਜਿੰਦਰ ਸਿੰਘ, ਪਰਮਜੀਤ ਸਿੰਘ, ਮੁਕੇਸ਼ ਕੁਮਾਰ, ਵਿਨੈ ਕੁਮਾਰ, ਵਿਜੈ ਕੁਮਾਰ, ਰਵਿੰਦਰ ਕੁਮਾਰ, ਧਰਮਿੰਦਰ ਸਿੰਘ, ਰੋਸ਼ਨ ਲਾਲ, ਬਲਜੀਤ ਸਿੰਘ ਅਤੇ ਜਸਵਿੰਦਰ ਕੁਮਾਰ ਸਮੇਤ ਹੋਰ ਕਰਮਚਾਰੀ ਹਾਜ਼ਰ ਸਨ।

ਕੈਂਪ ਦੇ ਪ੍ਰਬੰਧਕਾਂ ਵਿੱਚ ਜੇਬੀ ਬਹਿਲ, ਜਸਵੀਰ ਕੰਵਰ, ਜੀਐਸ ਬਾਵਾ, ਸੁਮਨ ਨਈਅਰ, ਅਸ਼ੋਕ ਜੈਨ, ਪ੍ਰੋਫ਼ੈਸਰ ਦਲਜੀਤ ਸਿੰਘ, ਪ੍ਰਿੰਸੀਪਲ ਬਿੱਕਰ ਸਿੰਘ, ਅਜਾਇਬ ਸਿੰਘ ਬੋਪਾਰਾਏ, ਓਂਕਾਰ ਸਿੰਘ ਚਾਹਲਪੁਰੀ, ਡਾ. ਤਰਸੇਮ ਸਿੰਘ, ਰਮਨਦੀਪ ਸਿੰਘ, ਰਾਜਨ ਮੱਲਣ, ਡਾ. ਲਖਵਿੰਦਰ ਕੁਮਾਰ, ਰਵਿੰਦਰ ਬਿੰਦੂ ਭੁਬਲਾਂ, ਕ੍ਰਿਸ਼ਨ ਕਿਸ਼ੋਰ, ਨਰੇਸ਼ ਭੁਬਲਾਂ ਅਤੇ ਰਾਮ ਜੀ ਦਾਸ ਚੌਹਾਨ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ, ਸਾਬਕਾ ਵਿਧਾਇਕ ਲਵ ਕੁਮਾਰ ਗੋਲਡੀ, ਸਰਪੰਚ ਸੰਜੇ ਪਿੱਪਲੀਵਾਲ, ਸਰਪੰਚ ਬਲਵਿੰਦਰ ਸਿੰਘ ਬੋਪਾਰਾਏ, ਸਰਪੰਚ ਸੰਜੀਵ ਸਿੰਘ, ਆਮ ਆਦਮੀ ਪਾਰਟੀ ਦੇ ਗੜ੍ਹਸ਼ੰਕਰ ਸੰਗਠਨ ਇੰਚਾਰਜ ਚਰਨਜੀਤ ਸਿੰਘ ਚੰਨੀ ਅਤੇ ਜਗਦੇਵ ਸਿੰਘ ਗੜ੍ਹੀਮਾਨਸੋਵਾਲ ਵੀ ਪਹੁੰਚੇ।

# ਜਲੰਧਰ ਵਿਖੇ 14 ਤੋਂ 22 ਨਵੰਬਰ 2026 ਤੱਕ ਅਗਨੀਵੀਰ ਭਰਤੀ ਰੈਲੀ ਦਾ ਆਯੋਜਨ

**ਪੈ.ਗਾਮ-ਏ-ਜਗਤ**
**ਜਲੰਧਰ (ਦਲਜੀਤ ਅਜਨੋਹਾ)**



ਅਗਨੀਪਥ ਯੋਜਨਾ ਤਹਿਤ ਭਾਰਤੀ ਫੌਜ ਵਿੱਚ ਯੋਗ ਨੌਜਵਾਨਾਂ ਦੀ ਭਰਤੀ ਲਈ ਅਗਨੀਵੀਰ ਭਰਤੀ ਰੈਲੀ ਦਾ ਆਯੋਜਨ 14 ਨਵੰਬਰ ਤੋਂ 22 ਨਵੰਬਰ 2026 ਤੱਕ ਸਰਕਾਰੀ ਕਲਾ ਅਤੇ ਖੇਡ ਕਾਲਜ, ਜਲੰਧਰ ਵਿਖੇ ਕੀਤਾ ਜਾਵੇਗਾ। ਇਸ ਭਰਤੀ ਰੈਲੀ ਵਿੱਚ 6,000 ਤੋਂ ਵੱਧ ਉਮੀਦਵਾਰ ਹਿੱਸਾ ਲੈਣਗੇ, ਜਿਨ੍ਹਾਂ ਨੇ ਤਰਨ ਤਾਰਨ, ਕਪੂਰਥਲਾ, ਜਲੰਧਰ, ਹੁਸ਼ਿਆਰਪੁਰ ਅਤੇ ਸ਼ਹੀਦ ਭਗਤ ਸਿੰਘ ਨਗਰ (ਐੱਸ.ਬੀ.ਐੱਸ. ਨਗਰ) ਜਿਲ੍ਹਿਆਂ ਤੋਂ ਸਾਂਝੀ ਦਾਖਲਾ ਪ੍ਰੀਖਿਆ ਪਾਸ ਕੀਤੀ ਹੈ । ਇਸ ਭਰਤੀ ਰੈਲੀ ਵਿੱਚ ਪੰਜਾਬ, ਕੇਂਦਰ ਸ਼ਾਸਿਤ ਪ੍ਰਦੇਸ਼ ਜੰਮੂ ਅਤੇ ਕਸ਼ਮੀਰ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਲੱਦਾਖ ਤੋਂ ਯੋਗ ਮਹਿਲਾ ਉਮੀਦਵਾਰਾਂ ਦੀ ਭਰਤੀ ਕੀਤੀ ਜਾਵੇਗੀ, ਜਿਸ ਨਾਲ ਨੌਜਵਾਨ ਔਰਤਾਂ ਨੂੰ ਭਾਰਤੀ ਫੌਜ ਵਿੱਚ ਕਰੀਅਰ ਬਣਾਉਣ ਅਤੇ ਮਾਣ ਅਤੇ ਸਮਰਪਣ ਨਾਲ ਦੇਸ਼ ਦੀ ਸੇਵਾ ਕਰਨ ਦਾ ਮੌਕਾ ਮਿਲੇਗਾ।

ਭਰਤੀ ਪ੍ਰਕਿਰਿਆ ਵਿੱਚ ਉਮੀਦਵਾਰਾਂ ਦੀ ਸਰੀਰਕ ਤੰਦਰੁਸਤੀ ਅਤੇ ਅਨੁਕੂਲਤਾ ਦਾ ਮੁਲਾਂਕਣ ਕਰਨ ਲਈ ਕਈ ਤਰ੍ਹਾਂ ਦੇ ਟੈਸਟ ਅਤੇ ਮੁਲਾਂਕਣ ਸ਼ਾਮਲ ਹੋਣਗੇ। ਇਨ੍ਹਾਂ ਵਿੱਚ 1.6 ਕਿਲੋਮੀਟਰ ਦੌੜ ਸ਼ਾਮਲ ਹੈ, ਜੋ ਉਨ੍ਹਾਂ ਦੀ ਸਹਿਣਸ਼ੀਲਤਾ ਅਤੇ ਸਰੀਰਕ ਤੰਦਰੁਸਤੀ ਦੀ ਜਾਂਚ ਕਰੇਗੀ, ਇੱਕ ਬੀਮ ਟੈਸਟ, ਜੋ ਸਰੀਰ ਦੇ ਉੱਪਰਲੇ ਹਿੱਸੇ ਦੀਆਂ ਮਾਸਪੇਸ਼ੀਆਂ ਦੀ ਤਾਕਤ ਦਾ ਮੁਲਾਂਕਣ ਕਰੇਗਾ, ਅਤੇ ਸਰੀਰਕ ਮਾਪਦੰਡ, ਜਿਸ ਵਿੱਚ ਲੰਬਾਈ , ਭਾਰ ਅਤੇ ਹੋਰ ਸਰੀਰਕ ਮਾਪਦੰਡ ਸ਼ਾਮਲ ਹੋਣਗੇ।

ਸਰੀਰਕ ਤੰਦਰੁਸਤੀ ਟੈਸਟ ਪਾਸ ਕਰਨ ਵਾਲੇ ਉਮੀਦਵਾਰਾਂ ਦੀ ਭਾਰਤੀ ਫੌਜ ਵਿੱਚ ਭਰਤੀ ਲਈ ਉਨ੍ਹਾਂ ਦੀ ਮੈਡੀਕਲ ਤੰਦਰੁਸਤੀ ਨੂੰ ਯਕੀਨੀ ਬਣਾਉਣ ਲਈ ਡਾਕਟਰੀ ਜਾਂਚ ਕੀਤੀ ਜਾਵੇਗੀ।

ਭਰਤੀ ਪ੍ਰਕਿਰਿਆ ਸਥਾਪਤ ਭਰਤੀ ਨੀਤੀਆਂ ਅਤੇ ਯੋਗਤਾ ਮਾਪਦੰਡਾਂ ਦੇ ਅਨੁਸਾਰ ਇੱਕ ਨਿਰਪੱਖ, ਪਾਰਦਰਸ਼ੀ ਅਤੇ ਯੋਜਨਾਬੱਧ ਢੰਗ ਨਾਲ ਕੀਤੀ ਜਾਵੇਗੀ। ਉਮੀਦਵਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਅਧਿਕਾਰਤ ਭਰਤੀ ਸੂਚਨਾਵਾਂ ਦਾ ਧਿਆਨ ਨਾਲ ਅਧਿਐਨ ਕਰਨ, ਇਹ ਯਕੀਨੀ ਬਣਾਉਣ ਕਿ ਉਹ ਨਿਰਧਾਰਤ ਯੋਗਤਾ ਸ਼ਰਤਾਂ ਨੂੰ ਪੂਰਾ ਕਰਦੇ ਹਨ, ਅਤੇ ਭਰਤੀ ਰੈਲੀ ਵਿੱਚ ਹਿੱਸਾ ਲੈਣ ਲਈ ਸਾਰੇ ਲੋੜੀਂਦੇ ਦਸਤਾਵੇਜ਼ ਲਿਆਉਣ। ਉਮੀਦਵਾਰਾਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਦਲਾਲਾਂ ਅਤੇ ਸਮਾਜ ਵਿਰੋਧੀ ਤੱਤਾਂ ਤੋਂ ਸਾਵਧਾਨ ਰਹਿਣ ਜੋ ਪੈਸੇ ਦੇ ਬਦਲੇ ਭਰਤੀ ਜਾਂ ਚੋਣ ਦੇ ਝੂਠੇ ਵਾਅਦੇ ਕਰ ਸਕਦੇ ਹਨ। ਭਾਰਤੀ ਫੌਜ ਵਿੱਚ ਭਰਤੀ ਸਿਰਫ਼ ਯੋਗਤਾ ਅਤੇ ਸਥਾਪਿਤ ਚੋਣ ਮਾਪਦੰਡਾਂ 'ਤੇ ਅਧਾਰਤ ਹੈ। ਕੋਈ ਵੀ ਵਿਅਕਤੀ ਜਾਂ ਏਜੰਟ ਚੋਣ ਦੀ ਗਰੰਟੀ ਨਹੀਂ ਦੇ ਸਕਦਾ। ਉਮੀਦਵਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਭਰਤੀ ਵਿੱਚ ਸਹਾਇਤਾ ਜਾਂ ਚੋਣ ਦਾ ਵਾਅਦਾ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਪੈਸੇ ਨਾ ਦੇਣ ਅਤੇ ਭਰਤੀ ਅਧਿਕਾਰੀਆਂ ਨੂੰ ਕਿਸੇ ਵੀ ਸ਼ੱਕੀ ਗਤੀਵਿਧੀ ਜਾਂ ਪੈਸੇ ਦੀ ਮੰਗ ਦੀ ਤੁਰੰਤ ਰਿਪੋਰਟ ਕਰਨ। ਭਾਰਤੀ ਫੌਜ ਸਾਰੇ ਯੋਗ ਨੌਜਵਾਨਾਂ, ਖਾਸ ਕਰਕੇ ਮਹਿਲਾ ਉਮੀਦਵਾਰਾਂ ਨੂੰ ਇਸ ਮੌਕੇ ਦਾ ਫਾਇਦਾ ਉਠਾਉਣ ਅਤੇ ਮਾਣ, ਸਨਮਾਨ ਅਤੇ ਸਮਰਪਣ ਨਾਲ ਦੇਸ਼ ਦੀ ਸੇਵਾ ਕਰਨ ਲਈ ਵੱਡੀ ਗਿਣਤੀ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕਰਦੀ ਹੈ। ਭਾਰਤੀ ਫੌਜ ਸਾਰੇ ਯੋਗ ਨੌਜਵਾਨਾਂ, ਖਾਸ ਕਰਕੇ ਮਹਿਲਾ ਉਮੀਦਵਾਰਾਂ ਨੂੰ ਇਸ ਮੌਕੇ ਦਾ ਲਾਭ ਉਠਾਉਣ ਅਤੇ ਮਾਣ, ਸਨਮਾਨ ਅਤੇ ਸਮਰਪਣ ਨਾਲ ਦੇਸ਼ ਦੀ ਸੇਵਾ ਕਰਨ ਲਈ ਵੱਡੀ ਗਿਣਤੀ ਵਿੱਚ ਹਿੱਸਾ ਲੈਣ ਵਾਸਤੇ ਉਤਸ਼ਾਹਿਤ ਕਰਦੀ ਹੈ। ਉਮੀਦਵਾਰ ਰੈਲੀ ਦੀ ਦਸਤਾਵੇਜ਼ੀ ਪ੍ਰਕਿਰਿਆ ਦੌਰਾਨ ਲੋੜੀਂਦੇ ਵੱਖ-ਵੱਖ ਦਸਤਾਵੇਜ਼ਾਂ ਨਾਲ ਸਬੰਧਤ ਜਾਣਕਾਰੀ ਲਈ ਹੇਠਾਂ ਦਿੱਤੇ ਗਏ ਕਿਊਆਰ ਕੋਡ ਨੂੰ ਸਕੈਨ ਕਰ ਸਕਦੇ ਹਨ।

# ਸੰਗਰੂਰ ਪੁਲਿਸ ਵੱਲੋਂ ਕਾਸੋ ਤਹਿਤ ਕਾਰਵਾਈ; 8 ਮੁਕੱਦਮੇ ਦਰਜ ਕਰਕੇ 14 ਵਿਅਕਤੀ ਗ੍ਰਿ.ਫਤਾਰ

**ਸੰਗਰੂਰ, 17 ਅਕਤੂਬਰ (ਪੈ.ਗਾਮ-ਏ-ਜਗਤ)**

- 150 ਗ੍ਰਾਮ ਸੁਲਫਾ, 100 ਗ੍ਰਾਮ ਹੈਰੋਇਨ ਅਤੇ 18 ਬੋਤਲਾਂ ਸ਼ਰਾਬ ਬਰਾਮਦ
- ਨਸ਼ਿਆਂ ਦੇ ਖ਼ਾਤਮੇ ਲਈ ਪੁਲਿਸ ਦੀ ਕਾਰਵਾਈ ਜਾਰੀ ਰਹੇਗੀ; ਲੋਕ ਸੂਚਨਾ ਦੇ ਕੇ ਸਹਿਯੋਗ ਕਰਨ: ਐੱਸ.ਐੱਸ.ਪੀ. ਡਾ. ਰਵਜੋਤ ਗਰੇਵਾਲ



ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਨਸ਼ਿਆਂ ਅਤੇ ਗ਼ੈਰਕਾਨੂੰਨੀ ਗਤੀਵਿਧੀਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਕਾਸੋ (ਘੇਰਾਬੰਦੀ ਅਤੇ ਤਲਾਸ਼ੀ ਮੁਹਿੰਮ) ਦੌਰਾਨ ਵੱਖ-ਵੱਖ ਕਾਰਵਾਈਆਂ ਕਰਦਿਆਂ ਕੁੱਲ 8 ਮੁਕੱਦਮੇ ਦਰਜ ਕਰਕੇ 14 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਦੌਰਾਨ 150 ਗ੍ਰਾਮ ਸੁਲਫਾ, 100 ਗ੍ਰਾਮ ਹੈਰੋਇਨ ਅਤੇ 18 ਬੋਤਲਾਂ ਸ਼ਰਾਬ ਬਰਾਮਦ ਕੀਤੀ ਗਈ ਹੈ।

ਇਹ ਜਾਣਕਾਰੀ ਦਿੰਦਿਆਂ ਐੱਸ.ਐੱਸ.ਪੀ. ਸੰਗਰੂਰ ਡਾ. ਰਵਜੋਤ ਗਰੇਵਾਲ ਨੇ ਦੱਸਿਆ ਕਿ ਨਸ਼ਿਆਂ ਦੀ ਸਪਲਾਈ ਰੋਕਣ ਅਤੇ ਗ਼ੈਰਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਵਿਅਕਤੀਆਂ ਖ਼ਿਲਾਫ਼ ਕਾਰਵਾਈ ਕਰਨ ਲਈ ਜ਼ਿਲ੍ਹਾ ਪੁਲਿਸ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਮੁਹਿੰਮਾਂ ਦਾ ਉਦੇਸ਼ ਨਸ਼ਿਆਂ ਤੋਂ ਪ੍ਰਭਾਵਿਤ ਖੇਤਰਾਂ ਵਿੱਚ ਪੁਲਿਸ ਦੀ ਸਰਗਰਮੀ ਵਧਾਉਣਾ ਅਤੇ ਲੋਕਾਂ ਲਈ ਸੁਰੱਖਿਅਤ ਮਾਹੌਲ ਯਕੀਨੀ ਬਣਾਉਣਾ ਹੈ।

ਕਾਰਵਾਈ ਦਾ ਵੇਰਵਾ ਦਿੰਦਿਆਂ ਉਨ੍ਹਾਂ ਦੱਸਿਆ ਕਿ ਐੱਨ.ਡੀ.ਪੀ.ਐੱਸ. ਐਕਟ ਦੀ ਧਾਰਾ 27 ਤਹਿਤ 4 ਮੁਕੱਦਮੇ ਦਰਜ ਕੀਤੇ ਗਏ ਹਨ। ਇੱਕ ਮਾਮਲੇ ਵਿੱਚ ਬਰਾਮਦਗੀ ਹੋਣੀ ਬਾਕੀ ਹੈ। ਇਸ ਤੋਂ ਇਲਾਵਾ, ਆਬਕਾਰੀ ਐਕਟ ਤਹਿਤ ਇੱਕ ਮੁਕੱਦਮਾ ਦਰਜ ਕਰਕੇ 18 ਬੋਤਲਾਂ ਸ਼ਰਾਬ ਬਰਾਮਦ ਕੀਤੀ ਗਈ ਹੈ।

ਡਾ. ਗਰੇਵਾਲ ਨੇ ਕਿਹਾ ਕਿ ਨਸ਼ਿਆਂ ਦੇ ਕਾਰੋਬਾਰ ਨਾਲ ਜੁੜੇ ਵਿਅਕਤੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਪਲਾਈ ਲੜੀ ਤੋੜਨ ਦੇ ਨਾਲ-ਨਾਲ ਨਸ਼ਿਆਂ ਤੋਂ ਪ੍ਰਭਾਵਿਤ ਵਿਅਕਤੀਆਂ ਨੂੰ ਇਲਾਜ ਅਤੇ ਮੁੜ ਵਸੇਬੇ ਲਈ ਪ੍ਰੇਰਿਤ ਕਰਨ ਵਾਸਤੇ ਸਮਾਜ ਦਾ ਸਹਿਯੋਗ ਵੀ ਅਹਿਮ ਹੈ।

ਐੱਸ.ਐੱਸ.ਪੀ. ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਲੇ-ਦੁਆਲੇ ਨਸ਼ਿਆਂ ਦੀ ਵਿਕਰੀ ਜਾਂ ਕਿਸੇ ਹੋਰ ਗ਼ੈਰਕਾਨੂੰਨੀ ਗਤੀਵਿਧੀ ਬਾਰੇ ਜਾਣਕਾਰੀ ਪੁਲਿਸ ਨਾਲ ਸਾਂਝੀ ਕਰਨ। ਉਨ੍ਹਾਂ ਭਰੋਸਾ ਦਿੱਤਾ ਕਿ ਸੂਚਨਾ ਦੇਣ ਵਾਲੇ ਵਿਅਕਤੀ ਦੀ ਪਛਾਣ ਗੁਪਤ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਸੰਗਰੂਰ ਨੂੰ ਨਸ਼ਾ ਮੁਕਤ ਅਤੇ ਸੁਰੱਖਿਅਤ ਬਣਾਉਣ ਲਈ ਪੁਲਿਸ ਦੀ ਮੁਹਿੰਮ ਲਗਾਤਾਰ ਜਾਰੀ ਰਹੇਗੀ।

# 'ਅੰਬਾਲਾ ਖੋਜ ਹੁਨਰ ਦੀ' ਸੈਮੀ ਫਾਈਨਲ ਡਾਂਸ ਮੁਕਾਬਲਾ ਅੱਜ

**ਪੈ.ਗਾਮ-ਏ-ਜਗਤ**
**ਅੰਬਾਲਾ, 17 ਅਕਤੂਬਰ (ਆਰ.ਸਿੰਘ)**



ਅੰਬਾਲਾ ਦੀ ਕਲਾ ਅਤੇ ਸਭਿਆਚਾਰ ਨੂੰ ਸਮਰਪਿਤ ਪ੍ਰਮੁੱਖ ਸੰਸਥਾ ਪੀਐਮਜੀ ਗਰੁੱਪ ਅਤੇ ਹਰਿਆਣਾ ਆਰਟਿਸਟ ਫੋਰਮ ਦੋਵੇਂ ਮਿਲ ਕੇ ਅੰਬਾਲਾ ਕਲੱਬ ਦੇ ਸਹਿਯੋਗ ਨਾਲ ਭਲਕੇ 18 ਅਕਤੂਬਰ ਨੂੰ ਸ਼ਹਿਰ ਦੀ ਅੰਬਾਲਾ ਕਲੱਬ ਵਿਖੇ ਇੱਕ ਸ਼ਾਨਦਾਰ ਸੋਲੋ ਡਾਂਸ ਮੁਕਾਬਲਾ, 'ਅੰਬਾਲਾ ਖੋਜ ਹੁਨਰ ਦੀ-ਸਟੇਜ ਤੋਂ ਸਟਾਰਡਮ ਤੱਕ' ਆਯੋਜਿਤ ਕਰ ਰਹੇ ਹਨ ਜਿਸ ਦਾ ਉਦੇਸ਼ ਅੰਬਾਲਾ ਦੇ ਲੁਕੇ ਹੋਏ ਕਲਾਕਾਰਾਂ ਨੂੰ ਇੱਕ ਪਲੇਟਫਾਰਮ ਪ੍ਰਦਾਨ ਕਰਨਾ ਹੈ।

ਈਵੈਂਟ ਕੋਆਰਡੀਨੇਟਰ ਅਤੇ ਥੀਏਟਰ ਸ਼ਖ਼ਸੀਅਤ ਜਸਦੀਪ ਬੇਦੀ ਨੇ ਦੱਸਿਆ ਕਿ ਸੋਲੋ ਡਾਂਸ ਮੁਕਾਬਲਾ ਤਿੰਨ ਪੜਾਵਾਂ ਵਿੱਚ ਆਯੋਜਿਤ ਕੀਤਾ ਜਾਵੇਗਾ। ਪਹਿਲਾ ਪੜਾਅ ਆਡੀਸ਼ਨ ਰਾਊਂਡ, 11 ਅਕਤੂਬਰ ਨੂੰ ਆਯੋਜਿਤ ਕੀਤਾ ਗਿਆ ਸੀ ਜਿਸ ਵਿੱਚ ਲਗਭਗ 50 ਭਾਗੀਦਾਰਾਂ ਨੇ ਹਿੱਸਾ ਲਿਆ ਸੀ। ਭਲਕੇ 18 ਅਕਤੂਬਰ ਨੂੰ ਦੂਜਾ ਪੜਾਅ ਸੈਮੀ-ਫਾਈਨਲ ਰਾਊਂਡ ਸ਼ਾਮ 5:00 ਵਜੇ ਅੰਬਾਲਾ ਕਲੱਬ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਡੀਸ਼ਨ ਗੇੜ ਵਿਚ ਚੁਣੇ ਗਏ 28 ਭਾਗੀਦਾਰ ਭਲਕੇ ਗਰੈਂਡ ਫਿਨਾਲੇ ਲਈ ਮੁਕਾਬਲਾ ਕਰਨਗੇ। ਤੀਜਾ ਪੜਾਅ ਗਰੈਂਡ ਫਿਨਾਲੇ 25 ਅਕਤੂਬਰ ਨੂੰ ਆਯੋਜਿਤ ਕੀਤਾ ਜਾਵੇਗਾ। ਬੇਦੀ ਨੇ ਦੱਸਿਆ ਕਿ ਇਸ ਮੁਕਾਬਲੇ ਲਈ ਤਿੰਨ ਉਮਰ ਸਮੂਹ ਬਣਾਏ ਗਏ ਹਨ: ਪਹਿਲੀ ਸ਼੍ਰੇਣੀ 5 ਤੋਂ 8 ਸਾਲ, ਦੂਜੀ 9 ਤੋਂ 14 ਸਾਲ ਅਤੇ ਤੀਜੀ ਸ਼੍ਰੇਣੀ 15 ਤੋਂ 30 ਸਾਲ ਤੱਕ ਰੱਖੀ ਗਈ ਹੈ। ਇਸ ਮੁਕਾਬਲੇ ਵਿੱਚ ਕਲਾਸੀਕਲ ਅਤੇ ਜਨਰਲ/ਪੱਛਮੀ ਨਾਚ ਲਈ ਦੋ ਵੱਖਰੇ ਸਮੂਹ ਬਣਾਏ ਗਏ ਹਨ। ਉਨ੍ਹਾਂ ਕਿਹਾ ਕਿ ਪੀਐਮਜੀ ਗਰੁੱਪ ਦਾ ਮੁੱਖ ਉਦੇਸ਼ ਅੰਬਾਲਾ ਸ਼ਹਿਰ ਅਤੇ ਆਸ ਪਾਸ ਦੇ ਖੇਤਰਾਂ ਦੀਆਂ ਲੁਕੀਆਂ ਹੋਈਆਂ ਨਾਚ ਪ੍ਰਤਿਭਾਵਾਂ ਨੂੰ ਇੱਕ ਮਜ਼ਬੂਤ ਪਲੇਟਫਾਰਮ ਪ੍ਰਦਾਨ ਕਰਨਾ ਹੈ ਤਾਂ ਜੋ ਉਹ 'ਸਟੇਜ ਤੋਂ ਸਟਾਰਡਮ' ਤੱਕ ਯਾਤਰਾ ਕਰ ਸਕਣ ਅਤੇ ਆਪਣੀ ਕਲਾ ਨੂੰ ਵੱਡੇ ਪੱਧਰ 'ਤੇ ਪ੍ਰਦਰਸ਼ਿਤ ਕਰ ਸਕਣ।

# ਸ੍ਰੀ ਰਾਮ ਲੀਲਾ ਕਮੇਟੀ 812 ਬੱਚਿਆਂ ਨੂੰ ਸਿਖਾ ਰਹੀ ਚੰਗੇ ਸੰਸਕਾਰ

**ਪੈ.ਗਾਮ-ਏ-ਜਗਤ**
**ਮੋਹਾਲੀ, (ਸੰਜੀਵ ਸਿੰਘ ਸੈਣੀ)**





ਪਹਿਲੇ ਨੌਰਾਤੇ ਤੋਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਰਾਮਲੀਲਾ ਖੇਡੀ ਜਾਂਦੀ ਹੈ। ਬੱਚਿਆਂ ਨੂੰ ਬਹੁਤ ਚਾਅ ਹੁੰਦਾ ਹੈ ਕਿ ਰਾਮ ਲੀਲਾ ਦੇਖਣ ਜਾਣਾ ਹੈ। ਮਾਂ ਬਾਪ ਦੀ ਵੀ ਜਿੰਮੇਵਾਰੀ ਬਣਦੀ ਹੈ ਕਿ ਉਹ ਆਪਣੇ ਬੱਚਿਆਂ ਨੂੰ ਰਾਮਲੀਲਾ ਵਿੱਚ ਜਰੂਰ ਲੈ ਕੇ ਜਾਣ ਤਾਂ ਜੋ ਉਨਾਂ ਨੂੰ ਇਤਿਹਾਸ ਬਾਰੇ ਜਾਣਕਾਰੀ ਮਿਲ ਸਕੇ। ਵੱਡਿਆਂ ਨੂੰ ਵੀ ਬਹੁਤ ਕੁਝ ਸਿੱਖਣ ਲਈ ਹੁੰਦਾ ਹੈ। ਸਾਡੀ ਇਹ ਸੰਸਕ੍ਰਿਤੀ ਹੈ ।ਉਸ ਬਾਰੇ ਪਤਾ ਲੱਗ ਜਾਂਦਾ ਹੈ। ਨੈਤਿਕ ਕਦਰਾਂ ਕੀਮਤਾਂ ਕੀ ਹਨ? ਸਮਾਜ ਵਿੱਚ ਸਾਡਾ ਕੀ ਰੋਲ ਹੈ ,ਮਾਂ ਬਾਪ ਦੀ ਕੀ ਜਿੰਮੇਵਾਰੀ ਹੈ? ਮਾਂ ਬਾਪ ਦਾ ਸਤਿਕਾਰ ਕਿਸ ਤਰ੍ਹਾਂ ਹੋਣਾ ਚਾਹੀਦਾ ਹੈ ?ਡੇਰਾਬੱਸੀ ਵਿੱਚ ਰਾਮਲੀਲਾ ਕਮੇਟੀ (812) ਬੱਚਿਆਂ ਦੇ ਨਾਲ ਨਾਲ ਵੱਡਿਆਂ ਨੂੰ ਵੀ ਬਹੁਤ ਕੁੱਝ ਚੰਗੇ ਸੰਸਕਾਰ ਸਿਖਾ ਰਹੀ ਹੈ। ਰਾਜਾ ਦਸ਼ਰਥ ਕੌਣ ਸਨ। ਸੀਤਾ ਦੇ ਮਾਤਾ ਪਿਤਾ ਦਾ ਨਾਂ ਕੀ ਸੀ। ਮਾਤਾ ਸੀਤਾ ਦਾ ਜਨਮ ਕਿਵੇਂ ਹੋਇਆ? ਰਾਜਾ ਦਸ਼ਰਤ ਦੀਆਂ ਕਿੰਨੀ ਰਾਣੀਆਂ ਸਨ। ਜਟਾਯੂ ਕੌਣ ਸੀ? ਮੰਥਰਾ ਦਾ ਕੀ ਰੋਲ ਸੀ? ਹਨੂਮਾਨ ਜੀ ਸ਼੍ਰੀ ਰਾਮ ਚੰਦਰ ਨੂੰ ਕਿੱਥੇ ਮਿਲੇ। ਯੁਵਰਾਜ ਅੰਗਦ ਨੇ ਕਿਸ ਤਰ੍ਹਾਂ ਰਾਵਣ ਨੂੰ ਲਲਕਾਰਿਆ। ਵੀਭੀਸ਼ਨ ਨੇ ਕਿਸ ਤਰ੍ਹਾਂ ਮਹਾਰਾਜ ਰਾਮ ਦੀ ਮਦਦ ਕੀਤੀ। ਕੁੰਭਕਰਨ ਦਾ ਕੀ ਇਤਿਹਾਸ ਰਿਹਾ ਹੈ। ਇਸ ਬਾਰੇ ਅੱਜ ਕੱਲ ਬੱਚਿਆਂ ਨੂੰ ਬਿਲਕੁਲ ਵੀ ਨਹੀਂ ਪਤਾ ਹੈ। ਪਰ ਜੋ ਡੇਰਾਬਸੀ ਵਿਖੇ ਰਾਮਲੀਲਾ ਕਮੇਟੀ 812 ਰਾਮਲੀਲਾ ਕਰ ਰਹੀ ਹੈ ਉਹ ਬਹੁਤ ਕੁੱਝ ਬੱਚਿਆਂ ਨੂੰ ਸਿਖਾ ਰਹੀ ਹੈ । ਤਕਰੀਬਨ 40 ਸਾਲ ਤੋਂ ਡੇਰਾਬਸੀ ਵਿੱਚ ਰਾਮਲੀਲਾ ਖੇਡੀ ਜਾ ਰਹੀ ਹੈ। ਰਾਮਲੀਲਾ ਕਮੇਟੀ ਦੇ ਪ੍ਰਧਾਨ ਸਤਿਕਾਰਯੋਗ ਰਵਿੰਦਰ ਵੈਸ਼ਨਵ ਜੀ ਨੇ ਦੱਸਿਆ ਕਿ ਉਹਨਾਂ ਦਾ ਇਹੀ ਮੰਤਵ ਹੁੰਦਾ ਹੈ ਕਿ ਲੋਕਾਂ ਨੂੰ ਵੱਧ ਤੋਂ ਵੱਧ ਇਤਿਹਾਸ ਬਾਰੇ ਜਾਣਕਾਰੀ ਮਿਲੇ। ਬੱਚਿਆਂ ਨੂੰ ਆਪਣੇ ਇਤਿਹਾਸ ਬਾਰੇ ਜਾਣਕਾਰੀ ਦੇਣਾ ਬਹੁਤ ਜਰੂਰੀ ਹੈ। ਨਹੀਂ ਤਾਂ ਅੱਜ ਕੱਲ ਬੱਚੇ ਮੋਬਾਇਲ ਤੇ ਲੱਗੇ ਰਹਿੰਦੇ ਹਨ ।ਸੋਸ਼ਲ ਮੀਡੀਆ ਦਾ ਜਮਾਨਾ ਹੈ। ਬੱਚਿਆਂ ਨੂੰ ਰਮਾਇਣ ਬਾਰੇ ਬਿਲਕੁਲ ਵੀ ਨਹੀਂ ਪਤਾ ਹੈ।

ਇੱਥੇ ਦੱਸਣਯੋਗ ਗੱਲ ਹੈ ਕਿ ਰਵਿੰਦਰ ਵੈਸ਼ਨਵ ਜੀ ਸਮਾਜ ਸੇਵੀ ਵੀ ਹਨ। ਉਹ ਸਕੂਲਾਂ ਵਿੱਚ ਸਮੇਂ ਸਮੇਂ ਤੇ ਰਮਾਇਣ ਪ੍ਰਤਿਯੋਗਿਤਾ ਕਰਵਾਉਂਦੇ ਰਹਿੰਦੇ ਹਨ। ਰਾਮਲੀਲਾ ਕਮੇਟੀ ਦੇ ਚੇਅਰਮੈਨ ਸ਼੍ਰੀ ਮਨੋਜ ਰਾਜਪੂਤ ਜੋ ਕਿ ਰਾਵਣ ਦਾ ਰੋਲ ਅਦਾ ਕਰ ਰਹੇ ਹਨ। ਬਹੁਤ ਵਧੀਆ ਸਲੋਕ ਬੋਲ ਕੇ ਬੱਚਿਆਂ ਨੂੰ ਤੇ ਲੋਕਾਂ ਨੂੰ ਰਮਾਇਣ ਬਾਰੇ ਜਾਣਕਾਰੀ ਦੇ ਰਹੇ ਹਨ।

# ਪੀ.ਐਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੀਰਮਪੁਰ ਵਿਖੇ ਖੇਡ ਦਿਵਸ ਧੂਮਧਾਮ ਨਾਲ ਮਨਾਇਆ

ਪੈਗ਼ਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)



ਪੀ.ਐਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੀਰਮਪੁਰ (ਬਲਾਕ ਗੜ੍ਹਸ਼ੰਕਰ-2, ਜ਼ਿਲ੍ਹਾ ਹੁਸ਼ਿਆਰਪੁਰ) ਵਿਖੇ ਖੇਡ ਦਿਵਸ ਬੜੇ ਉਤਸ਼ਾਹ, ਉਮੰਗ ਅਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਇਸ ਸਮਾਗਮ ਵਿੱਚ ਹਾਈ ਸਕੂਲ ਦੇ ਵਿਦਿਆਰਥੀਆਂ ਦੇ ਨਾਲ-ਨਾਲ ਪ੍ਰਾਇਮਰੀ

**• ਸ. ਹਰਦੇਵ ਸਿੰਘ ਕਾਹਮਾ ਦਾ ਜਨਮਦਿਨ ਮਨਾਇਆ; 25 ਲੋੜਵੰਦ ਔਰਤਾਂ ਨੂੰ ਸਰਦੀਆਂ ਦੇ ਸੂਟ ਅਤੇ ਇੱਕ ਔਰਤ ਨੂੰ ਸਿਲਾਈ ਮਸ਼ੀਨ ਭੇਟ**

ਸਕੂਲ ਬੀਰਮਪੁਰ ਦੇ ਸਟਾਫ਼ ਅਤੇ ਬੱਚਿਆਂ ਨੇ ਵੀ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ। ਖੇਡਾਂ ਰਾਹੀਂ ਵਿਦਿਆਰਥੀਆਂ ਵਿੱਚ ਸਰੀਰਕ ਤੰਦਰੁਸਤੀ, ਅਨੁਸ਼ਾਸਨ, ਟੀਮ ਭਾਵਨਾ ਅਤੇ ਆਪਸੀ ਸਹਿਯੋਗ ਨੂੰ ਉਤਸ਼ਾਹਿਤ ਕੀਤਾ ਗਿਆ।

ਸਕੂਲ ਦੇ ਹੈੱਡਮਾਸਟਰ ਸੁਖਵਿੰਦਰ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੇਡ ਦਿਵਸ ਦੌਰਾਨ ਵਿਦਿਆਰਥੀਆਂ ਨੇ ਦੌੜਾਂ, ਰੱਸਾਕਸ਼ੀ, ਰਿਲੇਅ ਦੌੜ ਅਤੇ ਹੋਰ ਕਈ ਮਨੋਰੰਜਕ ਖੇਡਾਂ ਵਿੱਚ ਚੜ੍ਹ-ਗੜ੍ਹ ਕੇ ਹਿੱਸਾ ਲਿਆ। ਜੇਤੂ ਰਹੇ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਹੈੱਡਮਾਸਟਰ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦਾ ਅਹਿਮ ਹਿੱਸਾ ਹਨ ਅਤੇ ਇਹ ਬੱਚਿਆਂ ਵਿੱਚ ਆਤਮ-ਵਿਸ਼ਵਾਸ, ਮਿਹਨਤ, ਲਗਨ ਅਤੇ ਜਿੱਤ-ਹਾਰ ਨੂੰ ਖੇਡ ਭਾਵਨਾ ਨਾਲ ਸਵੀਕਾਰ ਕਰਨ ਦੀ ਪ੍ਰੇਰਨਾ ਦਿੰਦੀਆਂ ਹਨ। ਖੇਡ ਗਤੀਵਿਧੀਆਂ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਖੇਡ ਕੋਚ ਸ੍ਰੀ ਓਮ ਪ੍ਰਕਾਸ਼ ਨੇ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਈ। ਇਸ ਸਮਾਗਮ ਦੇ ਮੁੱਖ ਮਹਿਮਾਨ ਸ. ਹਰਦੇਵ ਸਿੰਘ ਕਾਹਮਾ ਜੀ ਦਾ ਜਨਮਦਿਨ ਵੀ ਸੇਵਾ ਭਾਵਨਾ ਅਤੇ ਖੁਸ਼ੀ ਨਾਲ ਮਨਾਇਆ ਗਿਆ। ਵਿਦਿਆਰਥੀਆਂ ਨੇ ਫੁੱਲਾਂ ਦੀ ਵਰਖਾ ਕਰਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਇਸ ਖਾਸ ਮੌਕੇ 'ਤੇ ਸ. ਹਰਦੇਵ ਸਿੰਘ ਕਾਹਮਾ ਵੱਲੋਂ ਪਿੰਡ ਦੀਆਂ 25 ਲੋੜਵੰਦ ਔਰਤਾਂ ਨੂੰ ਸਰਦੀਆਂ ਦੇ ਸੂਟ ਵੰਡੇ ਗਏ ਅਤੇ ਇੱਕ ਲੋੜਵੰਦ ਔਰਤ ਨੂੰ ਸਵੈ-ਰੁਜ਼ਗਾਰ ਲਈ ਸਿਲਾਈ ਮਸ਼ੀਨ ਭੇਟ ਕੀਤੀ ਗਈ। ਹਾਜ਼ਰ ਸ਼ਖ਼ਸੀਅਤਾਂ ਨੇ ਔਰਤਾਂ ਨੂੰ ਆਤਮ-ਨਿਰਭਰ ਬਣਾਉਣ ਵੱਲ ਇਸ ਸ਼ਲਾਘਾਯੋਗ ਕਦਮ ਦੀ ਭਰਪੂਰ ਪ੍ਰਸ਼ੰਸਾ ਕੀਤੀ।

ਸਮਾਗਮ ਦੌਰਾਨ ਸ. ਜਸਪਾਲ ਸਿੰਘ ਸ਼ੌਕੀ ਨੇ ਆਪਣੇ ਪ੍ਰਭਾਵਸ਼ਾਲੀ ਭਾਸ਼ਣ ਅਤੇ ਗਿਆਨ ਭਰਪੂਰ ਵਿਚਾਰਾਂ ਨਾਲ ਪ੍ਰੋਗਰਾਮ ਨੂੰ ਯਾਦਗਾਰੀ ਬਣਾ ਦਿੱਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਜੀਵਨ ਵਿੱਚ ਮਿਹਨਤ, ਅਨੁਸ਼ਾਸਨ, ਚੰਗੇ ਸੰਸਕਾਰਾਂ ਅਤੇ ਸਿੱਖਿਆ ਦੀ ਮਹੱਤਤਾ ਬਾਰੇ ਪ੍ਰੇਰਿਤ ਕੀਤਾ।

ਇਸ ਤੋਂ ਇਲਾਵਾ, ਸਮਾਗਮ ਵਿੱਚ ਪਹੁੰਚੇ ਪ੍ਰਸਿੱਧ ਸੀਨੀਅਰ ਪੱਤਰਕਾਰ ਸ. ਦੀਦਾਰ ਸਿੰਘ ਸ਼ੇਤਰਾ, ਸੇਵਾਮੁਕਤ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਨਾਜ਼ਰ ਰਾਮ, ਸੇਵਾਮੁਕਤ ਡਿਪਟੀ ਮੈਡੀਕਲ ਕਮਿਸ਼ਨਰ ਡਾ. ਕੁਲਵਰਨ ਸਿੰਘ, ਸੇਵਾਮੁਕਤ ਵਿਗਿਆਨੀ ਡਾ. ਰਣਜੀਤ ਸਿੰਘ ਅਤੇ ਐਸ.ਐਮ.ਸੀ. ਮੈਂਬਰ ਸ੍ਰੀਮਤੀ ਮਨਪ੍ਰੀਤ ਕੌਰ ਨੇ ਵੀ ਆਪਣੇ ਵਡਮੁੱਲੇ ਵਿਚਾਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ ਅਤੇ ਉਨ੍ਹਾਂ ਨੂੰ ਚੰਗੇ ਚਰਿੱਤਰ ਨਿਰਮਾਣ ਤੇ ਸਮਾਜਿਕ ਜ਼ਿੰਮੇਵਾਰੀਆਂ ਨਿਭਾਉਣ ਲਈ ਪ੍ਰੇਰਿਆ। ਆਏ ਹੋਏ ਸਭ ਪ੍ਰਲਾੜੀ ਮਹਿਮਾਨਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ।

ਹੈੱਡਮਾਸਟਰ ਸੁਖਵਿੰਦਰ ਕੁਮਾਰ ਨੇ ਪ੍ਰੋਗਰਾਮ ਦੀ ਸਫ਼ਲਤਾ ਲਈ ਸਮੁੱਚੇ ਸਟਾਫ਼ ਦੀ ਮਿਹਨਤ ਤੇ ਸਮਰਪਣ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਸਰਪੰਚ ਸ੍ਰੀ ਸੁਰਿੰਦਰ ਦੁੱਗਲ, ਪਿੰਡ ਬੀਰਮਪੁਰ ਦੀ ਸਮੁੱਚੀ ਪੰਚਾਇਤ ਅਤੇ ਸਕੂਲ ਮੈਨੇਜਮੈਂਟ ਕਮੇਟੀ ਦਾ ਵੀ ਧੰਨਵਾਦ ਕੀਤਾ। ਇਸ ਸਮਾਗਮ ਨੂੰ ਸਫ਼ਲ ਬਣਾਉਣ ਵਿੱਚ ਸ੍ਰੀਮਤੀ ਇੰਦਰਜੀਤ ਕੌਰ, ਸ੍ਰੀਮਤੀ ਹਰਜੀਤ ਕੌਰ, ਸ੍ਰੀਮਤੀ ਕਾਂਤਾ ਦੇਵੀ, ਸ੍ਰੀ ਸੰਜੀਵ ਕੁਮਾਰ, ਸ੍ਰੀਮਤੀ ਨੇਹਾ ਭੰਵਰਾ, ਸ੍ਰੀਮਤੀ ਰੇਨੂੰ ਬਾਲਾ, ਕੁਮਾਰੀ ਨੀਤੂ ਰਣਦੇਵ, ਸ੍ਰੀਮਤੀ ਨੀਤੂ ਬਾਲਾ, ਪੰਚ ਸ੍ਰੀਮਤੀ ਰਾਜ ਰਾਣੀ ਅਤੇ ਪੰਚ ਰਾਹੁਲ ਨੇ ਆਪਣੀਆਂ ਜ਼ਿੰਮੇਵਾਰੀਆਂ ਪੂਰੀ ਲਗਨ ਨਾਲ ਨਿਭਾਈਆਂ। ਅੰਤ ਵਿੱਚ ਇਸ ਸਮਾਗਮ ਨੇ ਇਹ ਸੰਦੇਸ਼ ਦਿੱਤਾ ਕਿ ਸਕੂਲ ਸਿਰਫ਼ ਪੜ੍ਹਾਈ ਦਾ ਸਥਾਨ ਹੀ ਨਹੀਂ, ਸਗੋਂ ਖੇਡਾਂ, ਸਮਾਜ ਸੇਵਾ, ਸੱਭਿਆਚਾਰਕ ਕਦਰਾਂ-ਕੀਮਤਾਂ ਅਤੇ ਚੰਗੇ ਇਨਸਾਨ ਬਣਨ ਦੀ ਪ੍ਰੇਰਨਾ ਦੇਣ ਵਾਲੀ ਇੱਕ ਮਹੱਤਵਪੂਰਨ ਸੰਸਥਾ ਵੀ ਹੈ।

# ਝੋਨੇ ਦੀ ਖ਼ਰੀਦ ਤੇ ਕੈਪਿੰਗ ਲਾਉਣ ਦੇ ਵਿਰੋਧ ਵਿਚ ਕਿਸਾਨਾਂ ਨੇ ਹਿਸਾਰ ਰੋਡ ਕੀਤੀ ਜਾਮ

ਪੈਗ਼ਾਮ-ਏ-ਜਗਤ/ਅੰਬਾਲਾ
17 ਅਕਤੂਬਰ (ਆਰ.ਸਿੰਘ)




ਸਰਕਾਰ ਵੱਲੋਂ ਝੋਨੇ ਦੀ ਖ਼ਰੀਦ ਤੇ 26 ਕੁਇੰਟਲ ਪ੍ਰਤੀ ਏਕੜ ਦੀ ਕੈਪਿੰਗ ਲਾਉਣ ਦੇ ਵਿਰੋਧ ਵਿਚ ਅੱਜ ਕਿਸਾਨਾਂ ਨੇ ਭਾਰਤੀ ਕਿਸਾਨ ਯੂਨੀਅਨ ਸ਼ਹੀਦ ਭਗਤ ਸਿੰਘ ਦੇ ਬੈਨਰ ਥੱਲੇ ਅੰਬਾਲਾ ਸ਼ਹਿਰ ਦੀ ਅਨਾਜ ਮੰਡੀ ਦੇ ਬਾਹਰ ਹਿਸਾਰ ਰੋਡ ਤੇ ਜਾਮ ਲਾ ਦਿੱਤਾ ਅਤੇ ਸਰਕਾਰ ਤੇ ਪ੍ਰਸ਼ਾਸਨ ਦੇ ਖ਼?ਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।

ਕਿਸਾਨਾਂ ਦਾ ਕਹਿਣਾ ਸੀ ਕਿ ਇਸ ਵੇਰ ਫ਼ਸਲ ਵਧੀਆ ਹੋਈ ਹੈ ਅਤੇ ਸਰਕਾਰ ਨੇ 26 ਕੁਇੰਟਲ ਪ੍ਰਤੀ ਏਕੜ ਖ਼ਰੀਦ ਦੀ ਕੈਪਿੰਗ ਕਰਕੇ ਕਿਸਾਨਾਂ ਦਾ ਗਲ?ਾ ਘੁੱਟਣ ਦਾ ਕੰਮ ਕੀਤਾ ਹੈ। ਅਸੀਂ ਅਰਜ਼ੀਆਂ ਦਿੱਤੀਆਂ, 10 ਅਤੇ 11 ਅਕਤੂਬਰ ਨੂੰ ਸਰਕਾਰ ਦੇ ਨੁਮਾਇੰਦਿਆਂ ਨਾਲ ਮੀਟਿੰਗਾਂ ਹੋਈਆਂ ਪਰ ਉਨ੍ਹਾਂ ਕੋਲ ਸਿਵਾਏ ਭਰੋਸੇ ਦੇ ਹੋਰ ਕੋਈ ਜਵਾਬ ਨਹੀਂ ਸੀ। ਸ਼ਾਇਦ ਫ਼ੈਸਲਾ ਲੈਣ ਦਾ ਉਨ੍ਹਾਂ ਕੋਲ ਅਧਿਕਾਰ ਨਹੀਂ ਹੈ। ਸਾਡੀ ਮੰਗ ਹੈ ਕਿ ਝੋਨਾ 35 ਕੁਇੰਟਲ ਪ੍ਰਤੀ ਏਕੜ ਦੇ ਹਿਸਾਬ ਖ਼ਰੀਦਿਆ ਜਾਵੇ ਅਤੇ ਬੇਲੋੜੀ ਕਟਾਈ ਖ਼ਤਮ ਕੀਤੀ ਜਾਵੇ।

ਸਵੇਰੇ ਪਹਿਲਾਂ ਕਿਸਾਨ ਸ਼ਹਿਰ ਦੀ ਅਨਾਜ ਮੰਡੀ ਵਿੱਚ ਇਕੱਠੇ ਹੋਏ, ਅਧਿਕਾਰੀਆਂ ਨਾਲ ਗੱਲਬਾਤ ਕੀਤੀ ਪਰ ਜਦੋਂ ਕੋਈ ਹੱਲ ਨਾ ਨਿਕਲਿਆ ਤਾਂ ਉਨ੍ਹਾਂ ਨੇ ਹਿਸਾਰ ਹਾਈਵੇਅ ਜਾਮ ਕਰ ਦਿੱਤਾ। ਪਹਿਲਾਂ ਕਿਸਾਨਾਂ ਨੇ ਆਪਣੀਆਂ ਮੰਗਾਂ ਨੂੰ ਹੱਲ ਕਰਨ ਲਈ ਪ੍ਰਸ਼ਾਸਨ ਨੂੰ 15 ਅਤੇ 16 ਅਕਤੂਬਰ ਤੱਕ ਦਾ ਸਮਾਂ ਦਿੱਤਾ ਸੀ ਅਤੇ 17 ਅਕਤੂਬਰ ਨੂੰ ਵਿਰੋਧ ਪ੍ਰਦਰਸ਼ਨ ਕਰਨ ਦਾ ਫ਼ੈਸਲਾ ਕੀਤਾ ਸੀ। ਕਿਸਾਨਾਂ ਦਾ ਕਹਿਣਾ ਹੈ ਕਿ ਸਰਕਾਰ ਸਿਰਫ਼ ਭਰੋਸੇ ਦੇ ਰਹੀ ਹੈ ਪਰ ਜ਼ਮੀਨੀ ਪੱਧਰ 'ਤੇ ਕੋਈ ਹੱਲ ਨਹੀਂ ਲੱਭਿਆ ਜਾ ਰਿਹਾ। ਆੜ੍ਹਤੀ ਅਤੇ ਸ਼ੈਲਰਾਂ ਵਾਲੇ ਨਜ਼ਰ ਟਿਕਾ ਕੇ ਬੈਠੇ ਹਨ ਕਿ ਕਿਸਾਨ ਨੂੰ ਕਿਸ ਤਰ੍ਹਾਂ ਲੁੱਟਣਾ ਹੈ। ਉਹ 2461 ਦੀ ਥਾਂ 2012 ਨੂੰ ਝੋਨਾ ਖ਼ਰੀਦ ਰਹੇ ਹਨ। ਜੇ ਸਰਕਾਰ ਕੈਪਿੰਗ ਨਹੀਂ ਖੋਲ੍ਹਦੀ ਤਾਂ ਕਿਸਾਨ ਦੀ ਬਹੁਤ ਵੱਡੀ ਲੁੱਟ ਹੋਵੇਗੀ ਅਤੇ ਉਸ ਲੁੱਟ ਨੂੰ ਰੋਕਣ ਲਈ ਇਹ ਧਰਨਾ ਲਾਇਆ ਗਿਆ ਹੈ। ਕਿਸਾਨ ਆਗੂ ਨੇ ਕਿਹਾ ਕਿ ਪੋਰਟਲ ਵਿਚ ਵੀ ਬਹੁਤ ਗੜਬੜਾਂ ਹੋਈਆਂ ਹਨ। ਕਿਸਾਨਾਂ ਨੇ ਲੰਗਰ ਵੀ ਧਰਨੇ ਦੌਰਾਨ ਸੜਕ ਤੇ ਬੈਠ ਕੇ ਛਕਿਆ। ਵਿਰੋਧ ਪ੍ਰਦਰਸ਼ਨ ਦੀ ਜਾਣਕਾਰੀ ਮਿਲਦੇ ਹੀ ਪੁਲੀਸ ਮੌਕੇ 'ਤੇ ਪਹੁੰਚ ਗਈ। ਅਧਿਕਾਰੀਆਂ ਨੇ ਕਿਸਾਨਾਂ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ ਪਰ ਕਿਸਾਨਾਂ ਨੇ ਦਾਅਵਾ ਕੀਤਾ ਕਿ ਉਨ੍ਹਾਂ ਨੇ ਅੱਜ ਦੇ ਵਿਰੋਧ ਪ੍ਰਦਰਸ਼ਨ ਬਾਰੇ ਸਰਕਾਰ ਨੂੰ ਪਹਿਲਾਂ ਹੀ ਚੇਤਾਵਨੀ ਦਿੱਤੀ ਸੀ ਜਦੋਂ ਕਿ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਨਹੀਂ ਲਿਆ, ਜਿਸ ਕਾਰਨ ਉਨ੍ਹਾਂ ਨੂੰ ਅੰਬਾਲਾ-ਹਿਸਾਰ ਸੜਕ ਜਾਮ ਕਰਨ ਲਈ ਮਜਬੂਰ ਹੋਣਾ ਪਿਆ ਹੈ।

ਦੁਪਹਿਰ ਲਗਭਗ ਢਾਈ ਵਜੇ ਕਿਸਾਨਾਂ ਅਤੇ ਪ੍ਰਸ਼ਾਸਨ ਵਿਚਕਾਰ ਮੀਟਿੰਗ ਹੋਈ ਜਿਸ ਵਿਚ ਐਸਡੀਐਮ ਨੇ ਸਮੱਸਿਆ ਦੇ ਹੱਲ ਲਈ 2 ਦਿਨਾਂ ਦਾ ਸਮਾ ਮੰਗਿਆ ਜਿਸ ਤੋਂ ਬਾਅਦ ਕਿਸਾਨਾਂ ਨੇ ਆਪਣਾ ਵਿਰੋਧ ਪ੍ਰਦਰਸ਼ਨ ਖ਼ਤਮ ਕਰ ਦਿੱਤਾ।

# ਭਾਜਪਾ ਸੂਬੇ ਵਿਚ 'ਲੋਕਤੰਤਰ ਬਚਾਓ-ਭੀੜਤੰਤਰ ਹਟਾਓ' ਮੁਹਿੰਮ ਚਲਾਏਗੀ : ਡਾ. ਅਰਚਨਾ ਗੁਪਤਾ

ਪੈਗ਼ਾਮ-ਏ-ਜਗਤ/ਅੰਬਾਲਾ
17 ਅਕਤੂਬਰ (ਆਰ.ਸਿੰਘ)




ਭਾਰਤੀ ਜਨਤਾ ਪਾਰਟੀ ਦੀ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ ਨੇ ਕਿਹਾ ਕਿ ਭਾਜਪਾ, ਭਾਰਤੀ ਗੱਠਜੋੜ, ਕਾਂਗਰਸ, ਆਮ ਆਦਮੀ ਪਾਰਟੀ ਅਤੇ ਅਖੌਤੀ ਸੀਜੇਪੀ ਸੰਗਠਨ ਵੱਲੋਂ ਦੇਸ਼ ਵਿੱਚ ਅਸਥਿਰਤਾ ਅਤੇ ਅਰਾਜਕਤਾ ਦਾ ਮਾਹੌਲ ਪੈਦਾ ਕਰਨ ਦੀਆਂ ਕੋਸ਼ਿਸ਼ਾਂ ਦਾ ਢੁਕਵਾਂ ਜਵਾਬ ਦੇਵੇਗੀ। ਇਸ ਉਦੇਸ਼ ਲਈ 22 ਅਕਤੂਬਰ ਤੋਂ 5 ਨਵੰਬਰ ਤੱਕ ਰਾਜ ਭਰ ਵਿੱਚ ÷ਲੋਕਤੰਤਰ ਬਚਾਓ, ਭੀੜਤੰਤਰ ਹਟਾਓ÷ ਮੁਹਿੰਮ ਚਲਾਈ ਜਾਵੇਗੀ। ਮੁਹਿੰਮ ਦੇ ਹਿੱਸੇ ਵਜੋਂ ਭਾਜਪਾ ਵਰਕਰ ਘਰ-ਘਰ ਜਾ ਕੇ ਵਿਰੋਧੀ ਧਿਰ ਦੇ ਐਸਆਈਆਰ ਸਮੇਤ ਵੱਖ-ਵੱਖ ਮੁੱਦਿਆਂ 'ਤੇ ਗੁਮਰਾਹਕੁਨ ਪ੍ਰਚਾਰ ਦਾ ਜਵਾਬ ਤੱਥਾਂ ਦੇ ਆਧਾਰ 'ਤੇ ਦੇਣਗੇ।

ਡਾ. ਗੁਪਤਾ ਅੱਜ ਅੰਬਾਲਾ ਸ਼ਹਿਰ ਸਥਿਤ ਭਾਜਪਾ ਦੇ ਦਫ਼ਤਰ 'ਅੰਬ ਕਮਲ' ਵਿਚ ਮੀਡੀਆ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਨੇ ਇਸ ਦਫ਼ਤਰ ਵਿਚ ਬੈਠ ਕੇ ਸੂਬੇ ਦੇ ਸਾਰੇ 27 ਸੰਗਠਨਾਤਮਕ ਜ਼ਿਲ੍ਹਿਆਂ ਦੇ ਸ਼ਕਤੀ ਕੇਂਦਰ ਮੁਖੀਆਂ, ਸ਼ਕਤੀ ਕੇਂਦਰ ਇੰਚਾਰਜਾਂ, ਜਨ ਪ੍ਰਤੀਨਿਧੀਆਂ, ਜ਼ਿਲ੍ਹਾ ਪ੍ਰਧਾਨਾਂ ਅਤੇ ਜ਼ਿਲ੍ਹਾ ਇੰਚਾਰਜਾਂ ਨਾਲ ਔਨਲਾਈਨ ਗੱਲਬਾਤ ਕੀਤੀ। ਉਨ੍ਹਾਂ ਵਰਕਰਾਂ ਨੂੰ ਨਵਰਾਤਰੀ ਦੀਆਂ ਸ਼ੁਭਕਾਮਨਾਵਾਂ ਵੀ ਦਿੱਤੀਆਂ। ਉਨ੍ਹਾਂ ਨੇ ਹਰਿਆਣਾ ਵਿੱਚ ਭਾਜਪਾ ਸਰਕਾਰ ਦੇ ਲਗਾਤਾਰ 12 ਸਾਲ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਾਲੀ ਸਰਕਾਰ ਦੇ ਦੋ ਸਾਲ ਪੂਰੇ ਹੋਣ 'ਤੇ ਮੁੱਖ ਮੰਤਰੀ ਅਤੇ ਵਰਕਰਾਂ ਨੂੰ ਵਧਾਈ ਦਿੱਤੀ। ਡਾ. ਅਰਚਨਾ ਗੁਪਤਾ ਨੇ ਕਿਹਾ ਕਿ ਭਾਰਤੀ ਗੱਠਜੋੜ, ਕਾਂਗਰਸ, ਆਮ ਆਦਮੀ ਪਾਰਟੀ ਅਤੇ ਸੀਜੇਪੀ ਨੇ ਸਮਾਜ ਵਿਰੋਧੀ ਤਾਕਤਾਂ ਦੇ ਹੱਥਾਂ ਵਿੱਚ ਖੇਡਦੇ ਹੋਏ ਇੱਕ ਗੱਠਜੋੜ ਬਣਾਇਆ ਹੈ। ਵਿਰੋਧੀ ਧਿਰ ਲਗਾਤਾਰ ਸੰਵਿਧਾਨਕ ਸੰਸਥਾਵਾਂ ਪ੍ਰਤੀ ਜਨਤਾ ਵਿੱਚ ਅਵਿਸ਼ਵਾਸ ਪੈਦਾ ਕਰਨ ਅਤੇ ਕਾਨੂੰਨ ਦੀ ਅਣਦੇਖੀ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਸੁਪਰੀਮ ਕੋਰਟ, ਚੋਣ ਕਮਿਸ਼ਨ ਅਤੇ ਫੌਜ ਵਰਗੀਆਂ ਸੰਸਥਾਵਾਂ 'ਤੇ ਸਵਾਲ ਉਠਾ ਕੇ ਉਨ੍ਹਾਂ ਦੀ ਭਰੋਸੇਯੋਗਤਾ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਮੌਕੇ ਤੇ ਸਾਬਕਾ ਰਾਜ ਮੰਤਰੀ ਅਸੀਮ ਗੋਇਲ, ਭਾਜਪਾ ਜ਼ਿਲ੍ਹਾ ਪ੍ਰਧਾਨ ਮਨਦੀਪ ਰਾਣਾ ਅਤੇ ਹੋਰ ਅਹੁਦੇਦਾਰ ਵੀ ਮੌਜੂਦ ਰਹੇ।

# ਪੰਜਾਬ ਵਿੱਚ ਨਸ਼ਿਆਂ ਦਾ ਖ਼ਾਤਮਾ, ਕਾਨੂੰਨ ਵਿਵਸਥਾ ਦੀ ਮਜ਼ਬੂਤੀ ਅਤੇ ਵਿਕਾਸ ਲਈ ਭਾਜਪਾ ਦੀ ਸਰਕਾਰ ਸਮੇਂ ਦੀ ਲੋੜ: ਸੁਖਵਿੰਦਰ ਸਿੰਘ ਗੋਲਡੀ

ਪੈਗ਼ਾਮ-ਏ-ਜਗਤ
ਖਰੜ, (ਦਵਿੰਦਰ ਕੌਰ)

**• ਪੰਜਾਬ ਦੇ ਲੋਕ ਪੀਐਮ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਜਪਾ ਤੋਂ ਲਗਾ ਰਹੇ ਹਨ ਵੱਡੀਆਂ ਉਮੀਦਾਂ**



ਪੰਜਾਬ ਅੱਜ ਨਸ਼ਿਆਂ ਦੀ ਸਮੱਸਿਆ, ਕਾਨੂੰਨ ਵਿਵਸਥਾ, ਬੇਰੁਜ਼ਗਾਰੀ ਅਤੇ ਵਿਕਾਸ ਨਾਲ ਜੁੜੀਆਂ ਕਈ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਪੰਜਾਬ ਦੇ ਲੋਕ ਆਪਣੇ ਸੂਬੇ ਦਾ ਸੁਨਹਿਰੀ ਭਵਿੱਖ ਦੇਖਣਾ ਚਾਹੁੰਦੇ ਹਨ। ਲੋਕਾਂ ਦੀ ਉਮੀਦ ਹੈ ਕਿ ਪੰਜਾਬ ਵਿੱਚ ਅਜਿਹੀ ਸਰਕਾਰ ਹੋਵੇ ਜੋ ਨਸ਼ਿਆਂ ਦੇ ਖ਼ਾਤਮੇ ਲਈ ਠੋਸ ਕਦਮ ਚੁੱਕੇ, ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕਰੇ, ਨੌਜਵਾਨਾਂ ਨੂੰ ਰੁਜ਼ਗਾਰ ਦੇਵੇ ਅਤੇ ਸੂਬੇ ਨੂੰ ਮੁੜ ਤਰੱਕੀ ਦੀਆਂ ਲੀਹਾਂ 'ਤੇ ਲੈ ਕੇ ਜਾਵੇ।

ਇਨ੍ਹਾਂ ਮੁੱਦਿਆਂ 'ਤੇ ਗੱਲ ਕਰਦਿਆਂ ਸੁਖਵਿੰਦਰ ਸਿੰਘ ਗੋਲਡੀ, ਸਹਿ ਕੈਸ਼ੀਅਰ ਪੰਜਾਬ ਭਾਜਪਾ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਦੀਆਂ ਉਮੀਦਾਂ ਅਤੇ ਭਰੋਸੇ 'ਤੇ ਖਰਾ ਉਤਰਨ ਲਈ ਭਾਰਤੀ ਜਨਤਾ ਪਾਰਟੀ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦੀ ਅਗਵਾਈ ਹੇਠ ਦੇਸ਼ ਨੇ ਵਿਕਾਸ, ਬੁਨਿਆਦੀ ਢਾਂਚੇ, ਤਕਨਾਲੋਜੀ ਅਤੇ ਵਿਸ਼ਵ ਪੱਧਰ 'ਤੇ ਆਪਣੀ ਪਛਾਣ ਮਜ਼ਬੂਤ ਕਰਨ ਵੱਲ ਮਹੱਤਵਪੂਰਨ ਕਦਮ ਚੁੱਕੇ ਹਨ। ਇਸੇ ਤਰ੍ਹਾਂ ਪੰਜਾਬ ਨੂੰ ਵੀ ਵਿਕਾਸ ਦੀ ਨਵੀਂ ਦਿਸ਼ਾ ਦੇਣ ਦੀ ਲੋੜ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੀ ਸਭ ਤੋਂ ਵੱਡੀ ਚਿੰਤਾ ਨਸ਼ਿਆਂ ਦੀ ਸਮੱਸਿਆ ਹੈ। ਨਸ਼ਿਆਂ ਨੇ ਅਨੇਕਾਂ ਪਰਿਵਾਰਾਂ ਨੂੰ ਪ੍ਰਭਾਵਿਤ ਕੀਤਾ ਹੈ ਅਤੇ ਨੌਜਵਾਨਾਂ ਦੇ ਭਵਿੱਖ 'ਤੇ ਸਵਾਲ ਖੜ੍ਹੇ ਕੀਤੇ ਹਨ। ਨਸ਼ਾ ਤਸਕਰੀ ਨੂੰ ਰੋਕਣ, ਨਸ਼ਾ ਵੇਚਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕਰਨ, ਨਸ਼ੇ ਦੀ ਲਤ ਨਾਲ ਜੂਝ ਰਹੇ ਨੌਜਵਾਨਾਂ ਦੇ ਇਲਾਜ ਅਤੇ ਮੁੜ ਵਸੇਬੇ ਲਈ ਪ੍ਰਭਾਵਸ਼ਾਲੀ ਪ੍ਰਬੰਧ ਕਰਨ ਦੀ ਲੋੜ ਹੈ। ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾ ਕੇ ਸਿੱਖਿਆ, ਖੇਡਾਂ, ਹੁਨਰ ਵਿਕਾਸ ਅਤੇ ਰੁਜ਼ਗਾਰ ਨਾਲ ਜੋੜਨਾ ਸਮੇਂ ਦੀ ਮੁੱਖ ਮੰਗ ਹੈ।

ਸੁਖਵਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਕਾਨੂੰਨ ਵਿਵਸਥਾ ਕਿਸੇ ਵੀ ਸੂਬੇ ਦੀ ਤਰੱਕੀ ਦੀ ਨੀਂਹ ਹੁੰਦੀ ਹੈ। ਪੰਜਾਬ ਦੇ ਲੋਕਾਂ ਨੂੰ ਸੁਰੱਖਿਅਤ ਮਾਹੌਲ ਮਿਲਣਾ ਚਾਹੀਦਾ ਹੈ, ਵਪਾਰੀਆਂ ਅਤੇ ਕਾਰੋਬਾਰੀਆਂ ਵਿੱਚ ਸੁਰੱਖਿਆ ਦੀ ਭਾਵਨਾ ਹੋਣੀ ਚਾਹੀਦੀ ਹੈ ਅਤੇ ਆਮ ਨਾਗਰਿਕ ਬਿਨਾਂ ਕਿਸੇ ਡਰ ਦੇ ਆਪਣਾ ਜੀਵਨ ਬਤੀਤ ਕਰ ਸਕਣ। ਅਮਨ-ਸ਼ਾਂਤੀ ਅਤੇ ਕਾਨੂੰਨ ਦਾ ਰਾਜ ਕਾਇਮ ਰੱਖਣਾ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਨਵੇਂ ਉਦਯੋਗਾਂ ਨੂੰ ਉਤਸ਼ਾਹਿਤ ਕਰਨਾ, ਨਿਵੇਸ਼ ਵਧਾਉਣਾ, ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨਾ ਅਤੇ ਕਿਸਾਨਾਂ ਦੀ ਆਮਦਨ ਤੇ ਖੁਸ਼ਹਾਲੀ ਲਈ ਪ੍ਰਭਾਵਸ਼ਾਲੀ ਉਪਰਾਲੇ ਕਰਨਾ ਬਹੁਤ ਜ਼ਰੂਰੀ ਹੈ। ਇਸ ਦੇ ਨਾਲ ਹੀ ਸਿੱਖਿਆ ਅਤੇ ਸਿਹਤ ਸੇਵਾਵਾਂ ਵਿੱਚ ਸੁਧਾਰ, ਪਿੰਡਾਂ ਅਤੇ ਸ਼ਹਿਰਾਂ ਦੇ ਬੁਨਿਆਦੀ ਢਾਂਚੇ ਦਾ ਵਿਕਾਸ ਅਤੇ ਲੋਕਾਂ ਨੂੰ ਸਰਕਾਰੀ ਸਹੂਲਤਾਂ ਦਾ ਲਾਭ ਪਾਰਦਰਸ਼ੀ ਢੰਗ ਨਾਲ ਪਹੁੰਚਾਉਣਾ ਵੀ ਮਹੱਤਵਪੂਰਨ ਹੈ।

ਉਨ੍ਹਾਂ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰ ਵਿਚਕਾਰ ਬਿਹਤਰ ਤਾਲਮੇਲ ਨਾਲ ਵਿਕਾਸ ਪ੍ਰੋਜੈਕਟਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਦੇ ਮੌਕੇ ਮਿਲ ਸਕਦੇ ਹਨ। ਭਾਜਪਾ ਦਾ ਉਦੇਸ਼ ਪੰਜਾਬ ਨੂੰ ਇੱਕ ਅਜਿਹਾ ਸੂਬਾ ਬਣਾਉਣਾ ਹੈ ਜਿੱਥੇ ਨੌਜਵਾਨਾਂ ਨੂੰ ਆਪਣੇ ਭਵਿੱਖ ਲਈ ਵਿਦੇਸ਼ ਜਾਣ ਦੀ ਮਜਬੂਰੀ ਮਹਿਸੂਸ ਨਾ ਹੋਵੇ, ਕਿਸਾਨ ਖੁਸ਼ਹਾਲ ਹੋਣ, ਵਪਾਰੀਆਂ ਨੂੰ ਸੁਰੱਖਿਅਤ ਮਾਹੌਲ ਮਿਲੇ ਅਤੇ ਹਰ ਵਰਗ ਦੇ ਲੋਕਾਂ ਨੂੰ ਤਰੱਕੀ ਦੇ ਬਰਾਬਰ ਮੌਕੇ ਪ੍ਰਾਪਤ ਹੋਣ।

ਸੁਖਵਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਦੀਆਂ ਉਮੀਦਾਂ ਨੂੰ ਪੂਰਾ ਕਰਨ ਅਤੇ ਸੂਬੇ ਨੂੰ ਵਿਕਾਸ ਦੇ ਰਾਹ 'ਤੇ ਅੱਗੇ ਲਿਜਾਣ ਲਈ ਭਾਰਤੀ ਜਨਤਾ ਪਾਰਟੀ ਇੱਕ ਮਜ਼ਬੂਤ ਵਿਕਲਪ ਵਜੋਂ ਕੰਮ ਕਰ ਰਹੀ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਦੇ ਭਵਿੱਖ, ਨੌਜਵਾਨਾਂ ਦੀ ਸੁਰੱਖਿਆ, ਨਸ਼ਾ ਮੁਕਤ ਸਮਾਜ ਅਤੇ ਸੂਬੇ ਦੀ ਖੁਸ਼ਹਾਲੀ ਲਈ ਇਕਜੁੱਟ ਹੋਣ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦਾ ਟੀਚਾ ਲੋਕਾਂ ਦੇ ਭਰੋਸੇ ਅਤੇ ਸਮਰਥਨ ਨਾਲ ਸੂਬੇ ਵਿੱਚ ਸਰਕਾਰ ਬਣਾਉਣਾ ਅਤੇ ਪੰਜਾਬ ਨੂੰ ਵਿਕਾਸ, ਸੁਰੱਖਿਆ ਅਤੇ ਖੁਸ਼ਹਾਲੀ ਦੀ ਨਵੀਂ ਦਿਸ਼ਾ ਦੇਣਾ ਹੈ।

# ਸਿੱਖ ਸੀਨੀਅਰ ਸੈਕੰਡਰੀ ਸਕੂਲ ਨੇ ਦਸਹਿਰਾ ਮਨਾਇਆ ਦੁਪਹਿਰਾ

ਪੈ.ਗਾਮ-ਏ-ਜਗਤ/ਅੰਬਾਲਾ
17 ਅਕਤੂਬਰ (ਆਰ.ਸਿੰਘ)



ਸਿੱਖ ਸੀਨੀਅਰ ਸੈਕੰਡਰੀ ਸਕੂਲ ਅੰਬਾਲਾ ਕੈਂਟ ਵਿਖੇ ਅੱਜ ਦਸਹਿਰਾ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਦਸਹਿਰਾ ਦੀ ਧਾਰਮਿਕ, ਸਭਿਆਚਾਰਕ ਅਤੇ ਨੈਤਿਕ ਮਹੱਤਤਾ ਬਾਰੇ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਸਚਾਈ, ਧਾਰਮਿਕਤਾ ਤੇ ਨੈਤਿਕਤਾ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਨਾ ਸੀ।

ਵਿਦਿਆਰਥੀਆਂ ਨੇ ਮੈਡਮ ਲਲਿਤਾ ਚੋਪੜਾ ਦੀ ਅਗਵਾਈ ਹੇਠ ਰਾਵਣ ਦਾ ਪੁਤਲਾ ਬਣਾਇਆ ਜਿਸ ਨਾਲ ਉਨ੍ਹਾਂ ਨੇ ਆਪਣੀ ਰਚਨਾਤਮਿਕ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।

ਸਕੂਲ ਦੇ ਨ੍ਰਿਤ ਅਧਿਆਪਕ ਅੰਕੁਰ ਨੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਇੱਕ ਛੋਟਾ ਜਿਹਾ ਨਾਟਕ ਤਿਆਰ ਕੀਤਾ ਜਿਸ ਵਿੱਚ ਭਗਵਾਨ ਰਾਮ ਦੀ ਜਿੱਤ ਅਤੇ ਸੱਚ, ਧਾਰਮਿਕਤਾ ਅਤੇ ਨੈਤਿਕਤਾ ਦੀ ਮਹੱਤਤਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ। ਵਿਦਿਆਰਥੀਆਂ ਨੇ ਆਪਣੀ ਅਦਾਕਾਰੀ, ਸੰਵਾਦਾਂ ਅਤੇ ਭਾਵਨਾਤਮਕ ਪੇਸ਼ਕਾਰੀ ਰਾਹੀਂ ਰਾਮਾਇਣ ਦੇ ਮਹੱਤਵਪੂਰਨ ਕਿੱਸਿਆਂ ਨੂੰ ਜੀਵਨ ਵਿੱਚ ਲਿਆਂਦਾ। ਵਿਦਿਆਰਥੀਆਂ ਨੇ ਦਿਖਾਇਆ ਕਿ ਜੋ ਲੋਕ ਸੱਚ ਅਤੇ ਧਾਰਮਿਕਤਾ ਦੇ ਮਾਰਗ 'ਤੇ ਚੱਲਦੇ ਹਨ, ਉਹ ਔਖੇ ਹਾਲਤਾਂ ਵਿੱਚ ਵੀ ਅੰਤ ਸਫਲਤਾ ਪ੍ਰਾਪਤ ਕਰਦੇ ਹਨ। ਪ੍ਰੋਗਰਾਮ ਦਾ ਆਖ਼ਰੀ ਪੜਾਅ ਰਾਵਣ ਦੇ ਪੁਤਲੇ ਨੂੰ ਸਾੜਨਾ ਸੀ। ਇਸ ਦ੍ਰਿਸ਼ ਨੇ ਇਹ ਸੰਦੇਸ਼ ਦਿੱਤਾ ਕਿ ਹੰਕਾਰ, ਬੇਇਨਸਾਫ਼ੀ ਅਤੇ ਬੁਰਾਈ ਦਾ ਅੰਤ ਹੋਣਾ ਤੈਅ ਹੈ ਅਤੇ ਸੱਚ ਤੇ ਧਾਰਮਿਕਤਾ ਦੀ ਹਮੇਸ਼ਾ ਜਿੱਤ ਹੁੰਦੀ ਹੈ। ਵਿਦਿਆਰਥੀਆਂ ਨੂੰ ਇਹ ਸਮਝਾਇਆ ਗਿਆ ਕਿ ਦਸਹਿਰੇ ਦਾ ਅਸਲ ਅਰਥ ਸਿਰਫ਼ ਬਾਹਰੀ ਬੁਰਾਈਆਂ ਨੂੰ ਖ਼ਤਮ ਕਰਨ ਹੀ ਨਹੀਂ ਹੈ ਸਗੋਂ ਆਪਣੇ ਅੰਦਰ ਛੁਪੀਆਂ ਨਕਾਰਾਤਮਿਕ ਭਾਵਨਾਵਾਂ ਜਿਵੇਂ ਕਿ ਹੰਕਾਰ, ਕ੍ਰੋਧ, ਈਰਖਾ, ਲੋਭ ਅਤੇ ਨਫ਼ਰਤ ਨੂੰ ਜਿੱਤਣ ਬਾਰੇ ਵੀ ਹੈ।

ਇਸ ਮੌਕੇ ਸਕੂਲ ਡਾਇਰੈਕਟਰ ਜਗਮੀਤ ਸਿੰਘ ਜੋਸ਼ ਨੇ ਕਿਹਾ ਕਿ ਅਜਿਹੇ ਸਭਿਆਚਾਰਕ ਪ੍ਰੋਗਰਾਮ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਤਿਉਹਾਰ ਸਾਡੀ ਅਮੀਰ ਸਭਿਆਚਾਰਕ ਵਿਰਾਸਤ ਦਾ ਇੱਕ ਅਨਿੱਖੜਵਾਂ ਅੰਗ ਹਨ ਅਤੇ ਨਵੀਂ ਪੀੜ੍ਹੀ ਨੂੰ ਆਪਣੀਆਂ ਪਰੰਪਰਾਵਾਂ ਤੇ ਆਦਰਸ਼ਾਂ ਨਾਲ ਜੁੜਨ ਦਾ ਮੌਕਾ ਪ੍ਰਦਾਨ ਕਰਦੇ ਹਨ। ਅੰਤ ਵਿੱਚ ਸਕੂਲ ਪ੍ਰਿੰਸੀਪਲ ਸੁਖਜਿੰਦਰ ਕੌਰ ਕੀਥ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦਸਹਿਰਾ ਸਿਰਫ਼ ਇੱਕ ਤਿਉਹਾਰ ਨਹੀਂ ਹੈ ਸਗੋਂ ਅੰਦਰੂਨੀ ਬੁਰਾਈਆਂ ਨੂੰ ਖ਼ਤਮ ਕਰਨ ਦਾ ਸੰਦੇਸ਼ ਵੀ ਹੈ। ਉਨ੍ਹਾਂ ਕਿਹਾ ਕਿ ਭਗਵਾਨ ਸ਼੍ਰੀ ਰਾਮ ਦਾ ਜੀਵਨ ਸਾਨੂੰ ਨਿਮਰਤਾ, ਸਮਰਪਣ, ਸਬਰ ਅਤੇ ਸੱਚ ਦੇ ਮਾਰਗ 'ਤੇ ਚੱਲਣ ਦੀ ਸਿੱਖਿਆ ਦਿੰਦਾ ਹੈ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਿਦਿਆਰਥੀਆਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਚੰਗਾ ਆਚਰਨ, ਵੱਡਿਆਂ ਦਾ ਸਤਿਕਾਰ, ਛੋਟਿਆਂ ਲਈ ਪਿਆਰ ਅਤੇ ਸਾਰਿਆਂ ਪ੍ਰਤੀ ਪਿਆਰ ਭਰਿਆ ਰਵੱਈਆ ਪੈਦਾ ਕਰਨਾ ਚਾਹੀਦਾ ਹੈ। ਸ਼੍ਰੋਮਣੀ ਕਮੇਟੀ ਦੇ ਮੈਂਬਰ ਸਰਦਾਰ ਹਰਪਾਲ ਸਿੰਘ ਪਾਲੀ ਪ੍ਰੋਗਰਾਮ ਦੌਰਾਨ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਉਨ੍ਹਾਂ ਨੇ ÷ਲੰਕਾ ਗਢੁ ਸੋਨੇ ਕਾ ਭਇਆ, ਮੂਰਖੁ ਰਾਵਨੁ ਕਿਆ ਲੇ ਗਇਆ÷ ਪੰਗਤੀ ਨਾਲ ਗੁਰਬਾਣੀ ਰਾਹੀਂ ਵਿਦਿਆਰਥੀਆਂ ਨੂੰ ਦਸਹਿਰੇ ਦਾ ਸੱਚਾ ਸੰਦੇਸ਼ ਦਿੱਤਾ। ਪ੍ਰੋਗਰਾਮ ਦੌਰਾਨ ਮੈਨੇਜਮੈਂਟ ਕਮੇਟੀ ਦੇ ਡਾਇਰੈਕਟਰ ਜਗਮੀਤ ਸਿੰਘ, ਮਨਮੋਹਨ ਸਿੰਘ, ਜਸਵੀਰ ਸਿੰਘ, ਕਪਿਲ ਦੇਵ ਯਾਦਵ ਅਤੇ ਅਮਿਤ ਮੌਜੂਦ ਸਨ।

# 12 ਸਾਲ, ਘਪਲੇ ਹੀ ਘਪਲੇ: ਭਾਜਪਾ ਚੰਡੀਗੜ੍ਹ ਦੀ ਜਨਤਾ ਨੂੰ ਜਵਾਬ ਦੇਵੇ : ਵਿਜੇਪਾਲ ਸਿੰਘ

ਚੰਡੀਗੜ੍ਹ, 17 ਅਕਤੂਬਰ
(ਪੈਗ਼ਾਮ-ਏ-ਜਗਤ)



ਆਮ ਆਦਮੀ ਪਾਰਟੀ (ਆਪ), ਚੰਡੀਗੜ੍ਹ ਨੇ ਭਾਜਪਾ ਦੇ 12 ਸਾਲਾਂ ਦੇ ਸ਼ਾਸਨ 'ਤੇ ਸਵਾਲ ਉਠਾਉਂਦਿਆਂ ਸ਼ਹਿਰ ਵਿੱਚ ਕਥਿਤ ਘਪਲਿਆਂ ਅਤੇ ਪ੍ਰਸ਼ਾਸਨਿਕ ਨਾਕਾਮੀਆਂ ਦੇ ਮੁੱਦੇ ਚੁੱਕੇ ਅਤੇ ਸਾਰੇ ਮਾਮਲਿਆਂ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ। ਪ੍ਰੈੱਸ ਕਾਨਫਰੰਸ ਨੂੰ 'ਆਪ' ਚੰਡੀਗੜ੍ਹ ਦੇ ਪ੍ਰਧਾਨ ਵਿਜੇਪਾਲ ਸਿੰਘ, ਕੋਰ ਕਮੇਟੀ ਦੇ ਚੇਅਰਮੈਨ ਪ੍ਰੇਮ ਗਰਗ, ਸਟੇਟ ਮੀਡੀਆ ਇੰਚਾਰਜ ਵਿਕਰਾਂਤ ਏ. ਤੰਵਰ ਅਤੇ ਸੀਨੀਅਰ ਆਗੂ ਪੁਨੀਤ ਛਾਬੜਾ ਨੇ ਸੰਬੋਧਨ ਕੀਤਾ।

**• ਭਾਜਪਾ ਦੀ ਪ੍ਰੈੱਸ ਕਾਨਫਰੰਸ 'ਤੇ ਆਮ ਆਦਮੀ ਪਾਰਟੀ ਦਾ ਪਲਟਵਾਰ; ਕਥਿਤ ਘਪਲਿਆਂ ਦੀ ਨਿਰਪੱਖ ਜਾਂਚ ਅਤੇ ਦੋਸ਼ੀਆਂ ਖ਼ਿਲਾਫ਼ ਕਾਰਵਾਈ ਦੀ ਮੰਗ**

**ਭਾਜਪਾ ਦੇ ਸ਼ਾਸਨ ਦੌਰਾਨ ਉੱਠੇ ਪ੍ਰਮੁੱਖ ਘਪਲਿਆਂ ਦੇ ਮੁੱਦੇ**

1. **ਆਊਟਸੋਰਸ ਭਰਤੀ ਘਪਲਾ:** 193 ਟੈਂਡਰ ਰੱਦ ਹੋਣ, ਇੱਕ ਪਰਿਵਾਰ ਦੀਆਂ ਕੰਪਨੀਆਂ ਨੂੰ 70-80 ਫ਼ੀਸਦੀ ਠੇਕੇ ਮਿਲਣ ਅਤੇ ਨੌਕਰੀ ਦਿਵਾਉਣ ਦੇ ਨਾਂ 'ਤੇ ਕਥਿਤ ਵਸੂਲੀ ਦੇ ਮਾਮਲਿਆਂ ਦੀ ਜਾਂਚ ਕੀਤੀ ਜਾਵੇ।
2. **ਰਾਖਵੇਂਕਰਨ ਅਤੇ ਸੰਵਿਧਾਨਕ ਅਧਿਕਾਰ:** ਆਊਟਸੋਰਸ ਭਰਤੀ ਕਾਰਨ ਰਾਖਵੇਂਕਰਨ ਅਤੇ ਨੌਜਵਾਨਾਂ ਦੇ ਰੁਜ਼ਗਾਰ ਦੇ ਅਧਿਕਾਰਾਂ 'ਤੇ ਪੈ ਰਹੇ ਪ੍ਰਭਾਵ ਬਾਰੇ ਭਾਜਪਾ ਜਵਾਬ ਦੇਵੇ।
3. **ਮੇਅਰ ਚੋਣ ਵਿਵਾਦ:** ਚੰਡੀਗੜ੍ਹ ਮੇਅਰ ਚੋਣ ਵਿੱਚ ਵੋਟਾਂ ਨਾਲ ਛੇੜਛਾੜ ਦੇ ਮਾਮਲੇ ਵਿੱਚ ਜਵਾਬਦੇਹੀ ਤੈਅ ਕਰਕੇ ਉਚਿਤ ਕਾਨੂੰਨੀ ਕਾਰਵਾਈ ਕੀਤੀ ਜਾਵੇ।
4. **ਸਮਾਰਟ ਸਿਟੀ ਅਤੇ ਕਥਿਤ ਜਾਅਲੀ ਐੱਫ.ਡੀ.ਆਰ.:** ਆਈਡੀਐੱਫਸੀ ਬੈਂਕ ਨਾਲ ਜੁੜੀਆਂ ਕਥਿਤ ਜਾਅਲੀ ਫਿਕਸਡ ਡਿਪਾਜ਼ਿਟ ਰਸੀਦਾਂ ਅਤੇ ਸਰਕਾਰੀ ਪੈਸੇ ਦੀ ਸੁਰੱਖਿਆ ਵਿੱਚ ਹੋਈਆਂ ਕਥਿਤ ਕੁਤਾਹੀਆਂ ਦੀ ਜਾਂਚ ਹੋਵੇ।
5. **24/7 ਪਾਣੀ ਸਪਲਾਈ ਪ੍ਰੋਜੈਕਟ:** ਮਨੀਮਾਜਰਾ ਵਿੱਚ ਪਾਣੀ ਦੀ ਸਪਲਾਈ, ਪ੍ਰੋਜੈਕਟ ਦੀ ਲਾਗਤ ਅਤੇ ਖਪਤਕਾਰਾਂ 'ਤੇ ਪੈਣ ਵਾਲੇ ਆਰਥਿਕ ਬੋਝ ਬਾਰੇ ਪ੍ਰਸ਼ਾਸਨ ਸਪੱਸ਼ਟ ਜਵਾਬ ਦੇਵੇ।
6. **ਡੱਡੂਮਾਜਰਾ ਕੂੜਾ ਪ੍ਰਬੰਧਨ:** ਕਰੋੜਾਂ ਰੁਪਏ ਖ਼ਰਚ ਹੋਣ ਦੇ ਬਾਵਜੂਦ ਕੂੜੇ ਦੀ ਸਮੱਸਿਆ ਦਾ ਸਥਾਈ ਹੱਲ ਕਿਉਂ ਨਹੀਂ ਹੋਇਆ, ਇਸ ਦੀ ਜਾਂਚ ਕੀਤੀ ਜਾਵੇ।
7. **ਪਾਰਕਿੰਗ ਦੇ ਠੇਕੇ:** ਕਥਿਤ 7-8 ਕਰੋੜ ਰੁਪਏ ਦੇ ਮਾਲੀਆ ਨੁਕਸਾਨ ਦੀ ਜਾਂਚ ਹੋਵੇ, ਬਕਾਇਆ ਰਕਮ ਵਸੂਲੀ ਜਾਵੇ ਅਤੇ ਜ਼ਿੰਮੇਵਾਰੀ ਤੈਅ ਕੀਤੀ ਜਾਵੇ।
8. **ਜਨਤਕ ਪਖਾਨਿਆਂ ਦੇ ਇਸ਼ਤਿਹਾਰ:** ਇਸ਼ਤਿਹਾਰਬਾਜ਼ੀ ਕੰਪਨੀਆਂ ਤੋਂ ਕਥਿਤ ਬਕਾਇਆ ਰਕਮ ਵਸੂਲ ਨਾ ਹੋਣ ਦੇ ਮਾਮਲੇ ਵਿੱਚ ਸਰਕਾਰੀ ਮਾਲੀਏ ਦਾ ਆਡਿਟ ਕੀਤਾ ਜਾਵੇ।
9. **ਬਿਜਲੀ ਵਿਭਾਗ ਦਾ ਨਿੱਜੀਕਰਨ:** ਨਿੱਜੀਕਰਨ ਦੀ ਪ੍ਰਕਿਰਿਆ, ਮੁਲਾਜ਼ਮਾਂ ਦੇ ਹਿੱਤਾਂ ਅਤੇ ਖਪਤਕਾਰਾਂ 'ਤੇ ਪੈਣ ਵਾਲੇ ਆਰਥਿਕ ਪ੍ਰਭਾਵਾਂ ਬਾਰੇ ਪੂਰੀ ਜਾਣਕਾਰੀ ਦਿੱਤੀ ਜਾਵੇ।
10. **ਸੀਟੀਯੂ ਬੱਸ ਸੇਵਾਵਾਂ:** ਨਿੱਜੀ ਆਪਰੇਟਰਾਂ ਦੀ ਵਧਦੀ ਭੂਮਿਕਾ, ਠੇਕਿਆਂ ਅਤੇ ਪੱਕੇ ਰੁਜ਼ਗਾਰ 'ਤੇ ਪੈ ਰਹੇ ਪ੍ਰਭਾਵਾਂ ਦਾ ਪੂਰਾ ਵੇਰਵਾ ਜਨਤਕ ਕੀਤਾ ਜਾਵੇ।
11. **ਪਾਈਪ ਵਾਲੀ ਗੈਸ ਦੀ ਸੁਰੱਖਿਆ ਰਾਸ਼ੀ:** ਪ੍ਰਤੀ ਕੁਨੈਕਸ਼ਨ 5,500-6,000 ਰੁਪਏ ਦੀ ਕਥਿਤ ਸੁਰੱਖਿਆ ਰਾਸ਼ੀ, ਰਿਫੰਡ ਅਤੇ ਹੋਰ ਫ਼ੀਸਾਂ ਦੀਆਂ ਸ਼ਰਤਾਂ ਸਪੱਸ਼ਟ ਕੀਤੀਆਂ ਜਾਣ।
12. **ਰਾਸ਼ਨ ਵੰਡ ਵਿੱਚ ਡਿਜੀਟਲ ਮੁਸ਼ਕਲਾਂ:** ਡਿਜੀਟਲ ਪ੍ਰਣਾਲੀ ਕਾਰਨ ਯੋਗ ਗਰੀਬ ਪਰਿਵਾਰਾਂ ਨੂੰ ਰਾਸ਼ਨ ਪ੍ਰਾਪਤ ਕਰਨ ਵਿੱਚ ਆ ਰਹੀਆਂ ਮੁਸ਼ਕਲਾਂ ਦੂਰ ਕੀਤੀਆਂ ਜਾਣ।

**'ਆਪ' ਦੀਆਂ ਪ੍ਰਮੁੱਖ ਮੰਗਾਂ**

- ਸਾਰੇ ਮਾਮਲਿਆਂ ਦੀ ਨਿਰਪੱਖ ਅਤੇ ਸਮਾਂਬੱਧ ਜਾਂਚ ਕਰਵਾਈ ਜਾਵੇ ਅਤੇ ਲੋੜੀਂਦੇ ਸਬੂਤ ਮਿਲਣ 'ਤੇ ਕਾਨੂੰਨ ਅਨੁਸਾਰ ਐੱਫ.ਆਈ.ਆਰ. ਦਰਜ ਕੀਤੀ ਜਾਵੇ।
- ਜਾਂਚ ਦੌਰਾਨ ਸਬੰਧਤ ਅਧਿਕਾਰੀਆਂ, ਕੰਪਨੀਆਂ ਅਤੇ ਕਥਿਤ ਸਿਆਸੀ ਸਰਪ੍ਰਸਤੀ ਦੀ ਭੂਮਿਕਾ ਦੀ ਵੀ ਪੜਤਾਲ ਕੀਤੀ ਜਾਵੇ।
- ਨੌਕਰੀ ਦੇ ਨਾਂ 'ਤੇ ਠੱਗੇ ਗਏ ਨੌਜਵਾਨਾਂ ਨੂੰ ਇਨਸਾਫ਼ ਦਿਵਾਇਆ ਜਾਵੇ ਅਤੇ ਕਾਨੂੰਨੀ ਪ੍ਰਕਿਰਿਆ ਅਨੁਸਾਰ ਉਨ੍ਹਾਂ ਦੀ ਰਕਮ ਵਾਪਸ ਕਰਵਾਉਣ ਦੇ ਯਤਨ ਕੀਤੇ ਜਾਣ।
- ਆਊਟਸੋਰਸ ਮੁਲਾਜ਼ਮਾਂ ਲਈ ਪਾਰਦਰਸ਼ੀ ਭਰਤੀ, ਰੁਜ਼ਗਾਰ ਦੀ ਸੁਰੱਖਿਆ ਅਤੇ ਸ਼ੋਸ਼ਣ ਤੋਂ ਬਚਾਅ ਲਈ ਪ੍ਰਭਾਵਸ਼ਾਲੀ ਨੀਤੀ ਬਣਾਈ ਜਾਵੇ।
- ਸਮਾਰਟ ਸਿਟੀ, ਕੂੜਾ ਪ੍ਰਬੰਧਨ, ਪਾਰਕਿੰਗ ਅਤੇ ਹੋਰ ਜਨਤਕ ਪ੍ਰੋਜੈਕਟਾਂ ਦੇ ਖ਼ਰਚੇ ਅਤੇ ਮਾਲੀਏ ਦਾ ਆਡਿਟ ਕਰਵਾਇਆ ਜਾਵੇ। 'ਆਪ' ਨੇ ਦੱਸਿਆ ਕਿ ਆਊਟਸੋਰਸ ਮੁਲਾਜ਼ਮਾਂ ਦੀ ਸੁਰੱਖਿਆ ਅਤੇ ਨੀਤੀ ਬਣਾਉਣ ਦੇ ਸਬੰਧ ਵਿੱਚ 12 ਜੁਲਾਈ 2025 ਨੂੰ ਰਾਜਪਾਲ ਅਤੇ 17 ਅਕਤੂਬਰ 2025 ਨੂੰ ਚੰਡੀਗੜ੍ਹ ਦੇ ਮੁੱਖ ਸਕੱਤਰ ਨੂੰ ਪੱਤਰ ਲਿਖੇ ਗਏ ਸਨ।

**ਸੀਬੀਆਈ ਜਾਂਚ ਬਾਰੇ 'ਆਪ' ਦਾ ਰੁਖ਼**

ਪਾਰਟੀ ਨੇ ਕਿਹਾ ਕਿ ਉਸ ਦੀ ਭੂਮਿਕਾ ਨਿਰਪੱਖ ਜਾਂਚ ਯਕੀਨੀ ਬਣਾਉਣ, ਸੀਨੀਅਰ ਅਧਿਕਾਰੀਆਂ ਅਤੇ ਸਿਆਸੀ ਆਗੂਆਂ ਦੀ ਸੰਭਾਵਿਤ ਭੂਮਿਕਾ ਸਾਹਮਣੇ ਲਿਆਉਣ ਅਤੇ ਪੀੜਤ ਨੌਜਵਾਨਾਂ ਨੂੰ ਇਨਸਾਫ਼ ਦਿਵਾਉਣ ਲਈ ਆਵਾਜ਼ ਉਠਾਉਣ ਦੀ ਹੈ।

# ਏ.ਪੀ.ਜੇ. ਪਬਲਿਕ ਸਕੂਲ, ਮੁੰਡੀ ਖਰੜ ਵਿਖੇ ਨਵਰਾਤਰੀ ਵਿਸ਼ੇਸ਼ ਡਾਂਡੀਆ ਸਮਾਰੋਹ

ਪੈਗ਼ਾਮ-ਏ-ਜਗਤ/ਖਰੜ, (ਦਵਿੰਦਰ ਕੌਰ)

ਏ.ਪੀ.ਜੇ. ਪਬਲਿਕ ਸਕੂਲ, ਮੁੰਡੀ ਖਰੜ ਵਿਖੇ17 ਅਕਤੂਬਰ 2026 ਨੂੰ ਨਵਰਾਤਰੀ ਵਿਸ਼ੇਸ਼ ਡਾਂਡੀਆ ਸਮਾਰੋਹਬੜੇ ਉਤਸ਼ਾਹ ਅਤੇ ਧੂਮਧਾਮ ਨਾਲ ਆਯੋਜਿਤ ਕੀਤਾ ਗਿਆ। ਇਸ ਸਮਾਰੋਹ ਵਿੱਚ ਤੀਜੀ ਤੋਂ ਬਾਰ੍ਹਵੀਂ ਜਮਾਤ ਤੱਕ ਦੀਆਂ ਵਿਦਿਆਰਥਣਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੇ ਜੋਸ਼ ਤੇ ਉਮੰਗ ਨਾਲ ਇਸ ਮੌਕੇ ਨੂੰ ਯਾਦਗਾਰੀ ਬਣਾ ਦਿੱਤਾ।

ਸਕੂਲ ਦਾ ਮਾਹੌਲ ਨਵਰਾਤਰੀ ਦੇ ਰੰਗਾਂ ਨਾਲ ਰੰਗਿਆ ਗਿਆ। ਵਿਦਿਆਰਥਣਾਂ ਸੁੰਦਰ ਅਤੇ ਰੰਗ-ਬਿਰੰਗੀਆਂ ਰਵਾਇਤੀ ਪੋਸ਼ਾਕਾਂ ਪਹਿਨ ਕੇ ਸਕੂਲ ਪਹੁੰਚੀਆਂ। ਉਨ੍ਹਾਂ ਦੇ ਮਨਮੋਹਕ ਪਹਿਰਾਵੇ ਅਤੇ ਖਿੜੇ ਹੋਏ ਚਿਹਰਿਆਂ ਨੇ ਸਮਾਰੋਹ ਦੀ ਰੌਣਕ ਨੂੰ ਹੋਰ ਵੀ ਵਧਾ ਦਿੱਤਾ। ਵਿਦਿਆਰਥਣਾਂ ਨੇ ਰਵਾਇਤੀ ਸੰਗੀਤ ਦੀਆਂ ਧੁਨਾਂ 'ਤੇ ਬੜੇ ਜੋਸ਼ ਅਤੇ ਖੁਸ਼ੀ ਨਾਲ ਡਾਂਡੀਆ ਨਾਚ ਕੀਤਾ, ਜਿਸ ਨਾਲ ਸਾਰਾ ਮਾਹੌਲ ਤਿਉਹਾਰਾਂ ਦੀ ਖੁਸ਼ੀ ਨਾਲ ਭਰ ਗਿਆ।

ਇਸ ਮੌਕੇ ਸਕੂਲ ਦੇਪ੍ਰਿੰਸੀਪਲ ਸ੍ਰੀ ਜਸਵੀਰ ਚੰਦਰ ਜੀਨੇ ਵਿਦਿਆਰਥਣਾਂ ਦੇ ਉਤਸ਼ਾਹ ਅਤੇ ਭਾਗੀਦਾਰੀ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਵਿਦਿਆਰਥੀਆਂ ਨੂੰ ਆਪਣੀਆਂ ਪਰੰਪਰਾਵਾਂ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਏਕਤਾ ਅਤੇ ਰਚਨਾਤਮਕਤਾ ਦੀ ਭਾਵਨਾ ਨੂੰ ਵੀ ਵਿਕਸਿਤ ਕਰਦੇ ਹਨ।

ਨਵਰਾਤਰੀ ਮਾਤਾ ਦੁਰਗਾ ਦੀ ਅਰਾਧਨਾ ਦਾ ਪਵਿੱਤਰ ਤਿਉਹਾਰ ਹੈ, ਜੋ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਸੰਦੇਸ਼ ਦਿੰਦਾ ਹੈ। ਇਹ ਸਮਾਰੋਹ ਖੁਸ਼ੀ ਅਤੇ ਉਤਸ਼ਾਹ ਭਰੇ ਮਾਹੌਲ ਵਿੱਚ ਸੰਪੰਨ ਹੋਇਆ। ਸਕੂਲ ਵੱਲੋਂ ਕੀਤਾ ਗਿਆ ਇਹ ਉਪਰਾਲਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਅਤੇ ਭਾਰਤੀ ਸੱਭਿਆਚਾਰਕ ਵਿਰਸੇ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਸ਼ਲਾਘਾਯੋਗ ਕਦਮ ਸੀ। ਜਸਵੀਰ ਚੰਦਰ ਨੇ ਵਿਦਿਆਰਥੀਆਂ ਨੂੰ ਨਵਰਾਤਰਿਆਂ ਤੋਂ ਦੀ ਜਾਣਕਾਰੀ ਦਿੱਤੀ।



# ਰਾਮਲੀਲਾ ਦੌਰਾਨ ਸ਼੍ਰੀ ਰਾਮ-ਸ਼ਬਰੀ ਮਿਲਾਪ, ਰਾਮ-ਹਨੂਮਾਨ ਮਿਲਾਪ ਅਤੇ ਬਾਲੀ ਵਧ ਦੇ ਦ੍ਰਿਸ਼ਾਂ ਦੀ ਪੇਸ਼ਕਾਰੀ ਦਿੱਤੀ

ਐਸ ਏ ਐਸ ਨਗਰ, 17 ਅਕਤੂਬਰ (ਪੈਗ਼ਾਮ-ਏ-ਜਗਤ)

ਸ਼੍ਰੀ ਮਹਾਦੇਵ ਵੈਲਫੇਅਰ ਕਲੱਬ, ਫੇਜ਼-5, ਮੁਹਾਲੀ ਵੱਲੋਂ ਕਰਵਾਈ ਜਾ ਰਹੀ ਰਾਮਲੀਲਾ ਦੀ ਛੇਵੀਂ ਰਾਤ ਦੌਰਾਨ ਭਗਵਾਨ ਸ਼੍ਰੀ ਰਾਮ ਜੀ ਦੇ ਜੀਵਨ ਨਾਲ ਸਬੰਧਤ ਕਈ ਮਹੱਤਵਪੂਰਨ ਅਤੇ ਭਾਵਨਾਤਮਕ ਪ੍ਰਸੰਗਾਂ ਦਾ ਸ਼ਾਨਦਾਰ ਮੰਚਨ ਕੀਤਾ ਗਿਆ। ਇਨ੍ਹਾਂ ਦ੍ਰਿਸ਼ਾਂ ਨੇ ਹਾਜ਼ਰ ਸੰਗਤ ਨੂੰ ਭਗਤੀ, ਪ੍ਰੇਮ, ਤਿਆਗ ਅਤੇ ਧਰਮ ਦੇ ਮਾਰਗ ਤੇ ਚੱਲਣ ਦਾ ਸੰਦੇਸ਼ ਦਿੱਤਾ। ਇਸ ਰਾਤ ਸ਼੍ਰੀ ਰਾਮ-ਸ਼ਬਰੀ ਮਿਲਾਪ, ਸ਼੍ਰੀ ਰਾਮ-ਹਨੂਮਾਨ ਮਿਲਾਪ, ਬਾਲੀ-ਸੁਗ੍ਰੀਵ ਯੁੱਧ ਅਤੇ ਬਾਲੀ ਵਧ, ਰਾਵਣ ਵੱਲੋਂ ਮਾਤਾ ਸੀਤਾ ਨੂੰ ਅਸ਼ੋਕ ਵਾਟਿਕਾ ਵਿੱਚ ਬੰਦੀ ਬਣਾਉਣਾ ਅਤੇ ਹਨੂਮਾਨ ਜੀ ਤੇ ਮਾਤਾ ਸੀਤਾ ਵਿਚਕਾਰ ਸੰਵਾਦ ਵਰਗੇ ਪ੍ਰਸੰਗਾਂ ਦਾ ਪ੍ਰਭਾਵਸ਼ਾਲੀ ਮੰਚਨ ਕੀਤਾ ਗਿਆ।

# ਰਾਮਲੀਲਾ ਦਾ ਉਦਘਾਟਨ ਕੀਤਾ

ਐਸ ਏ ਐਸ ਨਗਰ, 17 ਅਕਤੂਬਰ (ਪੈਗ਼ਾਮ-ਏ-ਜਗਤ)



ਐਮ ਪੀ ਸੀ ਏ ਦੇ ਸੀਨੀਅਰ ਮੀਤ ਪ੍ਰਧਾਨ ਸ੍ਰੀ ਅਮਿਤ ਮਰਵਾਹਾ ਵਲੋਂ ਬੀਤੀ ਰਾਤ ਫੇਜ਼ 1 ਵਿੱਚ ਅੰਕੁਸ਼ ਕਲੱਬ ਵੱਲੋਂ ਕਰਵਾਈ ਜਾ ਰਹੀ ਰਾਮਲੀਲਾ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਿਰਨਜੀਤ ਸਿੰਘ (ਪ੍ਰਧਾਨ ਅੰਕੁਸ਼ ਕਲੱਬ) ਸੰਜੀਵ ਸ਼ਰਮਾ, ਨਵੀਨ ਕੁਮਾਰ, ਅਸ਼ੋਕ ਜੈਨ, ਡੀ ਕੇ ਸਿੰਘ, ਪ੍ਰਿਯਾਂਸ਼ੂ ਕੁਮਾਰ, ਗੁਰਦੀਪ ਸਿੰਘ ਆਦਿ ਸ਼ਾਮਲ ਸਨ।

# ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ ਮਾਜਰੀ ਬਲਾਕ ਦੇ ਪਿੰਡ ਖਿਜ਼ਰਾਬਾਦ, ਖਿਜ਼ਰਾਬਾਦ ਹੇਠਲੀ ਪੱਤੀ ਅਤੇ ਫਤਿਹਪੁਰ ਟੱਪਰੀਆਂ ਵਿਖੇ ਦਿਖਾਈ ਗਈ



**ਮਾਜਰੀ 17 ਅਕਤੂਬਰ (ਪੈ.ਗਾਮ-ਏ-ਜਗਤ)**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਉਪਰਾਲੇ ਤਹਿਤ ਮਾਜਰੀ ਬਲਾਕ ਦੇ ਪਿੰਡ ਖਿਜ਼ਰਾਬਾਦ, ਖਿਜ਼ਰਾਬਾਦ ਹੇਠਲੀ ਪੱਤੀ ਅਤੇ ਫਤਿਹਪੁਰ ਟੱਪਰੀਆਂ ਵਿਖੇ ਐਲ.ਈ.ਡੀ. ਸਕਰੀਨ ਰਾਹੀਂ 30 ਮਿੰਟ ਦੀ ਵਿਸ਼ੇਸ਼ ਦਸਤਾਵੇਜ਼ੀ ਫ਼ਿਲਮ ਦਿਖਾਈ ਗਈ।

ਇਸ ਉਪਰਾਲੇ ਦਾ ਮਕਸਦ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ, ਵਿਚਾਰਧਾਰਾ ਅਤੇ ਸਮਾਜ ਨੂੰ ਦਿੱਤੇ ਬਰਾਬਰਤਾ, ਆਪਸੀ ਭਾਈਚਾਰੇ ਤੇ ਮਨੁੱਖਤਾ ਦੇ ਸੰਦੇਸ਼ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣਾ ਹੈ।

ਉੱਪ ਮੰਡਲ ਮੈਜਿਸਟ੍ਰੇਟ, ਖਰੜ ਸ੍ਰੀ ਗੁਰਮੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਨੇ ਆਪਣੀ ਬਾਣੀ ਅਤੇ ਵਿਚਾਰਾਂ ਰਾਹੀਂ ਸਮਾਜ ਨੂੰ ਜਾਤ-ਪਾਤ, ਭੇਦਭਾਵ ਅਤੇ ਉਚ-ਨੀਚ ਤੋਂ ਉੱਪਰ ਉੱਠ ਕੇ ਮਨੁੱਖਤਾ ਦੀ ਸੇਵਾ ਕਰਨ ਦਾ ਸੰਦੇਸ਼ ਦਿੱਤਾ। ਉਨ੍ਹਾਂ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਵਿੱਚ ਸਮਾਨਤਾ, ਸਦਭਾਵਨਾ ਅਤੇ ਆਪਸੀ ਸਤਿਕਾਰ ਦੀ ਭਾਵਨਾ ਨੂੰ ਮਜ਼ਬੂਤ ਕਰਨ ਲਈ ਪ੍ਰੇਰਿਤ ਕਰਦੀਆਂ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਵਿਸ਼ੇਸ਼ ਦਸਤਾਵੇਜ਼ੀ ਫ਼?ਲਮ ਪਿੰਡਾਂ ਵਿੱਚ ਦਿਖਾਉਣ ਦਾ ਉਦੇਸ਼ ਨਵੀਂ ਪੀੜ੍ਹੀ ਸਮੇਤ ਹਰ ਵਰਗ ਦੇ ਲੋਕਾਂ ਨੂੰ ਗੁਰੂ ਸਾਹਿਬ ਦੇ ਜੀਵਨ ਅਤੇ ਫ਼ਲਸਫ਼ੇ ਤੋਂ ਜਾਣੂ ਕਰਵਾਉਣਾ ਹੈ। ਐਲ.ਈ.ਡੀ. ਸਕਰੀਨ ਰਾਹੀਂ ਦਿਖਾਈ ਜਾ ਰਹੀ ਇਸ ਫ਼?ਲਮ ਨਾਲ ਲੋਕਾਂ ਨੂੰ ਗੁਰੂ ਸਾਹਿਬ ਦੇ ਆਦਰਸ਼ਾਂ ਅਤੇ ਉਨ੍ਹਾਂ ਵੱਲੋਂ ਸਮਾਜ ਦੀ ਭਲਾਈ ਲਈ ਦਿੱਤੀਆਂ ਸਿੱਖਿਆਵਾਂ ਨੂੰ ਸਮਝਣ ਦਾ ਮੌਕਾ ਮਿਲ ਰਿਹਾ ਹੈ। ਉੱਪ ਮੰਡਲ ਮੈਜਿਸਟ੍ਰੇਟ ਨੇ ਕਿਹਾ ਕਿ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੀ ਬਾਣੀ ਸਮੁੱਚੀ ਮਾਨਵਤਾ ਲਈ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾ ਕੇ ਇੱਕ ਅਜਿਹੇ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ, ਜਿੱਥੇ ਹਰ ਵਿਅਕਤੀ ਨੂੰ ਬਰਾਬਰ ਦਾ ਸਤਿਕਾਰ ਅਤੇ ਮੌਕਾ ਮਿਲੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਸਮਾਜ ਵਿੱਚ ਪਿਆਰ, ਸਦਭਾਵਨਾ ਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਵਿੱਚ ਯੋਗਦਾਨ ਪਾਉਣ।

# ਬਾਲ ਭਲਾਈ, ਬਜ਼ੁਰਗਾਂ, ਮਹਿਲਾਵਾਂ ਅਤੇ ਦਿਵਿਆਂਗਜਨਾਂ ਦੀ ਭਲਾਈ ਲਈ ਕੰਮ ਕਰਨ ਵਾਲੀਆਂ ਸੰਸਥਾਵਾਂ 20 ਅਕਤੂਬਰ ਤੱਕ ਕਰਵਾਉਣ ਆਨਲਾਈਨ ਰਜਿਸਟ੍ਰੇਸ਼ਨ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, 17 ਅਕਤੂਬਰ, (ਪੈ.ਗਾਮ-ਏ-ਜਗਤ)**

ਪੰਜਾਬ ਸਰਕਾਰ ਦੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਰਾਹੀਂ ਚਲਾਏ ਜਾ ਰਹੇ ਪੰਜਾਬ ਐਨ.ਜੀ.ਓ. ਡਿਜੀਟਾਈਜ਼ੇਸ਼ਨ ਮਿਸ਼ਨ ਤਹਿਤ ਵਿਦਿਆਰਥੀਆਂ ਨੂੰ ਸਮਾਜਿਕ ਇੰਟਰਨਸ਼ਿਪ ਅਤੇ ਵਲੰਟੀਅਰਿੰਗ ਨਾਲ ਜੋੜਨ ਲਈ ਬਾਲ ਭਲਾਈ, ਬਜ਼ੁਰਗਾਂ ਦੀ ਭਲਾਈ, ਮਹਿਲਾ ਭਲਾਈ ਅਤੇ ਦਿਵਿਆਂਗਜਨਾਂ ਦੀ ਭਲਾਈ ਲਈ ਕੰਮ ਕਰ ਰਹੀਆਂ ਇੱਛੁਕ ਗੈਰ-ਸਰਕਾਰੀ ਸੰਸਥਾਵਾਂ (ਐਨ.ਜੀ.ਓਜ਼) ਨੂੰ 20 ਅਕਤੂਬਰ, 2026 ਤੱਕ ਆਪਣੀ ਆਨਲਾਈਨ ਰਜਿਸਟ੍ਰੇਸ਼ਨ ਕਰਵਾਉਣ ਦੀ ਅਪੀਲ ਕੀਤੀ ਗਈ ਹੈ।

- **ਪੰਜਾਬ ਐਨ.ਜੀ.ਓ. ਡਿਜੀਟਾਈਜ਼ੇਸ਼ਨ ਮਿਸ਼ਨ ਤਹਿਤ ਵਿਦਿਆਰਥੀਆਂ ਨੂੰ ਸਮਾਜਿਕ ਇੰਟਰਨਸ਼ਿਪ ਅਤੇ ਵਲੰਟੀਅਰਿੰਗ ਨਾਲ ਜੋੜਨ ਦਾ ਉਪਰਾਲਾ**

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਸ਼੍ਰੀਮਤੀ ਕੋਮਲ ਮਿੱਤਲ ਨੇ ਦੱਸਿਆ ਕਿ ਯੋਗ ਸੰਸਥਾਵਾਂ ਆਪਣੀ ਰਜਿਸਟ੍ਰੇਸ਼ਨ ਲਈ ਵੈੱਬਸਾਈਟ www.cityneeds.info 'ਤੇ ਜਾ ਸਕਦੀਆਂ ਹਨ। ਇਸ ਤੋਂ ਇਲਾਵਾ, ਸੰਸਥਾਵਾਂ ਸਿੱਧੇ ਰਜਿਸਟ੍ਰੇਸ਼ਨ ਫਾਰਮ https://tinyurl.com/RegisterPNDM ਰਾਹੀਂ ਵੀ ਆਪਣੀ ਅਰਜ਼ੀ ਜਮ੍ਹਾਂ ਕਰਵਾ ਸਕਦੀਆਂ ਹਨ। ਰਜਿਸਟ੍ਰੇਸ਼ਨ ਪ੍ਰਕਿਰਿਆ ਦੌਰਾਨ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਆਉਣ 'ਤੇ ਸੰਸਥਾਵਾਂ *ਮੋਬਾਈਲ ਨੰਬਰ 7347343585* 'ਤੇ ਸੰਪਰਕ ਕਰ ਸਕਦੀਆਂ ਹਨ।

ਉਨ੍ਹਾਂ ਦੱਸਿਆ ਕਿ ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਸਮਾਜਿਕ ਜ਼ਿੰਮੇਵਾਰੀ ਅਤੇ ਸੇਵਾ ਭਾਵਨਾ ਨੂੰ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਨੂੰ ਸਮਾਜ ਭਲਾਈ ਦੇ ਕਾਰਜਾਂ ਨਾਲ ਜੋੜਨਾ ਹੈ। ਇਸ ਮਿਸ਼ਨ ਰਾਹੀਂ ਵਿਦਿਆਰਥੀਆਂ ਨੂੰ ਬਾਲ ਭਲਾਈ, ਬਜ਼ੁਰਗਾਂ ਦੀ ਦੇਖਭਾਲ, ਮਹਿਲਾ ਸਸ਼ਕਤੀਕਰਨ ਅਤੇ ਦਿਵਿਆਂਗਜਨਾਂ ਦੀ ਭਲਾਈ ਦੇ ਖੇਤਰਾਂ ਵਿੱਚ ਕੰਮ ਕਰਨ ਵਾਲੀਆਂ ਸੰਸਥਾਵਾਂ ਨਾਲ ਜੋੜ ਕੇ ਸਮਾਜਿਕ ਇੰਟਰਨਸ਼ਿਪ ਅਤੇ ਵਲੰਟੀਅਰਿੰਗ ਦੇ ਮੌਕੇ ਪ੍ਰਦਾਨ ਕਰਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ।

ਇਸ ਦੇ ਨਾਲ ਹੀ, ਡਿਜੀਟਲ ਮੰਚ ਰਾਹੀਂ ਸਮਾਜ ਭਲਾਈ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਸੰਸਥਾਵਾਂ ਦੀ ਜਾਣਕਾਰੀ ਨੂੰ ਡਿਜੀਟਲ ਰੂਪ ਵਿੱਚ ਉਪਲਬਧ ਕਰਵਾਉਣਾ, ਉਨ੍ਹਾਂ ਦੀ ਸਮਰੱਥਾ ਵਧਾਉਣਾ ਅਤੇ ਉਨ੍ਹਾਂ ਦੇ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਵਿੱਚ ਸਹਿਯੋਗ ਦੇਣਾ ਵੀ ਇਸ ਮਿਸ਼ਨ ਦਾ ਅਹਿਮ ਉਦੇਸ਼ ਹੈ।

ਉਨ੍ਹਾਂ ਸਮਾਜ ਭਲਾਈ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਸਾਰੀਆਂ ਯੋਗ ਗੈਰ-ਸਰਕਾਰੀ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ 20 ਅਕਤੂਬਰ, 2026 ਤੱਕ ਆਪਣੀ ਆਨਲਾਈਨ ਰਜਿਸਟ੍ਰੇਸ਼ਨ ਜ਼ਰੂਰ ਕਰਵਾਉਣ ਅਤੇ ਪੰਜਾਬ ਐਨ.ਜੀ.ਓ. ਡਿਜੀਟਾਈਜ਼ੇਸ਼ਨ ਮਿਸ਼ਨ ਨਾਲ ਜੁੜਨ। ਉਨ੍ਹਾਂ ਕਿਹਾ ਕਿ ਵੱਧ ਤੋਂ ਵੱਧ ਸੰਸਥਾਵਾਂ ਦੀ ਸ਼ਮੂਲੀਅਤ ਨਾਲ ਵਿਦਿਆਰਥੀਆਂ ਨੂੰ ਸਮਾਜਿਕ ਇੰਟਰਨਸ਼ਿਪ ਅਤੇ ਵਲੰਟੀਅਰਿੰਗ ਦੇ ਮੌਕੇ ਪ੍ਰਦਾਨ ਕਰਨ ਦੇ ਨਾਲ-ਨਾਲ ਬਾਲ ਭਲਾਈ, ਬਜ਼ੁਰਗਾਂ, ਮਹਿਲਾਵਾਂ ਅਤੇ ਦਿਵਿਆਂਗਜਨਾਂ ਦੀ ਭਲਾਈ ਲਈ ਕੀਤੇ ਜਾ ਰਹੇ ਯਤਨਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇਗਾ।

# ਡਰੇਨੇਜ਼ ਪਾਈਪ ਲਾਈਨ ਦਾ ਕੰਮ ਆਰੰਭ ਕਰਵਾਇਆ

- **ਪਾਈਪ ਲਾਈਨ ਚਾਲੂ ਹੋਣ ਨਾਲ ਪਾਣੀ ਦੀ ਨਿਕਾਸੀ ਦੀ ਸਮੱਸਿਆ ਹੋਵੇਗੀ ਹਲ : ਪਰਮਜੀਤ ਸਿੰਘ ਕਾਹਲੋਂ**

**ਐਸ ਏ ਐਸ ਨਗਰ, 17 ਅਕਤੂਬਰ (ਪੈ.ਗਾਮ-ਏ-ਜਗਤ)**



ਨਗਰ ਨਿਗਮ ਦੇ ਆਜਾਦ ਕੌਂਸਲਰ ਸ੍ਰ. ਪਰਮਜੀਤ ਸਿੰਘ ਕਾਹਲੋਂ ਨੇ ਫੇਜ਼- 3ਬੀ2 ਵਿੱਚ ਇੰਡਸ ਹਸਪਤਾਲ ਦੇ ਪਿਛਲੇ ਪਾਸੇ ਬਰਸਾਤੀ ਪਾਣੀ ਦੀ ਨਿਕਾਸੀ ਲਈ ਪਾਈ ਜਾਣ ਵਾਲੀ ਡਰੇਨੇਜ ਪਾਈਪ ਲਾਈਨ ਦਾ ਕੰਮ ਸ਼ੁਰੂ ਕਰਵਾਇਆ। ਇਸ ਮੌਕੇ ਸ੍ਰ. ਕਾਹਲੋਂ ਨੇ ਕਿਹਾ ਕਿ ਬਰਸਾਤੀ ਪਾਣੀ ਦੀ ਨਿਕਾਸੀ ਲਈ 8 ਲੱਖ ਰੁਪਏ ਦੀ ਲਾਗਤ ਨਾਲ ਪਾਈ ਜਾ ਰਹੀ ਇਸ ਡਰੇਨੇਜ ਪਾਈਪ ਲਾਈਨ ਦਾ ਕੰਮ ਮੁਕੰਮਲ ਹੋਣ ਨਾਲ ਇਸ ਖੇਤਰ ਵਿਚਲੀ ਬਰਸਾਤੀ ਪਾਣੀ ਦੀ ਨਿਕਾਸੀ ਦੀ ਸਮੱਸਿਆ ਹਲ ਹੋ ਜਾਵੇਗੀ। ਇਸ ਮੌਕੇ ਸੇਵਾਮੁਕਤ ਐਸ ਐਮ ਓ ਡਾਕਟਰ ਜੀ ਐਸ ਚੀਮਾ, ਭਜਨ ਸਿੰਘ (ਭਾਈ ਘਨਈਆ ਸੇਵਕ ਜਥਾ), ਗਗਨਦੀਪ ਸਿੰਘ ਰਾਜਾ, ਵਰਿੰਦਰ ਸਿੰਘ ਜੇ. ਈ. ਵੀ ਮੌਜੂਦ ਸਨ।



# ਮਲਕੀਤ ਸਿੰਘ ਬੈਦਵਾਣ ਬਣੇ ਟੈਕਸੀ ਸਟੈਂਡ ਐਸੋਸੀਏਸ਼ਨ ਮੁਹਾਲੀ ਦੇ ਨਵੇਂ ਪ੍ਰਧਾਨ

**ਐਸ ਏ ਐਸ ਨਗਰ, 17 ਅਕਤੂਬਰ (ਪੈ.ਗਾਮ-ਏ-ਜਗਤ)**

ਮਲਕੀਤ ਸਿੰਘ ਬੈਦਵਾਣ ਨੂੰ ਟੈਕਸੀ ਸਟੈਂਡ ਐਸੋਸੀਏਸ਼ਨ ਮੁਹਾਲੀ ਦਾ ਨਵਾਂ ਪ੍ਰਧਾਨ ਚੁਣਿਆ ਗਿਆ ਹੈ। ਮਲਕੀਤ ਸਿੰਘ ਬੈਦਵਾਣ ਸਾਲ 2001 ਤੋਂ 'ਪੰਜਾਬ ਟੂਰ ਐਂਡ ਟਰੈਵਲਜ਼' ਦੇ ਨਾਂ ਹੇਠ ਟੈਕਸੀ ਸਰਵਿਸ ਚਲਾ ਰਹੇ ਹਨ। ਉਹ ਹਾਲ ਹੀ ਵਿੱਚ ਗੁਲਮੋਹਰ ਰੈਜ਼ੀਡੈਂਟ ਐਸੋਸੀਏਸ਼ਨ ਦੇ ਪ੍ਰਧਾਨ ਵੀ ਬਣੇ ਹਨ। ਪ੍ਰਧਾਨ ਚੁਣੇ ਜਾਣ ਉਪਰੰਤ ਮਲਕੀਤ ਸਿੰਘ ਬੈਦਵਾਣ ਨੇ ਕਿਹਾ ਕਿ ਟੈਕਸੀ ਚਾਲਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਰ ਸੰਭਵ ਯਤਨ ਕਰਨਗੇ। ਇਸ ਮੌਕੇ ਨਗਰ ਨਿਗਮ ਦੇ ਡਿਪਟੀ ਮੇਅਰ ਹਰਪਾਲ ਸਿੰਘ ਚੰਨਾ, ਜਿਲ੍ਹਾ ਟਰੇਡਰਜ਼ ਕਮਿਸ਼ਨ ਦੇ ਵਾਈਸ ਚੇਅਰਮੈਨ ਤਰਲੋਚਨ ਸਿੰਘ ਬੈਦਵਾਣ, ਦਰਸ਼ਨ ਸਿੰਘ, ਮਨਦੀਪ ਸਿੰਘ ਅਤੇ ਹੋਰਨਾਂ ਪਤਵੰਤਿਆਂ ਵਲੋਂ ਮਲਕੀਤ ਸਿੰਘ ਬੈਦਵਾਣ ਨੂੰ ਸਿਰੋਪਾਓ ਪਾ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।

# ਮੁਹਾਲੀ ਦੇ ਫੇਜ਼-1 ਵਿੱਚ ਪੁੱਟੀ ਸੜਕ ਤੇ ਸਮਾਨ ਨਾਲ ਭਰਿਆ ਟਰੱਕ ਫਸਿਆ, ਵੱਡਾ ਹਾਦਸਾ ਟਲਿਆ

**ਐਸ ਏ ਐਸ ਨਗਰ, 17 ਅਕਤੂਬਰ (ਪੈ.ਗਾਮ-ਏ-ਜਗਤ)**

ਮੁਹਾਲੀ ਦੇ ਫੇਜ਼-1 ਵਿੱਚ ਡਿਪਲਾਸਟ ਚੌਂਕ ਤੋਂ ਫ੍ਰੈਂਕੋ ਲਾਈਟਾਂ ਤੱਕ ਸੜਕ ਦੀ ਕਾਰਪੇਟਿੰਗ ਦੇ ਕੰਮ ਲਈ ਲਿਆਂਦੇ ਸਮਾਨ ਨਾਲ ਭਰਿਆ ਟਰੱਕ ਸੜਕ ਵਿੱਚ ਫਸ ਗਿਆ। ਇਸ ਘਟਨਾ ਦੌਰਾਨ ਇੱਕ ਵੱਡਾ ਹਾਦਸਾ ਹੋਣੋਂ ਟਲ ਗਿਆ।

- **ਨਗਰ ਨਿਗਮ ਦੀ ਨਾਕਸ ਕਾਰਗੁਜਾਰੀ ਆਈ ਸਾਮ੍ਹਣੇ : ਅਤੁਲ ਸ਼ਰਮਾ**



ਘਟਨਾ ਤੋਂ ਬਾਅਦ ਭਾਜਪਾ ਦੇ ਸੂਬਾ ਕੋਆਪਰੇਟਿਵ ਸੈਲ ਦੇ ਕਨਵੀਨਰ ਅਤੁਲ ਸ਼ਰਮਾ ਨੇ ਮੌਕੇ ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ। ਸੜਕ ਦੀ ਮਾੜੀ ਹਾਲਤ ਅਤੇ ਸਬੰਧਤ ਵਿਭਾਗਾਂ ਦੀ ਕਾਰਗੁਜ਼ਾਰੀ ਤੇ ਸਵਾਲ ਕਰਦਿਆਂ ਉਹਨਾਂ ਕਿਹਾ ਕਿ ਇਸ ਘਟਨਾ ਨਾਲ ਨਗਰ ਨਿਗਮ ਦੀ ਨਾਕਸ ਕਾਰਗੁਜਾਰੀ ਸਾਮ੍ਹਣੇ ਆ ਗਈ ਹੈ। ਉਹਨਾਂ ਦੱਸਿਆ ਕਿ ਇਸ ਸੜਕ ਨੂੰ ਕੁਝ ਮਹੀਨੇ ਪਹਿਲਾਂ ਪਬਲਿਕ ਹੈਲਥ ਵਿਭਾਗ ਵੱਲੋਂ ਪਾਈਪਲਾਈਨ ਵਿਛਾਉਣ ਲਈ ਪੁੱਟਿਆ ਗਿਆ ਸੀ। ਪਰ ਸੜਕ ਦੀ ਢੁੱਕਵੀਂ ਮੁਰੰਮਤ ਅਤੇ ਬਹਾਲੀ ਨਾ ਹੋਣ ਕਾਰਨ ਇੱਥੇ ਆਵਾਜਾਈ ਲਈ ਖ਼ਤਰਾ ਬਣਿਆ ਹੋਇਆ ਹੈ। ਸੜਕ ਦੀ ਕਾਰਪੇਟਿੰਗ ਲਈ ਪਹੁੰਚਿਆ ਟਰੱਕ ਫਸਣ ਦੀ ਘਟਨਾ ਨੇ ਇਸ ਸਮੱਸਿਆ ਨੂੰ ਹੋਰ ਉਜਾਗਰ ਕਰ ਦਿੱਤਾ ਹੈ। ਉਹਨਾਂ ਕਿਹਾ ਇਸ ਘਟਨਾ ਨੇ ਲੋਕਾਂ ਦੇ ਮਿਹਨਤ ਨਾਲ ਕਮਾਏ ਪੈਸੇ (ਜੋ ਟੈਕਸਾਂ ਰਾਹੀਂ ਸਰਕਾਰੀ ਖ਼ਜ਼ਾਨੇ ਵਿੱਚ ਜਮ੍ਹਾਂ ਹੁੰਦੇ ਹਨ) ਦੀ ਵਰਤੋਂ ਤੇ ਵੀ ਸਵਾਲ ਖੜ੍ਹੇ ਕੀਤੇ ਹਨ। ਪਾਈਪਲਾਈਨ ਵਿਛਾਉਣ ਤੋਂ ਬਾਅਦ ਸੜਕ ਦੀ ਸਹੀ ਬਹਾਲੀ ਨਾ ਹੋਣ ਅਤੇ ਮੁੜ ਮੁਰੰਮਤ ਦੀ ਲੋੜ ਪੈਣ ਨਾਲ ਸਰਕਾਰੀ ਖ਼ਰਚ ਵਧਣ ਦੇ ਨਾਲ-ਨਾਲ ਆਮ ਲੋਕਾਂ ਨੂੰ ਵੀ ਪ੍ਰੇਸ਼ਾਨੀ ਝੱਲਣੀ ਪੈਂਦੀ ਹੈ।

ਉਹਨਾਂ ਮੰਗ ਕੀਤੀ ਕਿ ਸੜਕ ਦੀ ਤੁਰੰਤ ਜਾਂਚ ਕਰਕੇ ਇਸ ਦੀ ਢੁੱਕਵੀਂ ਮੁਰੰਮਤ ਕਰਵਾਈ ਜਾਵੇ ਅਤੇ ਜਿੱਥੇ ਵੀ ਲਾਪਰਵਾਹੀ ਸਾਹਮਣੇ ਆਉਂਦੀ ਹੈ, ਉੱਥੇ ਜਵਾਬਦੇਹੀ ਤੈਅ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਵਿਭਾਗਾਂ ਵਿਚਕਾਰ ਤਾਲਮੇਲ, ਜ਼ਿੰਮੇਵਾਰੀ ਅਤੇ ਲੋਕਾਂ ਦੀ ਸੁਰੱਖਿਆ ਨੂੰ ਪਹਿਲ ਦਿੱਤੀ ਜਾਣੀ ਚਾਹੀਦੀ ਹੈ।

# ਪੰਜਾਬ ਵਿੱਚ ਨਸ਼ਿਆਂ ਦੇ ਖ਼ਾਤਮੇ, ਕਾਨੂੰਨ ਵਿਵਸਥਾ ਦੀ ਮਜ਼ਬੂਤੀ ਅਤੇ ਵਿਕਾਸ ਲਈ ਭਾਜਪਾ ਸਰਕਾਰ ਸਮੇਂ ਦੀ ਲੋੜ: ਸੁਖਵਿੰਦਰ ਸਿੰਘ ਗੋਲਡੀ

**ਐਸ ਏ ਐਸ ਨਗਰ, 17 ਅਕਤੂਬਰ (ਪੈ.ਗਾਮ-ਏ-ਜਗਤ)**

ਭਾਜਪਾ ਪੰਜਾਬ ਦੇ ਸਹਿ ਖਜਾਂਚੀ ਸੁਖਵਿੰਦਰ ਸਿੰਘ ਗੋਲਡੀ ਨੇ ਕਿਹਾ ਹੈ ਕਿ ਪੰਜਾਬ ਵਿੱਚ ਨਸ਼ਿਆਂ ਦੇ ਖ਼ਾਤਮੇ, ਕਾਨੂੰਨ ਵਿਵਸਥਾ ਦੀ ਮਜ਼ਬੂਤੀ ਅਤੇ ਵਿਕਾਸ ਲਈ ਭਾਜਪਾ ਸਰਕਾਰ ਸਮੇਂ ਦੀ ਲੋੜ ਹੈ ਉਹਨਾਂ ਕਿਹਾ ਕਿ ਪੰਜਾਬ ਅੱਜ ਨਸ਼ਿਆਂ ਦੀ ਸਮੱਸਿਆ, ਕਾਨੂੰਨ ਵਿਵਸਥਾ, ਬੇਰੁਜ਼ਗਾਰੀ ਅਤੇ ਵਿਕਾਸ ਨਾਲ ਜੁੜੀਆਂ ਕਈ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ ਅਤੇ ਪੰਜਾਬ ਦੇ ਲੋਕ ਆਪਣੇ ਸੂਬੇ ਦਾ ਸੁਨਹਿਰੀ ਭਵਿੱਖ ਦੇਖਣਾ ਚਾਹੁੰਦੇ ਹਨ।

ਉਹਨਾਂ ਕਿਹਾ ਕਿ ਲੋਕਾਂ ਨੂੰ ਪੰਜਾਬ ਵਿੱਚ ਅਜਿਹੀ ਸਰਕਾਰ ਚਾਹੀਦੀ ਹੈ ਜੋ ਨਸ਼ਿਆਂ ਦੇ ਖ਼ਾਤਮੇ ਲਈ ਠੋਸ ਕਦਮ ਚੁੱਕੇ, ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕਰੇ, ਨੌਜਵਾਨਾਂ ਨੂੰ ਰੁਜ਼ਗਾਰ ਦੇਵੇ ਅਤੇ ਸੂਬੇ ਨੂੰ ਮੁੜ ਤਰੱਕੀ ਦੀਆਂ ਲੀਹਾਂ ਤੇ ਲੈ ਕੇ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਦੀ ਸਭ ਤੋਂ ਵੱਡੀ ਚਿੰਤਾ ਨਸ਼ਿਆਂ ਦੀ ਸਮੱਸਿਆ ਹੈ। ਨਸ਼ਿਆਂ ਨੇ ਅਨੇਕਾਂ ਪਰਿਵਾਰਾਂ ਨੂੰ ਪ੍ਰਭਾਵਿਤ ਕੀਤਾ ਹੈ ਅਤੇ ਨੌਜਵਾਨਾਂ ਦੇ ਭਵਿੱਖ ਤੇ ਸਵਾਲ ਖੜ੍ਹੇ ਕੀਤੇ ਹਨ। ਨਸ਼ਾ ਤਸਕਰੀ ਨੂੰ ਰੋਕਣ, ਨਸ਼ਾ ਵੇਚਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕਰਨ, ਨਸ਼ੇ ਦੀ ਲਤ ਨਾਲ ਜੂਝ ਰਹੇ ਨੌਜਵਾਨਾਂ ਦੇ ਇਲਾਜ ਅਤੇ ਮੁੜ ਵਸੇਬੇ ਲਈ ਪ੍ਰਭਾਵਸ਼ਾਲੀ ਪ੍ਰਬੰਧ ਕਰਨ ਦੀ ਲੋੜ ਹੈ। ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾ ਕੇ ਸਿੱਖਿਆ, ਖੇਡਾਂ, ਹੁਨਰ ਵਿਕਾਸ ਅਤੇ ਰੁਜ਼ਗਾਰ ਨਾਲ ਜੋੜਨਾ ਸਮੇਂ ਦੀ ਮੁੱਖ ਮੰਗ ਹੈ।

ਸ੍ਰ. ਗੋਲਡੀ ਨੇ ਕਿਹਾ ਕਿ ਕਾਨੂੰਨ ਵਿਵਸਥਾ ਕਿਸੇ ਵੀ ਸੂਬੇ ਦੀ ਤਰੱਕੀ ਦੀ ਨੀਂਹ ਹੁੰਦੀ ਹੈ। ਪੰਜਾਬ ਦੇ ਲੋਕਾਂ ਨੂੰ ਸੁਰੱਖਿਅਤ ਮਾਹੌਲ ਮਿਲਣਾ ਚਾਹੀਦਾ ਹੈ, ਵਪਾਰੀਆਂ ਅਤੇ ਕਾਰੋਬਾਰੀਆਂ ਵਿੱਚ ਸੁਰੱਖਿਆ ਦੀ ਭਾਵਨਾ ਹੋਣੀ ਚਾਹੀਦੀ ਹੈ ਅਤੇ ਆਮ ਨਾਗਰਿਕ ਬਿਨਾਂ ਕਿਸੇ ਡਰ ਦੇ ਆਪਣਾ ਜੀਵਨ ਬਤੀਤ ਕਰ ਸਕਣ। ਅਮਨ-ਸ਼ਾਂਤੀ ਅਤੇ ਕਾਨੂੰਨ ਦਾ ਰਾਜ ਕਾਇਮ ਰੱਖਣਾ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਨਵੇਂ ਉਦਯੋਗਾਂ ਨੂੰ ਉਤਸ਼ਾਹਿਤ ਕਰਨਾ, ਨਿਵੇਸ਼ ਵਧਾਉਣਾ, ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨਾ ਅਤੇ ਕਿਸਾਨਾਂ ਦੀ ਆਮਦਨ ਤੇ ਖੁਸ਼ਹਾਲੀ ਲਈ ਪ੍ਰਭਾਵਸ਼ਾਲੀ ਉਪਰਾਲੇ ਕਰਨਾ ਬਹੁਤ ਜ਼ਰੂਰੀ ਹੈ।

ਇਸ ਦੇ ਨਾਲ ਹੀ ਸਿੱਖਿਆ ਅਤੇ ਸਿਹਤ ਸੇਵਾਵਾਂ ਵਿੱਚ ਸੁਧਾਰ, ਪਿੰਡਾਂ ਅਤੇ ਸ਼ਹਿਰਾਂ ਦੇ ਬੁਨਿਆਦੀ ਢਾਂਚੇ ਦਾ ਵਿਕਾਸ ਅਤੇ ਲੋਕਾਂ ਨੂੰ ਸਰਕਾਰੀ ਸਹੂਲਤਾਂ ਦਾ ਲਾਭ ਪਾਰਦਰਸ਼ੀ ਢੰਗ ਨਾਲ ਪਹੁੰਚਾਉਣਾ ਵੀ ਜਰੂਰੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰ ਵਿਚਕਾਰ ਬਿਹਤਰ ਤਾਲਮੇਲ ਨਾਲ ਵਿਕਾਸ ਪ੍ਰੋਜੈਕਟਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਦੇ ਮੌਕੇ ਮਿਲ ਸਕਦੇ ਹਨ।

# ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਉਤਸ਼ਾਹ ਪੂਰਵਕ ਮਨਾਇਆ ਗਿਆ ਬਾਬਾ ਬੁੱਢਾ ਜੀ ਦਾ ਜਨਮ ਦਿਹਾੜਾ

**ਐਸ ਏ ਐਸ ਨਗਰ, 17 ਅਕਤੂਬਰ (ਪੈ.ਗਾਮ-ਏ-ਜਗਤ)**



ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਸਿੱਖ ਪੰਥ ਦੀ ਮਹਾਨ ਸਖਸ਼ੀਅਤ ਅਤੇ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਪਹਿਲੇ ਮੁੱਖ ਗ੍ਰੰਥੀ ਬਾਬਾ ਬੁੱਢਾ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਅਤੇ ਉਤਸ਼ਾਹ ਪੂਰਵਕ ਮਨਾਇਆ ਗਿਆ। ਜਨਮ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ ਸ੍ਰੀ ਸਹਿਜ ਪਾਠ ਦੇ ਭੋਗ ਉਪਰੰਤ ਸਾਰਾ ਦਿਨ ਵਿਸ਼ੇਸ਼ ਗੁਮਰਤਿ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਗੁਰਮਤਿ ਸਮਾਗਮ ਵਿੱਚ ਬੀਬੀ ਰਾਜਵੰਤ ਕੌਰ ਸ੍ਰੀ ਫਤਿਹਗੜ੍ਹ ਸਾਹਿਬ ਵਾਲਿਆਂ ਦੇ ਇੰਨਟਰਨੈਸ਼ਨਲ ਢਾਡੀ ਜੱਥੇ ਨੇ ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਦਾ ਜੀਵਨ ਬ੍ਰਿਤਾਂਤ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਸੁਣਾਇਆ। ਉਨ੍ਹਾਂ ਦੱਸਿਆ ਕਿ ਬਾਬਾ ਬੁੱਢਾ ਜੀ ਨੂੰ 5 ਗੁਰੂ ਸਾਹਿਬਾਨਾਂ ਨੂੰ ਗੁਰਿਆਈ ਦਾ ਤਿਲਕ ਲਗਾਉਣ ਦਾ ਮਾਣ ਹਾਸਲ ਹੈ। ਭਾਈ ਧਰਮ ਸਿੰਘ ਮਾਹੀ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਭਾਈ ਗੁਰਪ੍ਰੀਤ ਸਿੰਘ ਪ੍ਰਚਾਰਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧ ਕਮੇਟੀ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਪ੍ਰਵਚਣਾਂ ਰਾਹੀਂ ਦਸਿੱਆ ਕਿ ਬਾਬਾ ਬੁੱਢਾ ਜੀ ਨੇ ਮਾਤਾ ਗੰਗਾ ਜੀ ਨੂੰ ਪ੍ਰਤਾਪੀ ਪੁੱਤਰ ਹੋਣ ਦਾ ਵਰ ਦਿੱਤਾ ਅਤੇ ਲੰਗਰ ਛਕਦਿਆਂ ਹੋਇਆ ਗੰਢਾ ਭੰਨਦੇ ਹੋਏ ਬਚਨ ਕੀਤੇ ਕਿ ਜਿਵੇਂ ਇਹ ਗੰਢਾ ਭੰਨਿਆ ਹੈ, ਉਸੇ ਤਰ੍ਹਾਂ ਆਪ ਜੀ ਦਾ ਪੁੱਤਰ ਦੁਸ਼ਮਣਾਂ ਦੇ ਸਿਰ ਭੰਨੇਗਾ। ਉਹਨਾਂ ਦੇ ਬਚਨਾਂ ਅਨੁਸਾਰ ਮਾਤਾ ਗੰਗਾ ਜੀ ਦੀ ਕੁੱਖੋਂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਜਨਮ ਹੋਇਆ।

ਇਸ ਤੋਂ ਇਲਾਵਾ ਭਾਈ ਰਵਿੰਦਰ ਸਿੰਘ, ਸ਼ੇਰ ਏ ਪੰਜਾਬ ਕਵੀਸ਼ਰੀ ਜੱਥਾ, ਭਾਈ ਹਰਮਨਜੀਤ ਸਿੰਘ, ਭਾਈ ਸਰੂਪ ਸਿੰਘ, ਭਾਈ ਮਹਿੰਦਰਪਾਲ ਸਿੰਘ, ਬੀਬੀ ਹਰਜਿੰਦਰ ਕੌਰ ਜੀ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਨਿਤਿੰਨ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਸੰਦੀਪ ਸਿੰਘ ਅਤੇ ਭਾਈ ਸੁਖਵਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ। ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਜਨਮ ਦਿਹਾੜੇ ਦੀ ਖੁਸ਼ੀ ਵਿੱਚ ਦਰਬਾਰ ਸਾਹਿਬ ਜੀ ਦੀ ਅੰਦਰੋਂ ਫੁੱਲਾਂ ਨਾਲ ਵਿਸ਼ੇਸ਼ ਸਜਾਵਟ ਕੀਤੀ ਗਈ ਸੀ। ਇਸ ਮੌਕੇ ਤੇ ਸੰਗਤਾਂ ਨੇ ਇਸ ਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਗੁਰੂ ਕਾ ਲੰਗਰ ਸੰਗਤਾਂ ਨੂੰ ਅਤੁੱਟ ਵਰਤਾਇਆ ਗਿਆ।

# ਨਸ਼ਿਆਂ ਦੀ ਮਾਰ ਹੇਠ ਹੈ ਪੰਜਾਬ ਦੀ ਨੌਜਵਾਨ ਪੀੜ੍ਹੀ : ਪਰਮਿੰਦਰ ਕੌਰ ਛੀਨਾ

**ਐਸ ਏ ਐਸ ਨਗਰ, 17 ਅਕਤੂਬਰ (ਪੈ.ਗਾਮ-ਏ-ਜਗਤ)**




ਆਲ ਇੰਡੀਆ ਕਾਂਗਰਸ ਕਮੇਟੀ ਦੀ ਜਨਰਲ ਸਕੱਤਰ ਅਤੇ ਮਹਿਲਾ ਕਮਿਸ਼ਨ ਪੰਜਾਬ ਦੀ ਸਾਬਕਾ ਚੇਅਰਪਰਸਨ ਪਰਮਿੰਦਰ ਕੌਰ ਛੀਨਾ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਪਰਵਿੰਦਰ ਸਿੰਘ ਝੋਟਾ ਨੂੰ ਮੋਮਬੱਤੀਆਂ ਜਗਾ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਪਰਮਿੰਦਰ ਕੌਰ ਛੀਨਾ ਨੇ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨਸ਼ਿਆਂ ਦੀ ਮਾਰ ਝੱਲ ਰਹੀ ਹੈ ਅਤੇ ਨਸ਼ਾ ਤਸਕਰੀ ਤੇ ਨਸ਼ਾ ਮਾਫੀਆ ਵਿਰੁੱਧ ਸਖ਼ਤ ਕਾਰਵਾਈ ਕਰਨਾ ਸਮੇਂ ਦੀ ਮੁੱਖ ਲੋੜ ਹੈ।

- **ਪਰਵਿੰਦਰ ਸਿੰਘ ਨੂੰ ਝੋਟਾ ਨੂੰਮੋਮਬੱਤੀਆਂ ਜਗਾ ਕੇ ਸ਼ਰਧਾਂਜਲੀ ਭੇਂਟ ਕੀਤੀ**

ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਨਸ਼ਿਆਂ ਦੇ ਮੁੱਦੇ ਤੇ ਆਪਣੇ ਵਾਅਦਿਆਂ ਦਾ ਜਵਾਬ ਦੇਣਾ ਚਾਹੀਦਾ ਹੈ। ਪੰਜਾਬ ਨੂੰ ਸਿਰਫ਼ ਨਾਅਰੇ ਨਹੀਂ, ਸਗੋਂ ਠੋਸ ਕਾਰਵਾਈ ਅਤੇ ਜਵਾਬਦੇਹੀ ਚਾਹੀਦੀ ਹੈ। ਇਸ ਮੌਕੇ ਉਹਨਾਂ ਐਸ ਆਈ ਆਰ ਅਤੇ ਗਿਆਨੇਸ਼ ਕੁਮਾਰ ਦੇ ਮੁੱਦੇ ਤੇ ਵੀ ਗੱਲ ਕੀਤੀ ਅਤੇ ਕਿਹਾ ਕਿ ਚੋਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ, ਨਿਰਪੱਖਤਾ ਅਤੇ ਜਵਾਬਦੇਹੀ ਸਭਤੋਂ ਜਰੂਰੀ ਹੈ। ਉਹਨਾਂ ਕਿਹਾ ਕਿ ਦੇਸ਼ ਵਾਸੀਆਂ ਦਾ ਲੋਕਤੰਤਰ ਵਿੱਚ ਭਰੋਸਾ ਬਹਲ ਰੱਖਣ ਲਈ ਐਸ ਆਈ ਆਰ ਦੀ ਪ੍ਰਕਿਆ ਨੂੰ ਰੱਦ ਕਰਕੇ ਪੁਰਾਣੀਆਂ ਵੋਟਰ ਸੂਚੀਆਂ ਦੇ ਆਧਾਰ ਤੇ ਚੋਣ ਕਰਵਾਈ ਜਾਣੀ ਚਾਹੀਦੀ ਹੈ।

# ਅੱਜ ਗੁਰਦੁਆਰਾ ਸਾਹਿਬ ਲਾਂਡਰਾਂ ਵਿਖੇ ਲਗੇਗਾ ਮੁ.ਫਤ ਮੈਡੀਕਲ ਕੈਂਪ

**ਐਸ ਏ ਐਸ ਨਗਰ, 17 ਅਕਤੂਬਰ (ਪੈ.ਗਾਮ-ਏ-ਜਗਤ)**



ਸਾਬਕਾ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਨੇ ਕਿਹਾ ਹੈ ਕਿ ਲੋਕਾਂ ਦੀ ਸਿਹਤ ਸਭ ਤੋਂ ਵੱਧ ਅਹਿਮ ਹੈ ਅਤੇ ਇਸ ਵਾਸਤੇ ਇਲਾਕੇ ਦੇ ਵੱਖ-ਵੱਖ ਪਿੰਡਾਂ ਵਿੱਚ ਲਗਾਤਾਰ ਮੁਫ਼ਤ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ। ਉਹਨਾਂ ਦੱਸਿਆ ਕਿ ਇਸ ਲੜੀ ਤਹਿਤ ਮੁਹਾਲੀ ਫਰਸਟ ਫਾਊਂਡੇਸ਼ਨ ਅਤੇ ਹੈਡਨ ਕਲੀਨਿਕਸ ਦੇ ਸਹਿਯੋਗ ਨਾਲ ਅਗਲਾ ਮੁਫ਼ਤ ਮੈਡੀਕਲ ਕੈਂਪ 18 ਅਕਤੂਬਰ, ਐਤਵਾਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਗੁਰਦੁਆਰਾ ਸਾਹਿਬ, ਲਾਂਡਰਾਂ ਵਿਖੇ ਲਗਾਇਆ ਜਾ ਰਿਹਾ ਹੈ। ਕੈਂਪ ਦੌਰਾਨ ਮਾਹਿਰ ਡਾਕਟਰਾਂ ਵੱਲੋਂ ਲੋਕਾਂ ਦੀ ਮੁਫ਼ਤ ਸਿਹਤ ਜਾਂਚ ਕੀਤੀ ਜਾਵੇਗੀ ਅਤੇ ਨਾਲ ਹੀ ਲੋੜ ਅਨੁਸਾਰ ਮੁਫ਼ਤ ਦਵਾਈਆਂ ਵੀ ਦਿੱਤੀਆਂ ਜਾਣਗੀਆਂ। ਇਸ ਦਾ ਮੁੱਖ ਮਕਸਦ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਹੈ, ਤਾਂ ਜੋ ਕੋਈ ਵੀ ਵਿਅਕਤੀ ਸਿਹਤ ਜਾਂਚ ਤੋਂ ਵਾਂਝਾ ਨਾ ਰਹੇ।

# ਆਭਾ ਬਾਂਸਲ ਵੱਲੋਂ ਅਲਕਾ ਗੁਰਜਰ ਨਾਲ ਮੁਲਾਕਾਤ

**ਐਸ ਏ ਐਸ ਨਗਰ, 17 ਅਕਤੂਬਰ (ਪੈ.ਗਾਮ-ਏ-ਜਗਤ)**



ਭਾਜਪਾ ਮਹਿਲਾ ਮੋਰਚਾ ਪੰਜਾਬ ਦੀ ਮੀਤ ਪ੍ਰਧਾਨ ਆਭਾ ਬਾਂਸਲ ਵੱਲੋਂ ਰਾਜ ਸਭਾ ਮੈਂਬਰ ਅਤੇ ਭਾਜਪਾ ਪੰਜਾਬ ਦੀ ਸਹਿ-ਪ੍ਰਭਾਰੀ ਸ੍ਰੀਮਤੀ ਅਲਕਾ ਗੁਰਜਰ ਦਾ ਭਾਜਪਾ ਪੰਜਾਬ ਦਫ਼ਤਰ ਵਿਖੇ ਪਹੁੰਚਣ ਤੇ ਸਵਾਗਤ ਕੀਤਾ ਗਿਆ। ਇਸ ਮੌਕੇ ਦੋਵਾਂ ਆਗੂਆਂ ਵਿਚਕਾਰ ਸੰਗਠਨ ਦੀ ਮਜ਼ਬੂਤੀ ਅਤੇ ਪੰਜਾਬ ਨਾਲ ਜੁੜੇ ਅਹਿਮ ਮੁੱਦਿਆਂ ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਆਭਾ ਬਾਂਸਲ ਨੇ ਕਿਹਾ ਕਿ ਸ੍ਰੀਮਤੀ ਅਲਕਾ ਗੁਰਜਰ ਵਲੋਂ ਉਹਨਾਂ ਤੋਂ ਸੂਬੇ ਦੇ ਮੌਜੂਦਾ ਹਾਲਾਤ ਬਾਰੇ ਜਾਣਕਾਰੀ ਹਾਸਿਲ ਕੀਤੀ ਗਈ ਅਤੇ ਪਾਰਟੀ ਸੰਗਠਨ ਨੂੰ ਮਜ਼ਬੂਤ ਕਰਨ ਲਈ ਕੀਤੀ ਜਾਣ ਵਾਲੀ ਕਾਰਵਾਈ ਬਾਰੇ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਪਾਰਟੀ ਦੀਆਂ ਗਤੀਵਿਧੀਆਂ ਅਤੇ ਭਵਿੱਖ ਦੀ ਰਣਨੀਤੀ ਸਬੰਧੀ ਵੀ ਚਰਚਾ ਕੀਤੀ ਗਈ।

# ਪੰਜਾਬ ਅਤੇ ਯੂਟੀ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੀ ਮੁਹਾਲੀ ਯੂਨਿਟ ਦਾ ਗਠਨ ਕੀਤਾ

**ਐਸ ਏ ਐਸ ਨਗਰ, 17 ਅਕਤੂਬਰ (ਪੈ.ਗਾਮ-ਏ-ਜਗਤ)**

ਪੰਜਾਬ ਅਤੇ ਯੂ ਟੀ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਐਸ ਏ ਐਸ ਨਗਰ ਮੁਹਾਲੀ ਦੀ ਮੀਟਿੰਗ ਜਗਦੀਸ਼ ਸਿੰਘ ਸਰਾਓ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਮੁਹਾਲੀ ਨੂੰ ਯੂਨਿਟ ਦਾ ਗਠਨ ਕੀਤਾ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜਗਦੀਸ਼ ਸਿੰਘ ਸਰਾਓ ਨੇ ਦੱਸਿਆ ਕਿ ਮੀਟਿੰਗ ਦੌਰਾਨ ਜ਼ਿਲ੍ਹਾ ਪ੍ਰਧਾਨ ਦੀ ਮਨਜ਼ੂਰੀ ਨਾਲ ਜਨਰਲ ਸਕੱਤਰ ਬਾਬੂ ਸਿੰਘ ਪਮੌਰ ਵੱਲੋਂ ਮੀਟਿੰਗ ਦਾ ਏਜੰਡਾ ਪੇਸ਼ ਕੀਤਾ ਗਿਆ ਜਿਸ ਵਿਚ ਮੁਹਾਲੀ ਨੂੰ ਯੂਨਿਟ ਬਣਾਉਣ ਦੀ ਤਜਵੀਜ਼ ਪੇਸ਼ ਕੀਤੀ ਗਈ। ਇਸ ਮੌਕੇ ਕਿਹਾ ਗਿਆ ਕਿ ਜ਼ਿਲਾ ਮੁਹਾਲੀ ਅਧੀਨ ਪਹਿਲਾਂ ਖਰੜ, ਡੇਰਾਬੱਸੀ, ਮਾਜਰੀ ਬਲਾਕ ਅਤੇ ਚੰਡੀਗੜ੍ਹ ਯੂਨਿਟਾਂ ਚੱਲ ਰਹੀਆਂ ਹਨ ਅਤੇ ਮੁਹਾਲੀ ਵਿਖੇ ਪੈਨਸ਼ਨਰਾਂ ਦੀ ਗਿਣਤੀ ਵੱਧ ਹੋਣ ਕਾਰਨ ਮੁਹਾਲੀ ਯੂਨਿਟ ਦਾ ਗਠਨ ਕਰਨਾ ਬਹੁਤ ਜ਼ਰੂਰੀ ਹੈ ਤਾਂ ਕਿ ਹਰ ਇੱਕ ਪੈਨਸ਼ਨਰ ਆਪਣੀ ਤਕਲੀਫ਼ ਯੂਨਿਟ ਪ੍ਰਧਾਨ ਤੱਕ ਪਹੁਚਾਉਣ ਵਿੱਚ ਸਫ਼ਲ ਹੋ ਸਕੇ।

ਉਹਨਾਂ ਦੱਸਿਆ ਕਿ ਇਸ ਮਸਲੇ ਤੇ ਵਿਚਾਰ ਵਟਾਂਦਰਾ ਕਰਨ ਉਪਰੰਤ ਸਰਵ ਸੰਮਤੀ ਨਾਲ ਮਤਾ ਪਾਸ ਕਰਕੇ ਮੁਹਾਲੀ ਯੂਨਿਟ ਦਾ ਗਠਨ ਕੀਤਾ ਗਿਆ। ਇਸ ਮੌਕੇ ਸਰਵ ਸੰਮਤੀ ਨਾਲ ਕੀਤੀ ਚੋਣ ਵਿੱਚ ਸ੍ਰੀ ਹਰਦਿਆਲ ਚੰਦ ਬਡਬਰ ਨੂੰ ਪ੍ਰਧਾਨ, ਮਾਸਟਰ ਦਲੀਪ ਸਿੰਘ ਦੁਰਾਲੀ ਨੂੰ ਜਨਰਲ ਸਕੱਤਰ ਅਤੇ ਸ੍ਰੀ ਅਵਤਾਰ ਸਿੰਘ ਸਾਬਕਾ ਐਸ ਡੀ ਓ ਨੂੰ ਵਿੱਤ ਸਕੱਤਰ ਚੁਣਿਆ ਗਿਆ ਅਤੇ ਉਹਨਾਂ ਨੂੰ ਬਾਕੀ ਮੈਂਬਰ ਚੁਨਣ ਦੇ ਅਧਿਕਾਰ ਦਿੱਤੇ ਗਏ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮਲਾਗਰ ਸਿੰਘ, ਜਸਮੇਰ ਸਿੰਘ ਬਾਠ, ਉਜਾਗਰ ਸਿੰਘ, ਤਰਲੋਕ ਸਿੰਘ, ਦਰਸ਼ਨ ਸਿੰਘ, ਦਲਬੀਰ ਸਿੰਘ, ਭਗਵੰਤ ਸਿੰਘ ਗਿੱਲ, ਮੰਗਤ ਖਾਂ, ਲਾਭ ਸਿੰਘ, ਨਿਰੰਜਨ ਸਿੰਘ, ਬਲਬੀਰ ਸਿੰਘ ਆਦਿ ਸ਼ਾਮਲ ਸਨ।

# ਕੌਂਸਲਰ ਅਰਵਿੰਦਰ ਕੌਰ ਵਲੋਂ ਪਿੰਡ ਮਦਨਪੁਰਾ ਅਤੇ ਫੇਜ਼ 2 ਦੀ ਮਾਰਕੀਟ ਦਾ ਦੌਰਾ

**ਐਸ.ਏ.ਐਸ. ਨਗਰ, 17 ਅਕਤੂਬਰ (ਪੈ.ਗਾਮ-ਏ-ਜਗਤ)**

ਮੁਹਾਲੀ ਦੇ ਵਾਰਡ ਨੰਬਰ ਪੰਜ ਦੇ ਐਮਸੀ ਅਰਵਿੰਦਰ ਕੌਰ ਨੇ ਮਦਨਪੁਰਾ ਪਿੰਡ ਅਤੇ ਫੇਜ਼ 2 ਦੀ ਮਾਰਕੀਟ ਦਾ ਦੌਰਾ ਕੀਤਾ ਅਤੇ ਵਸਨੀਕਾਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਦੌਰਾਨ ਉਹਨਾਂ ਵਲੋਂ ਮਦਨਪੁਰਾ ਪਿੰਡ ਵਿੱਚ ਘਰੋਂ ਘਰੀ ਜਾ ਕੇ ਲੋਕਾਂ ਨੂੰ ਸਰਕਾਰ ਦੁਆਰਾ ਕੀਤੇ ਗਏ ਕੰਮਾਂ ਦੇ ਬਾਰੇ ਜਾਣਕਾਰੀ ਦਿੱਤੀ।

ਫੇਜ਼ 2 ਦੀ ਮਾਰਕੀਟ ਦੇ ਦੌਰੇ ਦੌਰਾਨ ਉਹਨਾਂ ਮਾਰਕੀਟ ਦੇ ਸਾਹਮਣੇ ਵਾਲੀ ਗਰੀਨ ਬੈਲਟ ਵਿੱਚ ਫੈਲੀ ਹੋਈ ਗੰਦਗੀ ਦਾ ਜਾਇਜ਼ਾ ਲਿਆ ਅਤੇ ਜਲਦ ਤੋਂ ਜਲਦ ਸਫਾਈ ਕਰਵਾਉਣ ਦਾ ਭਰੋਸਾ ਦਿੱਤਾ। ਉਹਨਾਂ ਕਿਹਾ ਕਿ ਗੰਦਗੀ ਦੇ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਉਹਨਾਂ ਦੁਕਾਨਦਾਰਾਂ ਅਤੇ ਵਸਨੀਕਾ ਨੂੰ ਗਰੀਨ ਬੈਲਟ ਦੇ ਅੰਦਰ ਕੂੜਾ ਨਾ ਸੁੱਟਣ ਅਤੇ ਸਾਫ ਸਫਾਈ ਦਾ ਧਿਆਨ ਰੱਖਣ ਦੀ ਅਪੀਲ ਕਰਦਿਆਂ ਕਿਹਾ ਕਿ ਪਬਲਿਕ ਨੂੰ ਵੀ ਪ੍ਰਸ਼ਾਸਨ ਦਾ ਸਾਥ ਦੇਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਉਹਨ ਵਲੋਂ ਸਮੇਂ ਸਮੇਂ ਤੇ ਇਸ ਵਾਰਡ ਦਾ ਦੌਰਾ ਕੀਤਾ ਜਾਵੇਗਾ ਅਤੇ ਵਸਨੀਕਾਂ ਦੀਆਂ ਸਮੱਸਿਆਵਾਂ ਨੂੰ ਸੁਣ ਕੇ ਉਹਨਾਂ ਨੂੰ ਹੱਲ ਕੀਤਾ ਜਾਵੇਗਾ।

# ਬਿਜਲੀ ਵਿਭਾਗ ਨੇ ਖਪਤਕਾਰ ਨੂੰ ਸਿਫਰ ਰੀਡਿੰਗ ਵਾਲੇ ਮੀਟਰ ਦਾ ਭੇਜਿਆ 5 ਲੱਖ 92 ਹਜ਼ਾਰ ਦਾ ਬਿਲ

**ਐਸ ਏ ਐਸ ਨਗਰ, 17 ਅਕਤੂਬਰ (ਪੈ.ਗਾਮ-ਏ-ਜਗਤ)**

ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਵਲੋਂ ਪਿੰਡ ਸੋਹਾਣਾ ਦੇ ਇੱਕ ਖਪਤਕਾਰ ਸੁੰਦਰ ਲਾਲ ਅਗਰਵਾਲ ਨੂੰ 2017 ਵਿੱਚ ਉਸਦੇ ਘਰ ਵਿੱਚ ਲਗਾਏ ਗਏ ਬਿਜਲੀ ਦੇ ਮੀਟਰ ਦੀ ਸਿਫਰ ਰੀਡਿੰਗ ਹੋਣ ਦੇ ਬਾਵਜੂਦ ਉਸਨੂੰ 5 ਲੱਖ 92 ਹਜਾਰ ਰੁਪਏ ਦਾ ਬਿਜਲੀ ਦਾ ਬਿਲ ਭੇਜਿਆ ਗਿਆ ਹੈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੁੰਦਰ ਲਾਲ ਅਗਰਵਾਲ ਨੇ ਦੱਸਿਆ ਕਿ ਪਿੰਡ ਸੋਹਾਣਾ ਵਿੱਚ ਉਹਨਾਂ ਦੀ ਪੁਰਾਣੀ ਹਵੇਲੀ ਵਿੱਚ ਬਿਜਲੀ ਦਾ ਜੱਦੀ ਕਨੈਕਸ਼ਨ ਨੰਬਰ 30001799204 ਚਲਦਾ ਸੀ। ਉਹਨਾਂ ਦੱਸਿਆ ਕਿ ਬਾਅਦ ਵਿੱਚ ਪਰਿਵਾਰ ਵਲੋਂ ਹਵੇਲੀ ਢਾਅ ਦਿੱਤੀ ਗਈ ਅਤੇ ਬਿਜਲੀ ਬਿਲ ਦਾ ਕੁੱਝ ਬਕਾਇਆ ਰਹਿਣ ਕਾਰਨ ਬਿਜਲੀ ਵਿਭਾਗ ਨਾਲ ਵਿਵਾਦ ਹੋ ਗਿਆ ਸੀ ਜਿਸਤੇ ਉਹਨਾਂ ਨੇ ਉਹ ਕਨੈਕਸ਼ਨ ਕਟਵਾ ਦਿੱਤਾ ਸੀ।

ਉਹਨਾਂ ਦੱਸਿਆ ਕਿ ਸਾਲ 2016 ਵਿੱਚ ਉਹਨਾਂ ਨੇ ਉੱਥੇ ਬਿਜਲੀ ਦੇ ਦੋ ਨਵੇਂ ਕਨੈਕਸ਼ਨ ਲਗਵਾਏ ਸੀ ਜਿਹਨਾਂ ਦੇ ਨੰਬਰ 3004542282 ਅਤੇ 3004740110 ਸਨ। ਉਹਨਾਂ ਦੱਸਿਆ ਕਿ ਇਸ ਦੌਰਾਨ ਬਿਜਲੀ ਵਿਭਾਗ ਨੇ ਜੱਦੀ ਕਨੈਕਸ਼ਨ ਦਾ ਬਕਾਇਆ ਉਹਨਾਂ ਦੇ ਨਵੇਂ ਕਨੈਕਸ਼ਨ (ਖਾਤਾ ਨੰਬਰ 3004542282) ਵਿੱਚ ਪਾ ਦਿੱਤਾ, ਜਿਸਦੇ ਖਿਲਾਫ ਉਹਨਾਂ ਵਲੋਂ ਪਟਿਆਲਾ ਵਿਖੇ ਅਪੀਲ ਦਾਇਰ ਕੀਤੀ ਗਈ ਅਤੇ ਉਸਦਾ ਫੈਸਲਾ ਉਹਨਾਂ ਦੇ ਹੱਕ ਵਿੱਚ ਹੋ ਗਿਆ।

ਉਹਨਾਂ ਕਿਹਾ ਕਿ ਬਾਅਦ ਵਿੱਚ ਵਿਭਾਗ ਵਲੋਂ ਲੋਕਪਾਲ ਵਿੱਚ ਪਾਈ ਅਪੀਲ ਦਾ ਫੈਸਲਾ ਉਹਨਾਂ ਦੇ ਖਿਲਾਫ ਹੋ ਗਿਆ ਅਤੇ ਉਹਨਾਂ ਵਲੋਂ 44 ਹਜਾਰ ਰੁਪਏ ਦੀ ਰਕਮ ਵਿਭਾਗ ਵਿੱਚ ਜਮ੍ਹਾਂ ਕਰਵਾ ਦਿੱਤੀ ਗਈ।

ਉਹਨਾਂ ਕਿਹਾ ਕਿ ਇਸ ਉਪਰੰਤ ਵਿਭਾਗ ਵਲੋਂ ਉਹਨਾਂ ਵੱਲ 36 ਹਾਜਾਰ ਦਾ ਹੋਰ ਬਕਾਇਆ ਕੱਢ ਦਿੱਤਾ ਗਿਆ। ਉਸਤੋਂ ਬਾਅਦ ਉਹਨਾਂ ਵਲੋਂ ਵਿਭਾਗ ਨੂੰ ਅਰਜੀ ਦਿੱਤੀ ਗਈ ਕਿ ਉਹ ਇਹ ਅਦਾਇਗੀ ਕਰਨ ਲਈ ਤਿਆਰ ਹਨ ਇਸ ਬਿਜਲੀ ਦੇ ਮੀਟਰ ਨੂੰ ਲਾਹ ਲਿਆ ਜਾਵੇ ਪਰੰਤੂ ਵਿਭਾਗ ਵਲੇ ਇਸਦੀ ਥਾਂ ਦੂਜਾ ਮੀਟਰ ਲਾਹ ਕੇ ਲੈ ਗਏ। ਦੁਬਾਰਾ ਸ਼ਿਕਾਇਤ ਕਰਨ ਤੇ ਇਸ ਮੀਟਰ ਤੋਂ ਅੱਗੇ ਘਰ ਤਕ ਸਪਲਾਈ ਹੋਣ ਵਾਲੀਆਂ ਤਾਰਾਂ ਕੱਢ ਦਿੱਤੀਆਂ ਗਈਆਂ ਅਤੇ ਇਸ ਮੀਟਰ ਤੋਂ ਸਪਲਾਈ ਵੀ ਬੰਦ ਹੋ ਗਈ।

ਉਹਨਾਂ ਕਿਹਾ ਕਿ ਹੁਣ ਬਿਜਲੀ ਵਿਭਾਗ ਵਲੋਂ ਉਹਨਾਂ ਨੂੰ ਇਸ ਮੀਟਰ ਦਾ 5 ਲੱਖ 92 ਹਜਾਰ ਰੁਪਏ ਦਾ ਬਿਲ ਭੇਜ ਦਿੱਤਾ ਗਿਆ ਹੈ ਜੋ ਸਰਾਸਰ ਗਲਤ ਹੈ।

ਉਹਨਾਂ ਕਿਹਾ ਕਿ ਉਸ ਤੋਂ ਬਾਅਦ ਤੋਂ ਉਹ ਕਈ ਵਾਰ ਵਿਭਾਗ ਵਿੱਚ ਸ਼ਿਕਾਇਤ ਦੇ ਚੁੱਕੇ ਹਨ ਕਿ ਜਦੋਂ ਇਸ ਮੀਟਰ ਵਿੱਚ ਸਪਲਾਈ ਹੀ ਨਹੀਂ ਆਉਣੀ ਤਾਂ ਇਸਨੂੰ ਇੱਥੋਂ ਹਟਾਇਆ ਜਾਵੇ ਪਰੰਤੂ ਬਿਜਲੀ ਵਿਭਾਗ ਇਸ ਮੀਟਰ ਨੂੰ ਪੁੱਟਣ ਤੋਂ ਵੀ ਇਨਕਾਰੀ ਹੈ ਅਤੇ ਹੁਣ ਉਹਨਾਂ ਨੂੰ ਲਗਭਗ 6 ਲੱਖ ਦਾ ਬਿਲ ਭੇਜਿਆ ਗਿਆ ਹੈ। ਉਹਨਾਂ ਕਿਹਾ ਕਿ ਜਦੋਂ ਪਿਛਲੇ 9 ਸਾਲਾਂ ਤੋਂ ਬਿਜਲੀ ਦੀ ਸਪਲਾਈ ਹੀ ਨਹੀਂ ਮਿਲ ਰਹੀ ਫਿਰ ਬਿਜਲੀ ਵਿਭਾਗ ਉਹਨਾਂ ਤੋਂ ਬਿਜਲੀ ਬਿਲ ਦੀ ਇੰਨੀ ਵੱਡੀ ਰਕਮ ਕਿਵੇਂ ਮੰਗ ਸਕਦਾ ਹੈ। ਉਹਨਾਂ ਕਿਹਾ ਕਿ ਉਹ ਅੱਜ ਵੀ ਆਪਣਾ 36 ਹਜਾਰ ਰੁਪਏ ਦਾ ਬਕਾਇਆ ਜਮਾਂ ਕਰਨ ਲਈ ਤਿਆਰ ਹਨ ਪਰੰਤੂ ਬਿਜਲੀ ਵਿਭਾਗ ਹੈ ਕਿ ਉਹਨਾਂ ਨਾਲ ਜਿਆਦਤੀ ਕਰ ਰਿਹਾ ਹੈ।